4-JULY-PAGE-1.qxd 7/3/2023 10:28 PM Page 1

ਮੰਗਲਵਾਰ, 4 ਜੁਲਾਈ, 2023
20 ਹਾੜ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 33

ਨਵਾਂ ਜ਼ਮਾਨਾ

DAILY NAWAN ZAMANA • TUESDAY, 4 JULY, 2023 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

ਵਿਰੋਧੀ ਪਾਰਟੀਆਂ ਦੀ ਮੀਟਿੰਗ 17-18 ਨੂੰ

ਨਵੀਂ ਦਿੱਲੀ : ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਭਾਰਤੀ ਜਨਤਾ ਪਾਰਟੀ ਖਿਲਾਫ ਵਿਰੋਧੀ ਧਿਰਾਂ 'ਚ ਏਕੇ ਲਈ ਪ੍ਰਮੁੱਖ ਵਿਰੋਧੀ ਪਾਰਟੀਆਂ ਦੀ ਅਗਲੀ ਮੀਟਿੰਗ 17 ਅਤੇ 18 ਜੁਲਾਈ ਨੂੰ ਬੇਂਗਲੂਰੂ 'ਚ ਹੋਵੇਗੀ। ਕਾਂਗਰਸ ਦੇ ਜਨਰਲ ਸਕੱਤਰ ਕੇ ਸੀ ਵੇਣੂਗੋਪਾਲ ਨੇ ਟਵੀਟ ਕੀਤਾ-ਪਟਨਾ 'ਚ ਵਿਰੋਧੀ ਧਿਰ ਦੀ ਸਫਲ ਬੈਠਕ ਤੋਂ ਬਾਅਦ ਅਸੀਂ 17 ਅਤੇ 18 ਜੁਲਾਈ ਨੂੰ ਬੇਂਗਲੂਰੂ 'ਚ ਅਗਲੀ ਬੈਠਕ ਕਰਾਂਗੇ। ਕਾਂਗਰਸ ਸਮੇਤ 15 ਤੋਂ ਵੱਧ ਵਿਰੋਧੀ ਪਾਰਟੀਆਂ ਨੇ 23 ਜੂਨ ਨੂੰ ਪਟਨਾ 'ਚ ਮੀਟਿੰਗ ਕੀਤੀ ਸੀ, ਜਿਸ 'ਚ ਉਨ੍ਹਾਂ ਭਾਜਪਾ ਖਿਲਾਫ ਇਕਜੁੱਟ ਹੋ ਕੇ ਚੋਣਾਂ ਲੜਨ ਅਤੇ ਅੱਗੇ ਵਧਣ ਦੀ ਵਚਨਬੱਧਤਾ ਪ੍ਰਗਟਾਈ ਸੀ।

ਪੁਰਸ਼ਾਂ ਦੀ ਗੱਲ ਬਣੀ ਨਹੀਂ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਘਰੇਲੂ ਹਿੰਸਾ ਦਾ ਸ਼ਿਕਾਰ ਵਿਆਹੁਤਾ ਪੁਰਸ਼ਾਂ ਵੱਲੋਂ ਖੁਦਕੁਸ਼ੀ ਦੀਆਂ ਘਟਨਾਵਾਂ ਨਾਲ ਨਜਿੱਠਣ ਲਈ ਦਿਸ਼ਾ-ਨਿਰਦੇਸ਼ ਤਿਆਰ ਕਰਨ ਤੇ ਉਨ੍ਹਾਂ ਦੇ ਹਿੱਤਾਂ ਦੀ ਰੱਖਿਆ ਲਈ ਪੁਰਸ਼ ਕੌਮੀ ਕਮਿਸ਼ਨ ਦੀ ਸਥਾਪਨਾ ਦੀ ਮੰਗ ਕਰਨ ਵਾਲੀ ਲੋਕਹਿਤ ਪਟੀਸ਼ਨ ਸੁਣਨ ਤੋਂ ਸੋਮਵਾਰ ਇਨਕਾਰ ਕਰ ਦਿੱਤਾ। ਜਸਟਿਸ ਸੂਰਿਆਕਾਂਤ ਅਤੇ ਜਸਟਿਸ ਦੀਪਾਂਕਰ ਦੱਤਾ ਦੀ ਬੈਂਚ ਨੇ ਕਿਹਾ-ਤੁਸੀਂ ਸਿਰਫ ਇਕਪਾਸੜ ਤਸਵੀਰ ਪੇਸ਼ ਕਰਨਾ ਚਾਹੁੰਦੇ ਹੋ। ਕੀ ਤੁਸੀਂ ਸਾਨੂੰ ਉਨ੍ਹਾਂ ਕੁੜੀਆਂ ਦਾ ਅੰਕੜਾ ਦੇ ਸਕਦੇ ਹੋ, ਜਿਨ੍ਹਾਂ ਨੇ ਵਿਆਹ ਤੋਂ ਤੁਰੰਤ ਬਾਅਦ ਆਪਣੀ ਜਾਨ ਗੁਆ ਦਿੱਤੀ? ਕੋਈ ਵੀ ਖੁਦਕੁਸ਼ੀ ਨਹੀਂ ਕਰਨਾ ਚਾਹੁੰਦਾ, ਇਹ ਵੱਖ-ਵੱਖ ਮਾਮਲਿਆਂ ਦੇ ਤੱਥਾਂ 'ਤੇ ਨਿਰਭਰ ਕਰਦਾ ਹੈ।

ਦੂਹਰੇ ਕਤਲ 'ਚ 3 ਗ੍ਰਿਫ਼ਤਾਰ

ਪਟਿਆਲਾ : ਆਪਣੀ ਮਾਂ ਅਤੇ ਭਰਾ ਨੂੰ ਮੌਤ ਦੇ ਘਾਟ ਉਤਾਰਨ ਵਾਲੇ ਕਥਿਤ ਤੌਰ 'ਤੇ ਨਸ਼ੇ ਦੇ ਆਦੀ ਗੁਰਵਿੰਦਰ ਸਿੰਘ ਗਿੰਦਾ ਨੂੰ ਸੋਮਵਾਰ ਪੁਲਸ ਨੇ ਉਸ ਦੇ ਦੋ ਸਾਥੀਆਂ ਰਜਿੰਦਰ ਸਿੰਘ ਰਾਜਾ ਤੇ ਰਣਜੀਤ ਸਿੰਘ ਰਾਣਾ ਸਮੇਤ ਕਾਬੂ ਕਰ ਲਿਆ। ਐੱਸ ਐੱਸ ਪੀ ਵਰੁਣ ਸ਼ਰਮਾ ਨੇ ਦੱਸਿਆ ਕਿ ਗਿੰਦਾ ਨੇ ਆਪਣੀ ਮਾਂ ਦੀ ਲਾਸ਼ ਦੇ ਟੁਕੜੇ ਕਰ ਕੇ ਘਰ ਵਿਚ ਸਾੜ ਦਿੱਤੇ ਸਨ, ਜਦਕਿ ਆਪਣੇ ਮਤਰੇਏ ਭਰਾ ਦੀ ਲਾਸ਼ ਨੂੰ ਡਰੇਨ 'ਚ ਸੁੱਟ ਦਿੱਤਾ ਸੀ।

ਮਨੀਪੁਰ ਸਰਕਾਰ ਤੋਂ ਰਿਪੋਰਟ ਤਲਬ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਸੋਮਵਾਰ ਮਨੀਪੁਰ ਸਰਕਾਰ ਨੂੰ ਨਸਲੀ ਹਿੰਸਾ ਪ੍ਰਭਾਵਤ ਰਾਜ 'ਚ ਮੁੜ ਵਸੇਬੇ ਨੂੰ ਯਕੀਨੀ ਬਣਾਉਣ ਅਤੇ ਕਾਨੂੰਨ ਵਿਵਸਥਾ ਦੀ ਸਥਿਤੀ 'ਚ ਸੁਧਾਰ ਲਈ ਚੁੱਕੇ ਕਦਮਾਂ ਦਾ ਵੇਰਵਾ ਦੇਣ ਲਈ ਪ੍ਰਗਤੀ ਰਿਪੋਰਟ ਪੇਸ਼ ਕਰਨ ਦਾ ਨਿਰਦੇਸ਼ ਦਿੱਤਾ। ਚੀਫ ਜਸਟਿਸ ਡੀ ਵਾਈ ਚੰਦਰਚੂੜ, ਜਸਟਿਸ ਪੀ ਐੱਸ ਨਰਸਿਮਹਾ ਅਤੇ ਜਸਟਿਸ ਮਨੋਜ ਮਿਸ਼ਰਾ ਦੀ ਬੈਂਚ ਨੇ ਇਸ ਮਾਮਲੇ ਨਾਲ ਸੰਬੰਧਤ ਪਟੀਸ਼ਨਾਂ 'ਤੇ ਸੁਣਵਾਈ 10 ਜੁਲਾਈ ਨੂੰ ਕਰਨ ਦਾ ਫੈਸਲਾ ਕੀਤਾ ਹੈ।

2000 ਦੇ ਨੋਟਾਂ ਬਾਰੇ ਪਟੀਸ਼ਨ ਰੱਦ

ਨਵੀਂ ਦਿੱਲੀ : ਦਿੱਲੀ ਹਾਈ ਕੋਰਟ ਦੇ ਚੀਫ ਜਸਟਿਸ ਸਤੀਸ਼ ਚੰਦਰ ਸ਼ਰਮਾ ਅਤੇ ਜਸਟਿਸ ਸੁਬਰਾਮਨੀਅਮ ਪ੍ਰਸਾਦ ਦੀ ਬੈਂਚ ਨੇ ਭਾਰਤੀ ਰਿਜ਼ਰਵ ਬੈਂਕ ਵੱਲੋਂ 2000 ਰੁਪਏ ਦੇ ਨੋਟਾਂ ਨੂੰ ਵਾਪਸ ਲੈਣ ਦੇ ਫੈਸਲੇ ਨੂੰ ਚੁਣੌਤੀ ਦੇਣ ਵਾਲੀ ਲੋਕਹਿਤ ਪਟੀਸ਼ਨ ਨੂੰ ਸੋਮਵਾਰ ਖਾਰਜ ਕਰ ਦਿੱਤਾ। ਪਟੀਸ਼ਨਰ ਰਜਨੀਸ਼ ਭਾਸਕਰ ਗੁਪਤਾ ਨੇ ਦਲੀਲ ਦਿੱਤੀ ਸੀ ਕਿ ਬੈਂਕ ਕੋਲ 2,000 ਰੁਪਏ ਦੇ ਨੋਟਾਂ ਨੂੰ ਵਾਪਸ ਲੈਣ ਦਾ ਕੋਈ ਅਧਿਕਾਰ ਨਹੀਂ ਹੈ ਅਤੇ ਇਸ ਬਾਰੇ ਸਿਰਫ ਕੇਂਦਰ ਸਰਕਾਰ ਹੀ ਫੈਸਲਾ ਲੈ ਸਕਦੀ ਹੈ।

ਅਨਿਲ ਅੰਬਾਨੀ ਦੀ ਪੇਸ਼ੀ

ਮੁੰਬਈ : ਰਿਲਾਇੰਸ ਏ ਡੀ ਏ ਗਰੁੱਪ ਦੇ ਚੇਅਰਮੈਨ ਅਨਿਲ ਅੰਬਾਨੀ ਵਿਦੇਸ਼ੀ ਮੁਦਰਾ ਪ੍ਰਬੰਧਨ ਐਕਟ (ਫੇਮਾ) ਦੀ ਕਥਿਤ ਉਲੰਘਣਾ ਦੀ ਜਾਂਚ ਦੇ ਸੰਬੰਧ 'ਚ ਸੋਮਵਾਰ ਇਥੇ ਐਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਦੇ ਸਾਹਮਣੇ ਪੇਸ਼ ਹੋਏ। 64 ਸਾਲਾ ਅੰਬਾਨੀ ਵਿਦੇਸ਼ੀ ਮੁਦਰਾ ਪ੍ਰਬੰਧਨ ਐਕਟ ਦੀਆਂ ਵੱਖ-ਵੱਖ ਧਾਰਾਵਾਂ ਦੇ ਤਹਿਤ ਦਰਜ ਕੀਤੇ ਮਾਮਲੇ 'ਚ ਆਪਣਾ ਬਿਆਨ ਦਰਜ ਕਰਵਾਉਣ ਲਈ ਏਜੰਸੀ ਦੇ ਬੈਲਾਰਡ ਅਸਟੇਟ ਖੇਤਰ ਦੇ ਦਫਤਰ 'ਚ ਪੇਸ਼ ਹੋਏ।

ਯੂ ਸੀ ਸੀ 'ਤੇ ਚਰਚਾ ਸ਼ੁਰੂ

ਨਵੀਂ ਦਿੱਲੀ : ਸਾਂਝੇ ਸਿਵਲ ਕੋਡ (ਯੂ ਸੀ ਸੀ) 'ਤੇ ਚਰਚਾ ਕਰਨ ਲਈ ਸੋਮਵਾਰ ਕਾਨੂੰਨ ਅਤੇ ਨਿਆਂ ਲਈ ਸੰਸਦੀ ਸਥਾਈ ਕਮੇਟੀ ਦੀ ਬੈਠਕ ਹੋਈ। ਇਸ ਤੋਂ ਪਹਿਲਾਂ ਕੇਂਦਰੀ ਵਣਜ ਅਤੇ ਉਦਯੋਗ ਮੰਤਰੀ ਪੀਯੂਸ਼ ਗੋਇਲ ਨੇ ਕਿਹਾ ਕਿ ਇਹ ਸਮੇਂ ਦੀ ਲੋੜ ਹੈ ਕਿ ਦੇਸ਼ ਦੇ ਸਾਰੇ ਲੋਕਾਂ ਲਈ ਇੱਕ ਕਾਨੂੰਨ ਬਣਾਇਆ ਜਾਵੇ ਅਤੇ ਸੁਪਰੀਮ ਕੋਰਟ ਨੇ ਵੀ ਆਪਣੇ ਕਈ ਫੈਸਲਿਆਂ 'ਚ ਇਸ ਦਾ ਸਮਰਥਨ ਕੀਤਾ ਹੈ। ਮੰਤਰੀ ਨੇ ਕਿਹਾ ਕਿ ਭਾਜਪਾ ਨੂੰ ਯੂ ਸੀ ਸੀ ਲਈ ਪੂਰਾ ਸਮਰਥਨ ਮਿਲੇਗਾ। ਪਾਰਟੀ ਕੋਲ ਰਾਜ ਸਭਾ 'ਚ ਵੀ ਪੂਰਨ ਬਹੁਮਤ ਹੈ।

ਅਸਤੀਫਾ ਨਹੀਂ ਦਿੱਤਾ : ਅਸ਼ਵਨੀ

ਜਲੰਧਰ : ਪੰਜਾਬ ਭਾਜਪਾ ਦੇ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਸੋਮਵਾਰ ਖੰਡਨ ਕੀਤਾ ਕਿ ਉਨ੍ਹਾ ਪ੍ਰਧਾਨਗੀ ਤੋਂ ਅਸਤੀਫਾ ਦੇ ਦਿੱਤਾ ਹੈ। ਉਨ੍ਹਾ ਟਵੀਟ ਕੀਤਾ-ਮੀਡੀਆ 'ਚ ਅਫਵਾਹਾਂ ਫੈਲਾਈਆਂ ਜਾ ਰਹੀਆਂ ਹਨ ਕਿ ਮੈਂ ਭਾਜਪਾ ਪ੍ਰਧਾਨ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਹੈ, ਮੈਂ ਅਜਿਹੀਆਂ ਅਫਵਾਹਾਂ ਦਾ ਖੰਡਨ ਕਰਦਾ ਹਾਂ। ਖਬਰਾਂ ਵਿਚ ਕਿਹਾ ਗਿਆ ਸੀ ਕਿ ਅਸ਼ਵਨੀ ਸ਼ਰਮਾ ਨੇ ਅਸਤੀਫਾ ਦੇ ਦਿੱਤਾ ਹੈ ਤੇ ਭਾਜਪਾ ਕਾਂਗਰਸ 'ਚੋਂ ਆਏ ਸੁਨੀਲ ਜਾਖੜ ਨੂੰ ਪ੍ਰਧਾਨ ਬਣਾਉਣ ਜਾ ਰਹੀ ਹੈ।

ਅਨਸਾਰੀ ਕੇਸ 'ਚ ਪੈਸਿਆਂ ਦੀ ਵਸੂਲੀ ਲਈ ਕੈਪਟਨ ਤੇ ਰੰਧਾਵਾ ਨੂੰ ਨੋਟਿਸ

ਦੋਨੋਂ ਅੱਧੇ-ਅੱਧੇ ਪੈਸੇ ਪਾ ਕੇ ਮਾਮਲਾ ਖਤਮ ਕਰਨ : ਕੰਗ

ਚੰਡੀਗੜ੍ਹ : ਮੁੱਖ ਮੰਤਰੀ ਭਗਵੰਤ ਮਾਨ ਨੇ ਗੈਂਗਸਟਰ ਮੁਖਤਾਰ ਅਨਸਾਰੀ ਨੂੰ ਪੰਜਾਬ ਦੀ ਜੇਲ੍ਹ 'ਚ ਰੱਖ ਕੇ ਖਰਚ ਕੀਤੇ ਗਏ 55 ਲੱਖ ਰੁਪਏ ਦੀ ਵਸੂਲੀ ਲਈ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਤੇ ਸਾਬਕਾ ਮੰਤਰੀ ਸੁਖਜਿੰਦਰ ਰੰਧਾਵਾ ਨੂੰ ਨੋਟਿਸ ਭੇਜ ਦਿੱਤਾ ਹੈ। ਇਹ ਜਾਣਕਾਰੀ ਮੁੱਖ ਮੰਤਰੀ ਨੇ ਖੁਦ ਸੋਮਵਾਰ ਟਵੀਟ ਕਰਕੇ ਦਿੱਤੀ। ਇਸ ਮਾਮਲੇ 'ਚ ਜਿਹੜੀ ਫਾਈਲ ਮੁੱਖ ਮੰਤਰੀ ਨੂੰ ਦਿਖਾਈ ਗਈ ਹੈ, ਉਸ ਦਾ ਸੰਬੰਧਤ ਹਿੱਸਾ ਭਗਵੰਤ ਮਾਨ ਨੇ ਸ਼ੇਅਰ ਕਰਦਿਆਂ ਅਗਲੀ ਕਾਰਵਾਈ ਦੇ ਸੰਕੇਤ ਦਿੱਤੇ ਹਨ।

ਇਸ ਤੋਂ ਪਹਿਲਾਂ ਸੀਨੀਅਰ ਕਾਂਗਰਸ ਆਗੂ ਸੁਖਜਿੰਦਰ ਸਿੰਘ ਰੰਧਾਵਾ ਨੇ ਕਿਹਾ ਸੀ ਕਿ ਉਹ ਕਿਰਦਾਰਕੁਸ਼ੀ ਲਈ ਮੁੱਖ ਮੰਤਰੀ ਭਗਵੰਤ ਮਾਨ ਖਿਲਾਫ ਮਾਣਹਾਨੀ ਦਾ ਕੇਸ ਦਾਇਰ ਕਰਨਗੇ। ਰੰਧਾਵਾ ਨੇ ਗੈਂਗਸਟਰ ਤੋਂ ਸਿਆਸਤਦਾਨ ਬਣੇ ਮੁਖਤਾਰ ਅਨਸਾਰੀ ਨੂੰ ਜੇਲ੍ਹ 'ਚ ਸਹੂਲਤਾਂ ਮੁਹੱਈਆ ਕਰਾਉਣ ਦਾ ਦੋਸ਼ ਲਾਉਣ ਲਈ ਮੁੱਖ ਮੰਤਰੀ ਦੀ ਆਲੋਚਨਾ ਕੀਤੀ ਸੀ ਤੇ ਨੋਟਿਸ ਮਿਲਣ 'ਤੇ ਜਵਾਬ ਦੇਣ ਦੀ ਗੱਲ ਕਹੀ ਸੀ।

ਆਮ ਆਦਮੀ ਪਾਰਟੀ ਨੇ ਰੰਧਾਵਾ ਦੇ ਚੈਲੰਜ ਨੂੰ ਕਬੂਲ ਕਰਦਿਆਂ ਰੰਧਾਵਾ ਨੂੰ ਦੋ ਘੰਟਿਆਂ ਵਿਚ ਨੋਟਿਸ ਭੇਜਣ ਦਾ ਐਲਾਨ ਕੀਤਾ ਸੀ। ਇਸ 'ਤੇ ਰੰਧਾਵਾ ਨੇ ਕਿਹਾ ਸੀ-ਮੈਂ ਢਾਈ ਘੰਟੇ ਵਾਲੀ ਲੇਟ ਟਿਕਟ ਕਰਵਾ ਲਈ ਹੈ, 'ਆਪ' ਭੇਜੋ ਨੋਟਿਸ, ਮੈਂ ਉਹਦਾ ਜਵਾਬ ਦੇਵਾਂਗਾ।

ਆਪ ਦੇ ਪੰਜਾਬ ਦੇ ਮੁੱਖ ਬੁਲਾਰੇ ਮਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਕਾਂਗਰਸੀ ਆਗੂ ਅਤੇ ਕੈਪਟਨ ਅਪਰਾਧੀਆਂ ਅਤੇ ਗੈਂਗਸਟਰਾਂ ਨੂੰ ਸਰਪ੍ਰਸਤੀ ਦਿੰਦੇ ਰਹੇ ਹਨ ਅਤੇ ਹੁਣ ਜਦੋਂ ਮੁੱਖ ਮੰਤਰੀ ਭਗਵੰਤ ਮਾਨ ਪੰਜਾਬ ਦੇ ਪੈਸੇ ਦੀ ਲੁੱਟ 'ਤੇ ਸਵਾਲ ਉਠਾ ਰਹੇ ਹਨ ਤਾਂ ਉਹ ਘਬਰਾ ਗਏ ਹਨ।

ਕੰਗ ਨੇ ਕਿਹਾ ਕਿ ਮੁਖਤਾਰ ਅਨਸਾਰੀ ਨੂੰ ਫਾਈਵ ਸਟਾਰ ਸਹੂਲਤਾਂ ਵਾਲੀ ਰੋਪੜ ਜੇਲ੍ਹ ਵਿੱਚ ਰੱਖਿਆ ਗਿਆ ਸੀ, ਉਸ ਨੂੰ ਵ੍ਹੀਲ ਚੇਅਰ 'ਤੇ ਮੁਹਾਲੀ ਅਦਾਲਤ ਵਿੱਚ ਪੇਸ਼ ਕੀਤਾ ਗਿਆ ਅਤੇ ਉਸ ਦੇ ਪਰਵਾਰ ਨੂੰ ਸਾਰੀਆਂ ਸਹੂਲਤਾਂ ਵਾਲੀ ਜੇਲ੍ਹ ਨੇੜੇ ਮਕਾਨ ਮੁਹੱਈਆ ਕਰਵਾਇਆ ਗਿਆ, ਪਰ ਅੱਜ ਉਸ ਵੇਲੇ ਦੇ ਜੇਲ੍ਹ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਕਹਿ ਰਹੇ ਹਨ ਕਿ ਉਨ੍ਹਾ ਦਾ ਇਸ ਸਭ ਨਾਲ ਕੋਈ ਲੈਣਾ-ਦੇਣਾ ਨਹੀਂ। ਰੰਧਾਵਾ ਅਤੇ ਕੈਪਟਨ ਅਮਰਿੰਦਰ ਨੂੰ ਸਾਢੇ 27-27 ਲੱਖ ਦਾ ਭੁਗਤਾਨ ਕਰਕੇ ਇਸ ਮਾਮਲੇ ਨੂੰ ਖਤਮ ਕਰਨਾ ਚਾਹੀਦਾ ਹੈ।

ਕੰਗ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਪੰਜਾਬ ਦੇ 'ਪਹਿਰੇਦਾਰ' ਹਨ ਅਤੇ ਇਸ ਦੇ ਖਜ਼ਾਨੇ ਦੇ ਰਖਵਾਲੇ ਹਨ, ਇਸ ਲਈ ਜਿਸ ਕਿਸੇ ਨੇ ਵੀ ਪੰਜਾਬ ਨਾਲ ਗਲਤ ਕੀਤਾ ਹੈ ਅਤੇ ਲੁੱਟਿਆ ਹੈ, ਉਸ ਨੂੰ ਜਵਾਬਦੇਹ ਬਣਾਇਆ ਜਾਵੇਗਾ। ਉਨ੍ਹਾ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਦਾਅਵਾ ਕਰ ਰਹੇ ਹਨ ਕਿ ਉਹ ਅਨਸਾਰੀ ਨੂੰ ਨਹੀਂ ਜਾਣਦੇ, ਹੋ ਸਕਦਾ ਹੈ ਕਿ ਉਹ ਇਸ ਬਾਰੇ ਪਹਿਲਾਂ ਆਪਣੇ ਪੁੱਤਰ ਰਣਇੰਦਰ ਸਿੰਘ ਨੂੰ ਪੁੱਛ ਲੈਣ। ਮੁੱਖ ਮੰਤਰੀ ਮਾਨ ਦੇ ਘੁੱਟ

● ਬਾਕੀ ਸਫ਼ਾ 2 'ਤੇ

ਮੋਦੀ ਦਾ ਜਾਦੂ ਟੁੱਟ ਗਿਐ : ਬੰਤ ਬਰਾੜ

ਪਟਨਾ ਮੀਟਿੰਗ 'ਚ ਆਪੋਜ਼ੀਸ਼ਨ ਏਕਤਾ ਦਾ ਝਲਕਾਰਾ

ਜਲੰਧਰ (ਗਿਆਨ ਸੈਦਪੁਰੀ)

'ਭਾਰਤ ਦੀ ਸਿਆਸਤ ਦੀ ਮੌਜੂਦਾ ਸਥਿਤੀ ਬੜੀ ਗੁੰਝਲਦਾਰ ਹੈ। ਭਾਜਪਾ ਇਸ ਸਥਿਤੀ ਨੂੰ ਆਪਣੇ ਹੱਕ ਵਿੱਚ ਵਰਤਣ ਦਾ ਹਰ ਕੋਝਾ ਹੱਥਕੰਡਾ ਵਰਤ ਕੇ ਵੱਖ-ਵੱਖ ਭਾਈਚਾਰਿਆਂ ਵਿੱਚ ਦੂਫੇੜ ਪਾ ਕੇ ਸਦੀਵੀ ਤੌਰ 'ਤੇ ਸੱਤਾ 'ਤੇ ਕਾਬਜ਼ ਹੋਣਾ ਚਾਹੁੰਦੀ ਹੈ। ਅਜਿਹੀਆਂ ਸਿਆਸੀ ਅਤੇ ਸਮਾਜੀ ਪ੍ਰਸਥਿਤੀਆ ਵਿੱਚ ਭਾਰਤ ਦੀਆਂ ਸਾਰੀਆਂ ਵਿਰੋਧੀ ਸਿਆਸੀ ਪਾਰਟੀਆਂ ਮਹੱਤਵਪੂਰਨ ਭੂਮਿਕਾ ਨਿਭਾ ਸਕਦੀਆਂ ਹਨ। ਉਕਤ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਕਮਿਊਨਿਸਟ ਪਾਰਟੀ ਦੀ ਪੰਜਾਬ ਇਕਾਈ ਦੇ ਸਕੱਤਰ ਬੰਤ ਸਿੰਘ ਬਰਾੜ ਨੇ ਕੀਤਾ। ਉਹ ਸੋਮਵਾਰ ਪਾਰਟੀ ਦਫ਼ਤਰ ਜਲੰਧਰ ਵਿੱਚ ਰਣਜੀਤ ਸਿੰਘ ਔਲਖ ਦੀ ਪ੍ਰਧਾਨਗੀ ਹੇਠ ਹੋਈ ਜ਼ਿਲ੍ਹਾ ਕੌਂਸਲ ਦੀ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਕਾਮਰੇਡ ਬਰਾੜ ਨੇ ਹੁਣੇ ਜਿਹੇ ਪਟਨਾ ਵਿੱਚ ਵਿਰੋਧੀ ਪਾਰਟੀਆਂ ਦੇ ਇੱਕ ਮੰਚ 'ਤੇ ਇਕੱਠੇ ਹੋਣ ਦੇ ਯਤਨ ਦੇ ਹਵਾਲੇ ਨਾਲ ਕਿਹਾ ਕਿ ਇਸ ਉਪਰਾਲੇ ਨੂੰ ਭਾਰਤੀ ਸਿਆਸਤ ਲਈ ਸ਼ੁਭ ਸ਼ਗਨ ਕਿਹਾ ਜਾ ਸਕਦਾ ਹੈ। ਉਨ੍ਹਾ ਕਿਹਾ ਕਿ ਇਸ ਵੇਲੇ ਭਾਜਪਾ ਦਾ ਵਿਰੋਧੀ ਪਾਰਟੀਆਂ ਨੂੰ ਤੋੜਨ ਦਾ ਪੂਰਾ ਤਾਣ ਲੱਗਾ ਹੋਇਆ ਹੈ। ਪੰਜਾਬ ਵਿੱਚ ਕੈਪਟਨ ਅਮਰਿੰਦਰ ਸਿੰਘ ਅਤੇ ਸੁਨੀਲ ਜਾਖੜ ਵਰਗਿਆਂ ਦਾ ਭਾਜਪਾ ਵਿੱਚ ਚਲੇ ਜਾਣ ਦਾ ਵਰਤਾਰਾ ਅਸੀਂ ਦੇਖ ਚੁੱਕੇ ਹਾਂ। ਅਜੀਤ ਪਵਾਰ ਵੱਲੋਂ ਆਪਣੀ ਪਾਰਟੀ ਨੂੰ ਛੱਡ ਕੇ ਭਾਜਪਾ ਦੀ ਗੋਦੀ ਵਿੱਚ ਜਾ ਬੈਠਣਾ ਉਕਤ ਵਰਤਾਰੇ ਦੀ ਲਗਾਤਾਰਤਾ ਹੈ। ਇਸ ਲਈ ਭਾਜਪਾ ਦੀ ਵਿਰੋਧੀ ਪਾਰਟੀਆਂ ਨੂੰ ਤੋੜਨ ਦੀ ਚਲਾਈ ਮੁਹਿਮ ਦੌਰਾਨ ਆਪੋਜ਼ੀਸ਼ਨ ਦਾ ਬੜਾ ਮਹੱਤਵਪੂਰਨ ਰੋਲ ਬਣ ਜਾਂਦਾ ਹੈ। ਇਸ ਰੋਲ ਨੂੰ ਨਿਭਾਉਣ ਦਾ ਝਲਕਾਰਾ ਪਟਨਾ ਮੀਟਿੰਗ ਸਮੇਂ ਨਜ਼ਰੀਂ ਵੀ ਪਿਆ ਹੈ। ਕਮਿਊਨਿਸਟ ਆਗੂ ਨੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਪਟਨਾ ਮੀਟਿੰਗ ਵਿੱਚ ਨਿਭਾਈ ਸ਼ੱਕੀ ਤੇ ਦੋਗਲੀ ਨੀਤੀ ਦੀ ਨਿੰਦਾ ਕਰਦਿਆਂ ਫਿਰ ਦੁਹਰਾਇਆ ਕਿ 'ਆਪ' ਭਾਜਪਾ ਦੀ ਹੀ ਦੂਜੀ ਟੀਮ ਹੈ। ਇਹ ਦੋਵੇਂ ਪਾਰਟੀਆਂ ਇੱਕ-ਦੂਸਰੇ ਲਈ ਕੰਮ ਕਰ ਰਹੀਆਂ ਹਨ। ਬਰਾੜ ਨੇ ਰਾਹੁਲ ਗਾਂਧੀ ਦੀ 'ਭਾਰਤ ਜੋੜੋ ਯਾਤਰਾ' ਦੇ ਹਾਂ-ਪੱਖੀ ਦਿਸਦੇ ਨਤੀਜਿਆਂ ਤੋਂ ਲੋਕਾਂ ਦਾ ਧਿਆਨ ਪਾਸੇ ਕਰਨ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਘੱਟ ਪੜ੍ਹੇ-ਲਿਖੇ ਹੋਣ ਦੀ ਸ਼ੁਰਲੀ ਛੱਡ ਦਿੱਤੀ ਸੀ। ਜਦੋਂ ਕਦੇ ਵੀ ਮੋਦੀ ਕਿਸੇ ਮਸਲੇ 'ਤੇ ਘਿਰ ਜਾਂਦੇ ਹਨ ਤਾਂ ਕੇਜਰੀਵਾਲ ਮੋਦੀ ਦਾ ਅਖੌਤੀ ਵਿਰੋਧ ਕਰਕੇ ਦੇਸ਼ ਦੇ ਲੋਕਾਂ ਦਾ ਧਿਆਨ ਦੂਸਰੇ ਪਾਸੇ ਕਰਨ ਦਾ ਕੰਮ ਕਰਦਾ ਹੈ।

ਜ਼ਿਲ੍ਹਾ ਕੌਂਸਲ ਦੀ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸੂਬਾ ਸਕੱਤਰ ਬੰਤ ਬਰਾੜ।

ਕਮਿਊਨਿਸਟ ਆਗੂ ਨੇ ਪਿੱਛੇ ਜਿਹੇ ਕਰਨਾਟਕਾ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਦੀ ਹੋਈ ਮਾੜੀ ਹਾਲਤ ਦਾ ਜ਼ਿਕਰ ਕਰਦਿਆਂ ਕਿਹਾ ਕਿ ਮੋਦੀ ਦਾ ਜਾਦੂ ਟੁੱਟ ਗਿਆ ਹੈ। ਭਾਜਪਾ ਵੀ ਇਸ ਗੱਲ ਨੂੰ ਜਾਣ ਗਈ ਹੈ, ਇਸ ਕਰਕੇ ਮੋਦੀ ਦਾ ਬਦਲ ਲੱਭੇ ਜਾਣ ਦੀਆਂ ਕਨਸੋਆਂ ਵੀ ਹਨ। ਕਾਮਰੇਡ ਬਰਾੜ ਨੇ ਮਨੀਪੁਰ ਦੀ ਤਰਾਸਦਿਕ ਸਥਿਤੀ ਦਾ ਜ਼ਿਕਰ ਕਰਦਿਆਂ ਕਿਹਾ ਕਿ ਉੱਥੇ ਵੀ ਦੋ ਮੁੱਖ ਫਿਰਕਿਆਂ ਅੰਦਰ ਭਾਜਪਾ ਵੱਲੋਂ ਫੈਲਾਈ ਨਫ਼ਰਤੀ ਜ਼ਹਿਰ ਨੇ ਬਦਤਰ ਹਾਲਾਤ ਪੈਦਾ

4-JULY-PAGE-1.qxd 7/3/2023 10:29 PM Page 2

ਟ੍ਰੈਫਿਕ ਪੁਲਸ ਨੇ ਛਬੀਲ ਲਗਾਈ

ਮਲੋਟ (ਗੁਰਮੀਤ ਸਿੰਘ ਮੱਕੜ)-ਸਥਾਨਕ ਟ੍ਰੈਫਿਕ ਪੁਲਸ ਵੱਲੋਂ ਪੁਰਾਣੀ ਤਹਿਸੀਲ ਚੌਕ ਵਿੱਚ ਠੰਢੇ ਮਿੱਠੇ ਪਾਣੀ ਦੀ ਛਬੀਲ ਲਗਾਈ ਗਈ ਤੇ ਰਾਹਗੀਰਾਂ ਨੂੰ ਠੰਢਾ ਮਿੱਠਾ ਜਲ ਛਕਾਇਆ ਗਿਆ। ਇਸ ਮੌਕੇ ਆਵਾਜਾਈ ਇੰਚਾਰਜ ਬਲਜਿੰਦਰ ਸਿੰਘ ਨੇ ਲੋਕਾਂ ਤੋਂ ਸਹਿਯੋਗ ਦੀ ਮੰਗ ਕੀਤੀ ਕਿ ਜੋ ਨੌਜਵਾਨ ਬੁਲਟ ਮੋਟਰਸਾਈਕਲ ਉੱਪਰ ਪਟਾਕੇ ਮਾਰਦੇ ਹਨ, ਉਨ੍ਹਾਂ ਨੂੰ ਉਨ੍ਹਾਂ ਦੇ ਮਾਪੇ ਸਮਝਾਉਣ ਤੇ ਹਰ ਵਹੀਕਲ ਚਾਲਕ ਨੂੰ ਅਪੀਲ ਕੀਤੀ ਕਿ ਉਹ ਆਪਣੇ ਵਹੀਕਲ ਦੇ ਪੂਰੇ ਦਸਤਾਵੇਜ਼ ਆਪਣੇ ਨਾਲ ਰੱਖਣ ਅਤੇ ਆਵਾਜਾਈ ਨਿਯਮਾਂ ਦੀ ਪਾਲਣਾ ਕਰਨ ਤਾਂ ਜੋ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਕੋਈ ਮੁਸ਼ਕਲ ਪੇਸ਼ ਨਾ ਆਵੇ।

ਸਨਾਤਨ ਧਰਮ ਮਹਾਂਵੀਰ ਦਲ ਵੱਲੋਂ ਜ਼ਰੂਰਤਮੰਦ ਲੜਕੀਆਂ ਦੇ ਵਿਆਹ

ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਸਥਾਨਕ ਅਗਰਵਾਲ ਧਰਮਸ਼ਾਲਾ ਵਿਖੇ ਸਨਾਤਨ ਧਰਮ ਮਹਾਵੀਰ ਦਲ ਸਮਾਣਾ ਵੱਲੋਂ 11 ਜ਼ਰੂਰਤਮੰਦ ਲੜਕੀਆਂ ਦਾ ਵਿਆਹ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਪਤਨੀ ਗੁਰਪ੍ਰੀਤ ਕੌਰ ਤੇ ਭੈਣ ਮਨਪ੍ਰੀਤ ਕੌਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਦੇ ਨਾਲ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਵੀ ਹਾਜ਼ਰ ਰਹੇ। ਸੰਸਥਾ ਦੇ ਸੈਕਟਰੀ ਰਜਤ ਗੋਇਲ ਨੇ ਸਟੇਜ ਦੀ ਸੇਵਾ ਨਿਭਾਈ। ਸੰਸਥਾ ਦੇ ਸਰਪ੍ਰਸਤ ਰਮੇਸ਼ ਗਰਗ ਨੇ ਸੰਸਥਾ ਦੇ ਸਮੂਹ ਮੈਂਬਰਾਂ ਅਤੇ ਸ਼ਹਿਰ ਵਾਸੀਆਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਮੁੱਖ ਮਹਿਮਾਨ ਮੁੱਖ ਮੰਤਰੀ ਭਗਵੰਤ ਮਾਨ ਦੀ ਧਰਮ ਪਤਨੀ ਗੁਰਪ੍ਰੀਤ ਕੌਰ ਅਤੇ ਭੈਣ ਮਨਪ੍ਰੀਤ ਕੌਰ ਨੇ ਇਸ ਸੰਸਥਾ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਸੰਸਥਾ ਨੂੰ ਸਰਕਾਰ ਵੱਲੋਂ ਹਰ ਸੰਭਵ ਮਦਦ ਦੇਣ ਦਾ ਵਿਸ਼ਵਾਸ ਦੁਆਇਆ। ਇਸ ਮੌਕੇ ਐਸ ਡੀ ਐਮ ਸਮਾਣਾ ਚਰਨਜੀਤ ਸਿੰਘ, ਕਾਰਜਸਾਧਕ ਅਫਸਰ ਬਰਜਿੰਦਰ ਸਿੰਘ, ਨਾਇਬ ਤਹਿਸੀਲਦਾਰ ਸਤਿਗੁਰ ਸਿੰਘ, ਸਿਟੀ ਐਸ ਐਚ ਓ ਜੀ ਐਸ ਸਿਕੰਦ ਤੋਂ ਇਲਾਵਾ ਸ਼ਹਿਰ ਦੇ ਹੋਰ ਪਤਵੰਤੇ ਹਾਜ਼ਰ ਸਨ।

ਜ਼ਿਲ੍ਹਾ ਪੁਲਸ ਮੁਖੀ ਨੇ ਭਾਖੜਾ ਨਹਿਰ 'ਚ ਪਏ ਪਾੜ ਦਾ ਲਿਆ ਜਾਇਜ਼ਾ

ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਜ਼ਿਲ੍ਹੇ ਦੇ ਪਿੰਡ ਹਰਲਾਲਪੁਰ ਤੇ ਸਹਿਜ਼ਾਦਪੁਰ ਵਿੱਚੋਂ ਲੰਘਦੀ ਭਾਖੜਾ ਨਹਿਰ 'ਤੇ ਪਏ ਪਾੜ ਦਾ ਅੱਜ ਜ਼ਿਲ੍ਹਾ ਪੁਲਸ ਮੁਖੀ ਡਾ: ਰਵਜੋਤ ਗਰੇਵਾਲ ਨੇ ਭਾਖੜਾ ਮੇਨ ਲਾਇਨ ਪਟਿਆਲਾ ਦੇ ਕਾਰਜਕਾਰੀ ਇੰਜੀਨੀਅਰ ਸ਼੍ਰੀ ਸੰਦੀਪ ਸਿੰਘ ਮਾਂਗਟ ਸਮੇਤ ਜਾਇਜ਼ਾ ਲਿਆ ਤੇ ਕਿਸੇ ਵੀ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਤਿਆਰ ਰਹਿਣ ਦੇ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ। ਇਸ ਮੌਕੇ ਜ਼ਿਲ੍ਹਾ ਪੁਲਸ ਮੁਖੀ ਡਾ: ਰਵਜੋਤ ਗਰੇਵਾਲ ਨੇ ਕਿਹਾ ਕਿ ਆਮ ਲੋਕਾਂ ਦੀ ਜਾਨ ਤੇ ਮਾਲ ਦੀ ਰਾਖੀ ਲਈ ਪੁਲਸ ਪੂਰੀ ਤਰ੍ਹਾਂ ਮੁਸ਼ਤੈਦ ਹੈ ਤੇ ਭਾਖੜਾ ਨਹਿਰ 'ਤੇ ਪਏ ਪਾੜ ਤੇ ਜ਼ਿਲ੍ਹੇ ਦੇ ਸਿਵਲ ਤੇ ਪੁਲਸ ਪ੍ਰਸ਼ਾਸਨ ਵੱਲੋਂ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ। ਉਨ੍ਹਾ ਲੋਕਾਂ ਨੂੰ ਅਪੀਲ ਕੀਤੀ ਕਿ ਪ੍ਰਸ਼ਾਸਨ ਵੱਲੋਂ ਸਥਿਤੀ 'ਤੇ ਪੂਰੀ ਨਜ਼ਰ ਰੱਖੀ ਜਾ ਰਹੀ ਹੈ ਤੇ ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ ਹੈ, ਇਸ ਲਈ ਕੋਈ ਡਰਨ ਦੀ ਲੋੜ ਨਹੀਂ। ਭਾਖੜਾ ਮੇਨ ਲਾਇਨ ਪਟਿਆਲਾ ਦੇ ਕਾਰਜਕਾਰੀ ਇੰਜਨੀਅਰ ਸ਼੍ਰੀ ਸੰਦੀਪ ਸਿੰਘ ਮਾਂਗਟ ਨੇ ਇਸ ਮੌਕੇ ਦੱਸਿਆ ਕਿ ਭਾਖੜਾ ਮੇਨ ਲਾਇਨ ਦੀ 143000 ਬੁਰਜੀ 'ਤੇ ਸਲਿਪੇਜ ਆਫ ਲਾਇਨਿੰਗ ਦਾ ਮਾਮਲਾ ਸਾਹਮਣੇ ਆਇਆ ਸੀ, ਜਿਸ ਨੂੰ ਮੁੱਖ ਰੱਖਦਿਆਂ ਵਿਭਾਗ ਵੱਲੋਂ ਮੌਕੇ 'ਤੇ ਹੀ ਕੰਮ ਸ਼ੁਰੂ ਕਰਵਾ ਦਿੱਤਾ ਗਿਆ ਹੈ। ਉਨ੍ਹਾ ਦੱਸਿਆ ਕਿ ਭਾਖੜਾ ਮੇਨ ਲਾਇਨ ਵਿੱਚ 80 ਫੁੱਟ 'ਤੇ ਪਟੜਾ ਮੌਜੂਦ ਹੈ ਤੇ ਪਿੰਡ ਦੇ ਲੋਕਾਂ ਨੂੰ ਕੋਈ ਖਤਰਾ ਨਹੀਂ ਹੈ। ਡਿਪਟੀ ਕਮਿਸ਼ਨਰ ਦੇ ਆਦੇਸ਼ਾਂ ਦੀ ਪਾਲਣਾ ਕਰਦਿਆਂ ਨਹਿਰੀ ਵਿਭਾਗ ਵੱਲੋਂ ਪਾੜ ਦਾ ਕੰਮ ਸ਼ੁਰੂ ਕਰਵਾ ਦਿੱਤਾ ਗਿਆ ਹੈ ਤੇ ਪਿੰਡ ਦੇ ਲੋਕਾਂ ਨੇ ਵੀ ਰਾਹਤ ਦਾ ਸਾਹ ਲਿਆ ਹੈ।

ਰਾਮ ਲਾਲ ਦੀਆਂ ਅੰਤਿਮ ਰਸਮਾਂ ਮੌਕੇ 300 ਪੌਦੇ ਵੰਡ ਕੇ ਸ਼ਰਧਾਂਜਲੀ ਦਿੱਤੀ

ਰਾਮਪੁਰਾ ਫੂਲ (ਦਰਸ਼ਨ ਸਿੰਦਲ)-ਰਿਟਾਇਰਡ ਸੀਨੀਅਰ ਸਹਾਇਕ (ਦਫ਼ਤਰ ਐੱਸ ਡੀ ਐੱਮ

ਸਾਹਿਬ ਰਾਮਪੁਰਾ ਫੂਲ) ਸਵ: ਰਾਮ ਲਾਲ ਪੁੱਤਰ ਹਰਬਿਲਾਸ ਰਾਏ ਦੀਆਂ ਅੰਤਿਮ ਰਸਮਾਂ ਸਮੇਂ (ਪੰਡਤ ਰਾਕੇਸ਼ ਕੁਮਾਰ ਬੰਟੀ ਕਾਲਿਆਂਵਾਲੀ ਦੀ ਦਰਗਾਹੀ ਕਥਾ ਉਪਰੰਤ) ਗਰੀਨ ਮਿਸ਼ਨ ਵੈੱਲਫੇਅਰ ਸੁਸਾਇਟੀ ਰਾਮਪੁਰਾ ਫੂਲ ਨੇ ਰਾਜ ਕੁਮਾਰ ਗਰਗ (ਪ੍ਰੋਪਰਟੀ ਡੀਲਰ ਜ਼ੀਰਕਪੁਰ), ਇੰਜੀਨੀਅਰ ਬਿੱਟੂ ਕੁਮਾਰ ਗਰਗ ਤੇ ਅਧਿਆਪਕ ਪੁਨੀਤ ਗਰਗ ਦੇ ਸਹਿਯੋਗ ਨਾਲ ਫੁੱਲਦਾਰ, ਫਲਦਾਰ ਤੇ ਛਾਂਦਾਰ 300 ਪੌਦੇ ਵੰਡ ਕੇ ਸ਼ਰਧਾਂਜਲੀ ਅਰਪਿਤ ਕੀਤੀ ਤੇ ਅਕਾਲ ਪੁਰਖ ਪ੍ਰਮਾਤਮਾ ਅੱਗੇ ਦੁਆ ਕੀਤੀ। ਸੋਗ ਸਮਾਗਮ 'ਤੇ ਤਰਸੇਮ ਜੇਠੀ ਸਮਾਜ ਸੇਵੀ, ਰਾਜ ਕੁਮਾਰ ਜੋਸ਼ੀ, ਭੀਮ ਸੈਨ ਗਰਗ, ਮਾਸਟਰ ਸੱਤਪਾਲ, ਪੁਨਰਜੋਤੀ ਆਈ ਡੋਨੇਸ਼ਨ ਹਸਪਤਾਲ, ਬਾਬਾ ਬੰਸੀ ਵਾਲਾ ਚੈਰੀਟੇਬਲ ਹੌਸਪੀਟਲ, ਗਊ ਸੇਵਾ ਪਰਿਵਾਰ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੰਡੀ ਫੂਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚਾਉਕੇ, ਸ਼ਹੀਦ ਬੇਰੁਜ਼ਗਾਰ ਅਧਿਆਪਕ ਟਰੱਸਟ, ਸ਼ਮਸ਼ਾਨਘਾਟ ਕਮੇਟੀ ਆਦਿ ਦੇ ਪੈਰੋਕਾਰਾਂ ਸਮੇਤ ਪਹੁੰਚੀਆਂ ਅਨੇਕਾਂ ਮਹਾਨ ਸ਼ਖ਼ਸੀਅਤਾਂ ਨੇ ਆਪਣੀ ਹਾਜ਼ਰੀ ਲਗਵਾਈ। ਗਰੀਨ ਮਿਸ਼ਨ ਵੈੱਲਫੇਅਰ ਸੁਸਾਇਟੀ ਦੇ ਵਲੰਟੀਅਰ ਧਰਮਪਾਲ ਢੱਡਾ, ਐਡਵੋਕੇਟ ਕ੍ਰਿਸ਼ਨ ਚੰਦ ਜੈਨ ਨੋਟਰੀ ਪਬਲਿਕ, ਬਲਦੇਵ ਸਿੰਦਲ, ਜਗਜੀਵਨ ਗਰਗ, ਅੰਮ੍ਰਿਤਪਾਲ ਵਿੱਕੀ, ਅਧਿਆਪਕ ਸੰਦੀਪ ਕੁਮਾਰ, ਅਧਿਆਪਕ ਗਗਨਦੀਪ ਸਿੰਘ ਨੇ ਕਿਹਾ ਕਿ ਅਜਿਹੇ ਮੌਕਿਆਂ 'ਤੇ ਲੋਕਾਂ ਦੇ ਸਹਿਯੋਗ ਨਾਲ ਫਜ਼ੂਲ ਖਰਚੇ ਬੰਦ ਕਰਕੇ ਅਜਿਹੇ ਨੇਕ ਕਾਰਜਾਂ ਨੂੰ ਹੋਰ ਬੜ੍ਹਾਵਾ ਦਿੱਤਾ ਜਾਵੇਗਾ।

ਗੁੜਗਾਉਂ ਪਟੌਦੀ ਸਿੱਖਾਂ ਦੇ ਕਤਲੇਆਮ ਮਾਮਲੇ ਦੀ ਹਾਈ ਕੋਰਟ 'ਚ ਸੁਣਵਾਈ ਅੱਜ

ਗਿਣੀ-ਮਿੱਥੀ ਯੋਜਨਾ ਰਾਹੀਂ ਕੀਤਾ ਗਿਆ ਸੀ ਸਿੱਖ ਕਤਲੇਆਮ : ਭਾਈ ਘੋਲੀਆ

ਬਧਨੀ ਕਲਾਂ/ਅਜੀਤਵਾਲ (ਨਛੱਤਰ ਸੰਧੂ)-1984 'ਚ ਹਰਿਆਣਾ ਵਿਖੇ ਹੋਏ ਸਿੱਖਾਂ ਦੇ ਕਤਲੇਆਮ ਦੇ ਪੀੜਤਾਂ ਨੂੰ ਇਨਸਾਫ ਦਿਵਾਉਣ ਲਈ ਲੰਮੇ ਸਮੇਂ ਤੋਂ ਕਾਨੂੰਨੀ ਲੜਾਈ ਲੜ ਰਹੇ ਹੌਦ ਚਿੱਲ੍ਹੜ ਸਿੱਖ ਇਨਸਾਫ ਕਮੇਟੀ ਦੇ ਪ੍ਰਧਾਨ ਭਾਈ ਦਰਸ਼ਨ ਸਿੰਘ ਘੋਲੀਆ ਨੇ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਹਰਿਆਣਾ ਦੇ ਗੁੜਗਾਉਂ ਤੇ ਪਟੌਦੀ 'ਚ ਹੋਏ 47 ਸਿੱਖਾਂ ਦੇ ਕਤਲੇਆਮ ਸਮੇਤ 83 ਹੋਰ ਪੀੜਤਾਂ ਦੇ ਮਾਮਲਿਆਂ ਨੂੰ ਲੈ ਕੇ ਪੰਜਾਬ ਤੇ ਹਰਿਆਣਾ ਹਾਈ ਕੋਰਟ 'ਚ ਦਾਇਰ ਕੀਤੇ 133 ਮਾਮਲਿਆਂ ਦੀ ਮਾਣਯੋਗ ਪੰਜਾਬ ਹਰਿਅਣਾ ਹਾਈ ਕੋਰਟ ਵੱਲੋਂ ਸੁਣਵਾਈ 4 ਜੁਲਾਈ ਨੂੰ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਹੌਦ ਚਿੱਲ੍ਹੜ ਵਿੱਚ 32 ਸਿੱਖਾਂ ਦੇ ਕਤਲੇਆਮ ਦੇ ਮਾਮਲੇ ਦੀ ਲੜਾਈ ਦੇ ਨਾਲ ਨਾਲ ਹੁਣ ਗੜਗਾਉਂ ਤੇ ਪਟੌਦੀ 'ਚ ਹੋਏ 47 ਸਿੱਖਾਂ ਦੇ ਕਤਲੇਆਮ ਦੇ ਪੀੜਤਾਂ ਨੂੰ ਇਨਸਾਫ ਦਿਵਾਉਣ ਲਈ ਇਹ ਕਨੂੰਨੀ ਚਾਰਾਜੋਈ ਰਾਹੀਂ ਮੁੱਦਾ ਚੁੱਕਿਆ ਹੈ। ਭਾਈ ਘੋਲੀਆ ਨੇ ਕਿਹਾ ਕਿ ਉਪਰੋਕਤ ਦੋਨੋਂ ਸ਼ਹਿਰਾਂ ਵਿੱਚ ਹੋਏ ਕਤਲੇਆਮ ਦੌਰਾਨ 297 ਸਿੱਖਾਂ ਦੇ ਘਰਾਂ ਨੂੰ ਨਿਸ਼ਾਨਾ ਬਣਾਇਆ ਗਿਆ ਸੀ, ਜਿਸ ਦੌਰਾਨ 47 ਸਿੱਖਾਂ ਨੂੰ ਕਤਲ ਕਰ ਦਿੱਤਾ ਗਿਆ ਸੀ, ਜਦੋਂਕਿ ਬਹੁਤ ਸਾਰੇ ਲੋਕਾਂ ਨੂੰ ਜ਼ਖਮੀ ਕਰ ਦਿੱਤਾ ਗਿਆ ਸੀ ਤੇ ਘਰ ਵੀ ਉਜਾੜ ਦਿੱਤੇ ਗਏ ਸਨ। ਉਨ੍ਹਾਂ ਦੱਸਿਆ ਕਿ ਹੌਦ ਚਿੱਲ੍ਹੜ ਸਿੱਖ ਇਨਸਾਫ ਕਮੇਟੀ ਵੱਲੋਂ ਮੌਕੇ ਗਵਾਹ ਤੇ ਪੀੜਤ ਸੰਤੋਖ ਸਿੰਘ ਰਾਹੀਂ ਰਿੱਟ ਨੰਬਰ 10904 ਮਾਣਯੋਗ ਹਾਈ ਕੋਰਟ 'ਚ ਕੇਸ ਲਾਏ ਗਏ ਹਨ। ਇਸ ਮਾਮਲੇ ਦੀ ਕਾਨੂੰਨੀ ਪੈਰਵਾਈ ਹਾਈ ਕੋਰਟ ਦੇ ਸੀਨੀਅਰ ਵਕੀਲ ਗਗਨਦੀਪ ਸਿੰਘ ਬੱਲ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਗੁੜਗਾਉਂ ਵਿਖੇ ਜੋਧ ਸਿੰਘ ਨੂੰ ਦਰਿੰਦਿਆਂ ਨੇ ਬੁਰੀ ਤਰ੍ਹਾਂ ਸ਼ਹਿਰ 'ਚ ਪੱਥਰ ਮਾਰ ਕੇ ਮਾਰ ਦਿੱਤਾ ਸੀ ਤੇ ਪਟੌਦੀ ਸ਼ਹਿਰ ਵਿੱਚ ਜੀਵਨੀ ਬਾਈ ਦੇ ਤਿੰਨ ਬੇਟੇ ਤੇ ਪਤੀ ਨੂੰ ਵੀ ਕੋਹ ਕੋਹ ਕੇ ਮਾਰ ਦਿੱਤਾ ਤੇ ਘਰ ਨੂੰ ਅੱਗ ਲਾ ਦਿੱਤੀ ਗਈ ਸੀ। ਉਨ੍ਹਾਂ ਕਿਹਾ ਕਿ ਉਹ ਸ਼੍ਰੋਮਣੀ ਕਮੇਟੀ ਦੇ ਸਹਿਯੋਗ ਨਾਲ ਪੀੜਤ ਪਰਿਵਾਰਾਂ ਨੂੰ ਨਿਆਂ ਤੇ ਇਨਸਾਫ ਦਿਵਾਉਣ ਲਈ ਕਨੂੰਨੀ ਲੜਾਈ ਨਿਰੰਤਰ ਜਾਰੀ ਰੱਖਣਗੇ। ਇਸ ਮੌਕੇ ਗੁਰਜੀਤ ਸਿੰਘ ਪਟੌਦੀ, ਬਲਕਰਨ ਸਿੰਘ, ਮਹਿਲ ਸਿੰਘ ਖਾਲਸਾ ਆਦਿ ਹਾਜ਼ਰ ਸਨ।

ਜਾਣਕਾਰੀ ਦਿੰਦੇ ਹੋਏ ਹੌਦ ਚਿੱਲ੍ਹੜ ਸਿੱਖ ਇਨਸਾਫ ਕਮੇਟੀ ਦੇ ਪ੍ਰਧਾਨ ਭਾਈ ਦਰਸ਼ਨ ਸਿੰਘ ਘੋਲੀਆ।

ਤਰਕਸ਼ੀਲ ਸੁਸਾਇਟੀ ਦੀ ਮੀਟਿੰਗ 'ਚ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ

■ ਲੋਕ ਪੱਖੀ ਬੁੱਧੀਜੀਵੀਆਂ ਦੀਆਂ ਸਿਵਲ ਕੋਡ ਬਿੱਲ ਬਾਰੇ ਹੋਈਆਂ ਵਿਚਾਰਾਂ

ਲੁਧਿਆਣਾ (ਐੱਮ ਐੱਸ ਭਾਟੀਆ/ਰੈਕਟਰ ਕਥੂਰੀਆ/ਪ੍ਰਦੀਪ ਸ਼ਰਮਾ)

ਤਰਕਸ਼ੀਲ ਸੁਸਾਇਟੀ ਪੰਜਾਬ ਦੇ ਲੁਧਿਆਣਾ ਜ਼ੋਨ ਦੀ ਮੀਟਿੰਗ ਜ਼ੋਨ ਜਥੇਬੰਦਕ ਮੁਖੀ ਜਸਵੰਤ ਜੀਰਖ ਦੀ ਪ੍ਰਧਾਨਗੀ ਹੇਠ ਜ਼ੋਨ ਦਫਤਰ ਨਜ਼ਦੀਕ ਬੱਸ ਸਟੈਂਡ ਲੁਧਿਆਣਾ ਵਿਖੇ ਹੋਈ। ਮੀਟਿੰਗ ਵਿੱਚ ਸੁਸਾਇਟੀ ਵੱਲੋਂ ਪੰਜਵੀਂ ਸਾਲਾਨਾ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਦੀਆਂ ਤਿਆਰੀਆਂ ਬਾਰੇ ਚਰਚਾ ਹੋਈ। ਇਸ ਪ੍ਰੀਖਿਆ ਸੰਬੰਧੀ ਸੁਸਇਟੀ ਵੱਲੋਂ ਤਿਆਰ ਕੀਤੇ ਵਿਸ਼ੇਸ਼ ਸਲੇਬਸ ਦੀਆਂ ਕਿਤਾਬਾਂ ਪਹਿਲਾਂ ਹੀ ਚੋਣਵੇਂ ਸਕੂਲਾਂ ਵਿੱਚ ਵੰਡੀਆਂ ਜਾ ਚੁੱਕੀਆਂ ਹਨ। ਮੀਟਿੰਗ ਵਿੱਚ ਹਾਜ਼ਰ ਲੁਧਿਆਣੇ ਜ਼ੋਨ ਦੀਆਂ ਇਕਾਈਆਂ ਦੇ ਮੁਖੀਆਂ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਜ਼ੋਨ ਵਿੱਚੋਂ ਲਗਭਗ 2500 ਵਿਦਿਆਰਥੀਆਂ ਦੇ ਇਸ ਪ੍ਰੀਖਿਆ ਵਿੱਚ ਭਾਗ ਲੈਣ ਦੀ ਸੰਭਾਵਨਾ ਹੈ ਜੋ ਕਿ ਪੰਜਾਬ ਭਰ ਵਿੱਚ 26 ਤੇ 27 ਅਗਸਤ ਨੂੰ ਹੋ ਰਹੀ ਹੈ। ਮੀਟਿੰਗ ਵਿੱਚ ਕੇਂਦਰ ਸਰਕਾਰ ਵੱਲੋਂ ਈ ਡੀ ਰਾਹੀਂ ਡਾਕਟਰ ਨਵਸ਼ਰਨ ਤੇ ਹੋਰ ਅਗਾਂਹਵਧੂ ਵਿਚਾਰਧਾਰਾ ਵਾਲੇ ਬੁੱਧੀਜੀਵੀਆਂ ਨੂੰ ਪ੍ਰੇਸ਼ਾਨ ਕਰਨ ਤੇ ਪਹਿਲਵਾਨ ਲੜਕੀਆਂ ਨੂੰ ਇਨਸਾਫ ਦੇਣ ਦੀ ਬਜਾਏ ਆਪਣੇ ਸੰਸਦ ਮੈਂਬਰ ਦੀ ਪੁਸ਼ਤ ਪਨਾਹੀ ਕਰਨ ਦੀ ਤਰਕਸ਼ੀਲ ਸੁਸਾਇਟੀ ਪੰਜਾਬ ਦੇ ਲੁਧਿਆਣਾ ਜ਼ੋਨ ਵੱਲੋਂ ਨਿਖੇਧੀ ਕੀਤੀ ਗਈ। ਇਸ ਨਾਲ ਹੀ ਸਾਂਝੇ ਸਿਵਲ ਕੋਡ ਬਿਲ ਪ੍ਰਤੀ ਸਰਕਾਰ ਦੀ ਮੰਨਸਾ 'ਤੇ ਸ਼ੱਕ ਕਰਦਿਆਂ ਕਿਹਾ ਕਿ ਸਰਕਾਰ ਦੇਸ਼ ਵਿੱਚ ਵੱਖ ਵੱਖ ਕੌਮਾਂ ਦੀ ਵਿਭਿੰਨਤਾ ਖਤਮ ਕਰਕੇ ਉਨ੍ਹਾਂ ਦਾ ਭਗਵਾਂਕਰਣ ਕਰਕੇ ਆਪਣੀ ਦਾਦਾਗਿਰੀ ਸਥਾਪਤ ਕਰਨਾ ਚਾਹੁੰਦੀ ਹੈ ਤੇ ਇਸ ਨੂੰ ਚੋਣਾਂ ਦਾ ਏਜੰਡਾ ਬਣਾ ਕੇ ਧਾਰਮਿਕ ਘੱਟ ਗਿਣਤੀਆਂ ਵਿਰੁੱਧ ਵਰਤਣਾ ਚਾਹੁੰਦੀ ਹੈ। ਸਰਕਾਰਾਂ ਵੱਲੋਂ ਧਰਮ ਅਧਾਰਤ ਰਾਜਨੀਤੀ ਕਰਨ ਦੀ ਕਾਰਗੁਜ਼ਾਰੀ ਦੀ ਵੀ ਨਿਖੇਧੀ ਕੀਤੀ। ਤਰਕਸ਼ੀਲ ਸੁਸਾਇਟੀ ਵੱਲੋਂ ਸਰਕਾਰ ਨੂੰ ਦਿੱਤੇ ਖਰੜੇ 'ਤੇ ਅਧਾਰਤ ਪੰਜਾਬ ਵਿੱਚ ਅੰਧਵਿਸ਼ਵਾਸ ਰੋਕੂ ਕਾਨੂੰਨ ਬਣਾਉਣ ਦੀ ਵੀ ਮੰਗ ਉਠਾਈ। ਵਿੱਦਿਅਕ ਸਲੇਬਸ ਵਿੱਚੋਂ ਡਾਰਵਿਨ ਦੇ ਜੀਵ ਵਿਕਾਸ ਦਾ ਚੈਪਟਰ ਹਟਾਉਣ ਨੂੰ ਵੀ ਅੰਧਵਿਸ਼ਵਾਸ ਫੈਲਾਉਣ ਦੇ ਤੁਲ ਕਰਾਰ ਦਿੱਤਾ। ਹਾਜ਼ਰ ਤਰਕਸ਼ੀਲ ਆਗੂਆਂ ਇਸ ਦੀ ਪ੍ਰੋੜਤਾ ਕੀਤੀ। ਇਸ ਸਮੇਂ ਨਵੇਂ ਤਰਕਸ਼ੀਲ ਮੈਗਜ਼ੀਨ ਦੇ ਜੁਲਾਈ-ਅਗਸਤ ਅੰਕ ਰਿਲੀਜ਼ ਕਰਕੇ ਇਸ ਦੀ ਵੰਡ ਕੀਤੀ ਗਈ। ਮੈਗਜ਼ੀਨ ਦੇ ਪਿਛਲੇ ਅੰਕ ਵਿਚਲੀਆਂ ਰਚਨਵਾਂ ਬਾਰੇ ਪੜਚੋਲਲਵੀਂ ਚਰਚਾ ਕਰਦਿਆਂ ਕਰਤਾਰ ਵੀਰਾਨ, ਜਸਵੰਤ ਜੀਰਖ, ਮੋਹਨ ਬਡਲਾ ਨੇ ਉਸਾਰੂ ਵਿਚਾਰ ਵਿਟਾਂਦਰਾ ਕਰਦਿਆਂ ਤਸੱਲੀ ਪ੍ਰਗਟਾਈ। ਇਸ ਮੀਟਿੰਗ ਵਿੱਚ ਆਤਮਾ ਸਿੰਘ, ਰਜਿੰਦਰ ਜੰਡਿਆਲੀ, ਮੋਹਨ ਸਿੰਘ ਬਡਲਾ, ਮੇਜਰ ਸਿੰਘ, ਨਛੱਤਰ ਸਿੰਘ, ਹਰਚੰਦ ਭਿੰਡਰ ਤੇ ਧਰਮਪਾਲ ਸਿੰਘ ਆਦਿ ਆਗੂ ਹਾਜ਼ਰ ਸਨ।

ਡਾ. ਅੰਬੇਡਕਰ ਨੂੰ ਸਮਰਪਤ ਕ੍ਰਿਕਟ ਟੂਰਨਾਮੈਂਟ 'ਚ ਢਿੱਲਵਾਂ ਕਲਾਂ ਦੀ ਟੀਮ ਜੇਤੂ

■ ਵਿਧਾਇਕ ਰਜਨੀਸ਼ ਦਹੀਆ ਨੇ ਖਿਡਾਰੀਆਂ ਨੂੰ ਕੀਤੇ ਇਨਾਮ ਤਕਸੀਮ

ਮਮਦੋਟ (ਜਸਬੀਰ ਸਿੰਘ ਕੰਬੋਜ)-ਡਾ. ਭੀਮ ਰਾਓ ਅੰਬੇਡਕਰ ਜੀ ਨੂੰ ਸਮਰਪਤ ਕਰਵਾਏ ਗਏ ਪਹਿਲੇ ਦੋ ਰੋਜ਼ਾ ਕ੍ਰਿਕਟ ਟੂਰਨਾਮੈਂਟ 'ਚ ਢਿੱਲਵਾਂ ਕਲਾਂ ਦੀ ਟੀਮ ਜੇਤੂ ਰਹੀ। ਅਨਾਜ ਮੰਡੀ ਮਮਦੋਟ ਵਿਖੇ ਕਰਵਾਏ ਗਏ ਇਸ ਕ੍ਰਿਕਟ ਟੂਰਨਾਮੈਂਟ ਵਿੱਚ ਫਿਰੋਜ਼ਪੁਰ, ਮੁਕਤਸਰ, ਫਰੀਦਕੋਟ, ਮੋਗਾ ਆਦਿ ਜ਼ਿਲ੍ਹਿਆਂ ਤੋਂ ਕੁੱਲ 32 ਟੀਮਾਂ ਨੇ ਹਿੱਸਾ ਲਿਆ। ਨੌਜਵਾਨਾਂ ਵੱਲੋਂ

4-July-Page-3.qxd 7/3/2023 10:37 PM Page 1

ਸਿੱਖਿਆ ਵਿਭਾਗ ਦੇ ਕੱਚੇ ਦਫਤਰੀ ਮੁਲਾਜ਼ਮਾਂ ਵੱਲੋਂ 6 ਤੋਂ ਕਲਮਛੋੜ ਹੜਤਾਲ ਦਾ ਐਲਾਨ

ਬਿਨਾਂ ਪੇ-ਸਕੇਲ, ਸੀਐੱਸਆਰ ਤੇ ਪੈਨਸ਼ਨਰੀ ਲਾਭ ਦਿੱਤੇ ਰੈਗੂਲਰ ਕਰਨ ਦਾ ਕੀਤਾ ਜਾ ਰਿਹਾ ਝੂਠਾ ਪ੍ਰਚਾਰ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਆਮ ਆਦਮੀ ਪਾਰਟੀ ਪਿਛਲੇ 9 ਮਹੀਨੇ ਤੋਂ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਦਾ ਪ੍ਰਚਾਰ ਕਰ ਰਹੀ ਹੈ ਪਰ ਜੋ ਸੱਚਾਈ ਸਾਹਮਣੇ ਆਈ ਹੈ ਉਹ ਸ਼ਰੇਆਮ ਕੱਚੇ ਮੁਲਾਜ਼ਮਾਂ ਨਾਲ ਸਰਕਾਰ ਵੱਲੋਂ ਕੀਤਾ ਜਾ ਰਿਹਾ ਧੋਖਾ ਹੈ। ਪੰਜਾਬ ਸਰਕਾਰ ਬਿਨਾਂ ਪੇ ਸਕੇਲ, ਸੀਐਸਆਰ ਅਤੇ ਪੈਨਸ਼ਨਰੀ ਲਾਭ ਦਿੱਤੇ ਰੈਗੂਲਰ ਦੇ ਨਾਮ ਤੇ ਪ੍ਰਚਾਰ ਰੈਗੂਲਰ ਕਰਨ ਦਾ ਕਰ ਰਹੀ ਹੈ ਜੋ ਕਿ ਕੋਰਾ ਝੂਠ ਹੈ। ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਸਰਵ ਸਿੱਖਿਆ ਅਭਿਆਨ ਦਫਤਰੀ ਕਰਮਚਾਰੀ ਯੂਨੀਅਨ ਦੇ ਜ਼ਿਲਾ ਪ੍ਰਧਾਨ ਮੈਡਮ ਅਨੂੰ ਨੇ ਕਿਹਾ ਕਿ ਅਕਾਲੀ ਦਲ ਅਤੇ ਕਾਂਗਰਸ ਦੀ ਸਰਕਾਰ ਨੇ ਕੱਚੇ ਮੁਲਾਜ਼ਮਾਂ ਦੀ ਜਵਾਨੀ ਰੋਲ ਕੇ ਰੱਖ ਦਿੱਤੀ ਅਤੇ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਕੱਚੇ ਮੁਲਾਜ਼ਮਾਂ ਦੇ ਭਵਿੱਖ ਨੂੰ ਰੋਲਣ ਦੀ ਤਿਆਰੀ ਕਰੀ ਬੈਠੀ ਹੈ। ਆਗੂਆ ਨੇ ਦੱਸਿਆ ਕਿ ਦਫਤਰੀ ਮੁਲਾਜ਼ਮਾਂ ਦੀ ਤਕਰੀਬਨ 5000 ਰੁਪਏ ਮਹੀਨਾ ਤਨਖਾਹ ਕਟੌਤੀ ਕੀਤੀ ਜਾ ਰਹੀ ਹੈ ਜੋ ਕਿ ਵਾਰ-ਵਾਰ ਮੰਤਰੀਆ ਵੱਲੋਂ ਵਾਅਦੇ ਕਰਨ ਦੇ ਬਾਵਜੂਦ ਪੂਰੀ ਨਹੀ ਹੋਈ। ਇਸ ਤੋਂ ਇਲਾਵਾ ਸਰਕਾਰ ਵਲੋਂ ਮਨਜੂਰ 3% ਸਲਾਨਾ ਤਰੱਕੀ ਦੀ ਫਾਇਲ ਵੀ ਕਲੀਅਰ ਨਹੀਂ ਕੀਤੀ ਜਾ ਰਹੀ। ਇਸ ਦੇ ਨਾਲ ਹੀ ਮਿਡ ਡੇ ਮੀਲ ਦਫਤਰੀ ਕਰਮਚਾਰੀਆਂ ਦੀ ਸਾਲ 2019 ਤੋਂ ਤਨਖਾਹ ਵਿਚ ਕੀਤਾ ਜਾਣ ਵਾਲਾ ਵਾਧਾ ਰੋਕਿਆ ਹੋਇਆ ਹੈ।

ਆਗੂ ਨੇ ਦੱਸਿਆ ਕਿ ਜਦੋਂ 7 ਅਕਤੂਬਰ 2022 ਨੂੰ ਪਾਲਿਸੀ ਜਾਰੀ ਹੋਈ ਸੀ ਤਾਂ ਮੁਲਾਜ਼ਮਾਂ ਨੂੰ ਕੁਝ ਖਦਸ਼ੇ ਸੀ ਜਿਸ ਸਬੰਧੀ ਸਿੱਖਿਆ ਮੰਤਰੀ ਹਰਜੋਤ ਬੈਂਸ ਵੱਲੋਂ ਪੰਜਾਬ ਭਵਨ ਵਿਖੇ ਕੀਤੀ ਪ੍ਰੈੱਸ ਕਾਨਫਰੰਸ ਵਿਚ ਸਪੱਸ਼ਟ ਕਿਹਾ ਸੀ ਕਿ ਰੈਗੂਲਰ ਮੁਲਾਜ਼ਮਾਂ ਵਾਂਗ ਇਨਾਂ ਕੱਚੇ ਮੁਲਾਜ਼ਮਾਂ ਨੂੰ ਵੀ ਰੈਗੂਲਰ ਹੋਣ 'ਤੇ ਪੇ-ਸਕੇਲ ਭੱਤੇ ਸੀਐਸਆਰ ਰੂਲ ਅਤੇ ਪੈਨਸ਼ਨਰੀ ਲਾਭ ਮਿਲਣਗੇ ਪਰ 9 ਮਹੀਨਿਆ ਬਾਅਦ ਜੋ ਸੱਚਾਈ ਸਾਹਮਣੇ ਆਈ ਹੈ ਉਹ ਹਰ ਇਕ ਕੱਚੇ ਮੁਲਾਜ਼ਮ ਦੇ ਹੋਸ਼ ਉਡਾਉਣ ਵਾਲੀ ਹੈ। ਉਨ੍ਹਾਂ ਕਿਹਾ ਕਿ ਬਿਨ੍ਹਾਂ ਪੇ-ਸਕੇਲ ਤੋਂ ਮੁਲਾਜ਼ਮ ਕਿਵੇਂ ਰੈਗੂਲਰ ਹੋਣਗੇ। ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਪ੍ਰਚਾਰ ਐਨਾ ਕੀਤਾ ਜਾ ਰਿਹਾ ਕਿ ਜਿਵੇਂ ਕੱਚੇ ਮੁਲਾਜ਼ਮਾਂ ਨੂੰ ਪਤਾ ਨਹੀਂ ਕਿੰਨਾ ਵੱਡਾ ਤੋਹਫਾ ਦੇ ਦਿੱਤਾ ਹੋਵੇ। ਆਗੂ ਨੇ ਕਿਹਾ ਕਿ ਬੀਤੇ ਦਿਨ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਵੀਡੀਓ ਸ਼ੰਦੇਸ਼ ਰਾਹੀਂ ਦੱਸਿਆ ਕਿ ਕੁਝ ਕਰਮਚਾਰੀਆਂ ਦੀਆਂ ਤਨਖਾਹਾਂ ਵਿਚ ਵਾਧਾ ਕੀਤਾ ਜਾ ਰਿਹਾ ਹੈ ਪਰ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਆਪਣੇ ਸੰਦੇਸ਼ ਵਿਚ ਦਫਤਰੀ ਕਰਮਚਾਰੀਆਂ ਦਾ ਕੋਈ ਜ਼ਿਕਰ ਨਹੀ ਕੀਤਾ। ਆਗੂਆਂ ਨੇ ਕਿਹਾ ਕਿ ਸਰਕਾਰ ਨੇ ਕੱਚੇ ਮੁਲਾਜ਼ਮਾਂ ਨਾਲ ਪੱਕਾ ਕਰਨ ਦਾ ਵਾਅਦਾ ਕੀਤਾ ਸੀ ਜਿਸ ਤੋਂ ਸਰਕਾਰ ਹੁਣ ਭੱਜ ਰਹੀ ਹੈ। ਆਗੂਆ ਨੇ ਕਿਹਾ ਕਿ ਸਮੂਹ ਕੱਚੇ ਮੁਲਾਜ਼ਮਾਂ ਵਿਚ ਰੋਸ ਹੈ ਅਤੇ ਸਿੱਖਿਆ ਵਿਭਾਗ ਦੇ ਮੁਲਾਜ਼ਮ 6 ਜੁਲਾਈ ਤੋਂ ਕੰਮ ਬੰਦ ਕਰਕੇ ਹੜਤਾਲ 'ਤੇ ਚਲੇ ਜਾਣਗੇ ਜਿਸ ਦੀ ਨਿਰੋਲ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਸਿੱਖਿਆ ਵਿਭਾਗ ਦੀ ਹੋਵੇਗੀ।

ਧਰਮ ਪ੍ਰਚਾਰ ਕਮੇਟੀ ਵੱਲੋਂ 6 ਰੋਜ਼ਾ ਗੁਰਮਤਿ ਕੈਂਪ ਆਯੋਜਿਤ

ਸਰਹਾਲੀ ਕਲਾਂ (ਹਰਪ੍ਰੀਤ ਸਿੰਘ ਚੰਬਾ)-ਹਲਕਾ ਨੌਸ਼ਹਿਰਾ ਪੰਨੂੰਆਂ ਅਧੀਨ ਮਾਨਯੋਗ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਬਲਵਿੰਦਰ ਸਿੰਘ ਕਾਹਲਵਾਂ ਸਕੱਤਰ ਧਰਮ ਪ੍ਰਚਾਰ ਕਮੇਟੀ, ਜਥੇਦਾਰ ਸੁਖਵਰਸ ਸਿੰਘ ਪੰਨੂ ਮੈਂਬਰ ਧਰਮ ਪ੍ਰਚਾਰ ਕਮੇਟੀ ਦੇ ਸਹਿਯੋਗ ਸਦਕਾ ਪਿੰਡ ਬਨਵਾਲੀਪੁਰ ਜ਼ਿਲ੍ਹਾ ਤਰਨ ਤਾਰਨ ਸਾਹਿਬ ਵਿਖੇ ਗੁਰਮਤਿ ਸਿਖਲਾਈ ਕੈਂਪ ਦੀ ਸਮਾਪਤੀ ਕੀਤੀ ਗਈ। ਇਸ ਕੈਂਪ ਵਿੱਚ 60 ਬੱਚਿਆਂ ਨੇ ਭਾਗ ਲਿਆ। ਭਾਈ ਗੁਰਮਿੰਦਰ ਸਿੰਘ ਕੋਹਾੜਕਾ ਪ੍ਰਚਾਰਕ, ਭਾਈ ਸਤਨਾਮ ਸਿੰਘ ਢੋਟੀਆਂ ਪ੍ਰਚਾਰਕ, ਭਾਈ ਹੀਰਾ ਸਿੰਘ ਰਾਹਲ ਚਾਹਲ ਕਵੀਸ਼ਰ ਜਥੇ, ਭਾਈ ਹੀਰਾ ਸਿੰਘ ਕੋਮਲ ਕਵੀਸ਼ਰ ਜਥੇ ਨੇ ਬੱਚਿਆਂ ਨੂੰ ਗੁਰਬਾਣੀ ਇਤਿਹਾਸ ਅਤੇ ਨੈਤਿਕ ਕਦਰਾਂ-ਕੀਮਤਾਂ ਤੋਂ ਜਾਣੂੰ ਕਰਵਾਇਆ। ਕੈਂਪ ਦੌਰਾਨ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਧਰਮ ਪਰਚਾਰ ਕਮੇਟੀ ਵੱਲੋਂ ਮੈਡਲ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਸਮਾਪਤੀ ਸਮੇਂ ਜਥੇਦਾਰ ਸੁਖਵਰਸ ਸਿੰਘ ਮੈਂਬਰ ਧਰਮ ਪ੍ਰਚਾਰ ਕਮੇਟੀ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਨਗਰ ਦੇ ਸਰਪੰਚ ਅਤੇ ਪਤਵੰਤੇ ਸੱਜਣ ਹਾਜ਼ਰ ਸਨ।

ਗੁਰਦੁਆਰਾ ਸ੍ਰੀ ਬੁਰਜ ਸਾਹਿਬ ਵਿਖੇ ਬੱਚਿਆਂ ਦੇ ਗੁਰਮਤਿ ਮੁਕਾਬਲੇ ਕਰਵਾਏ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਇਥੇ ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵੀ ਜੀ ਦੇ ਚਰਨ ਛੋਹ ਪ੍ਰਾਪਤ ਇਤਿਹਾਸਕ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ ਵਿਖੇ ਬੱਚਿਆਂ ਦੇ ਗੁਰਮਤਿ ਮੁਕਾਬਲੇ, ਦਸਤਾਰਬੰਦੀ, ਪ੍ਰਸ਼ਨੋਤਰੀ ਅਤੇ ਪੇਂਟਿੰਗ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਵੱਖ-ਵੱਖ ਸਕੂਲਾਂ ਦੇ ਲਗਭਗ 400 ਬੱਚਿਆਂ ਨੇ ਭਾਗ ਲਿਆ। ਇਸ ਮੌਕੇ ਹਲਕਾ ਐੱਸ. ਜੀ. ਪੀ. ਸੀ. ਮੈਂਬਰ ਬੀਬੀ ਜਸਬੀਰ ਕੌਰ ਜਫਰਵਾਲ ਅਤੇ ਮੈਨੇਜਰ ਰਣਜੀਤ ਸਿੰਘ ਕਲਿਆਣਪੁਰ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵਲੋਂ ਗਰਮੀਆਂ ਦੀਆਂ ਛੁੱਟੀਆਂ ਵਿੱਚ ਹਲਕਾ ਧਾਰੀਵਾਲ ਅੰਦਰ ਵੱਖ-ਵੱਖ ਪਿੰਡਾਂ ਵਿੱਚ ਬੱਚਿਆਂ ਦੇ ਹਫਤਾਵਾਰੀ ਗੁਰਮਤਿ ਸਮਰ ਕੈਂਪ ਲਗਾਏ ਗਏ। ਇਨ੍ਹਾਂ ਕੈਂਪਾਂ ਦੌਰਾਨ ਪ੍ਰਚਾਰਕਾਂ, ਢਾਡੀਆਂ, ਕਵੀਸ਼ਰਾਂ ਵਲੋਂ ਗੁਰਮਤਿ ਕਲਾਸਾਂ ਲਗਾ ਕੇ ਬੱਚਿਆਂ ਨੂੰ ਸਿੱਖ ਧਰਮ ਦੇ ਮੁੱਢਲੇ ਸਿਧਾਂਤ, ਗੁਰ-ਇਤਿਹਾਸਾਂ, ਸਿੱਖ ਇਤਿਹਾਸ, ਗੁਰਬਾਣੀ ਅਤੇ ਰਹਿਤ ਮਰਯਾਦਾ ਦੀ ਮੁੱਢਲੀ ਸਿੱਖਿਆ ਸਬੰਧੀ ਜਾਣੂ ਕਰਵਾਇਆ। ਇਤਿਹਾਸਕ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਵਿਖੇ ਇਨ੍ਹਾਂ ਬੱਚਿਆਂ ਦੇ 6 ਗਰੁੱਪਾਂ ਵਿੱਚ ਗੁਰਮਤਿ ਮੁਕਾਬਲੇ ਕਰਵਾਏ ਗਏ। ਮੁਕਾਬਲਿਆਂ ਵਿੱਚੋਂ ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਆਉਣ ਵਾਲੇ ਬੱਚਿਆਂ ਨੂੰ ਤਮਗੇ, ਸਰਟੀਫਿਕੇਟ ਅਤੇ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਅਤੇ ਜੇਤੂਆਂ ਤੋਂ ਇਲਾਵਾ ਵੀ ਭਾਗ ਲੈਣ ਵਾਲੇ ਬੱਚਿਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਆ। ਇਸ ਮੌਕੇ ਰਣਜੋਧ ਸਿੰਘ ਜ਼ਫਰਵਾਲ, ਭਾਈ ਜਗਰੂਪ ਸਿੰਘ ਕਲਿਆਣਪੁਰ, ਭਾਈ ਗੁਰਵਿੰਦਰ ਸਿੰਘ ਵੜੈਚ, ਭਾਈ ਪੰਥਜੀਤ ਸਿੰਘ ਵੜੈਚ, ਭਾਈ ਕੁਲਦੀਪ ਸਿੰਘ ਫੌਜੀ, ਕਵੀਸ਼ਰ ਭਾਈ ਲੱਖਾ ਸਿੰਘ ਮਾਨੇਪੁਰ, ਭਾਈ ਸਿਮਰਨਜੀਤ ਸਿੰਘ, ਭਾਈ ਜਗਦੀਪ ਸਿੰਘ, ਬਲਬੀਰ ਸਿੰਘ, ਲਖਬੀਰ ਸਿੰਘ, ਗੁਰਮੇਲ ਸਿੰਘ, ਸੰਦੀਪ ਸਿੰਘ ਜ਼ਫਰਵਾਲ ਅਤੇ ਸਵਰਨਜੀਤ ਸਿੰਘ ਆਦਿ ਵੀ ਹਾਜ਼ਰ ਸਨ।

ਗੈਰ-ਮਿਆਰੀ ਤੇ ਗੈਰ-ਤਕਨੀਕੀ ਕੰਮ ਪ੍ਰਵਾਨ ਨਹੀਂ : ਡਾ. ਸੋਹਲ

ਤਰਨ ਤਾਰਨ (ਸਾਗਰਦੀਪ ਸਿੰਘ ਅਰੋੜਾ)-ਤਰਨਤਾਰਨ ਦੇ ਵਿਧਾਇਕ ਡਾਕਟਰ ਕਸ਼ਮੀਰ ਸਿੰਘ ਸੋਹਲ ਵਲੋਂ ਪਿੰਡ-ਪਿੰਡ ਗਲੀ-ਗਲੀ ਪ੍ਰੋਗਰਾਮ ਤਹਿਤ ਪਿੰਡ ਭੋਜੀਆਂ ਦਾ ਦੌਰਾ ਕੀਤਾ ਗਿਆ ਅਤੇ ਪਿੰਡ ਵਾਸੀਆਂ ਨੂੰ ਦਰਪੇਸ਼ ਮੁਸ਼ਕਲਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਪਿੰਡ ਦੀ ਪੰਚਾਇਤ ਅਤੇ ਆਪ ਵਲੰਟੀਅਰਾਂ ਵੱਲੋਂ ਗਲੀਆਂ, ਨਾਲੀਆਂ ਅਤੇ ਛੱਪੜਾਂ ਦੀ ਸਫਾਈ ਸਬੰਧੀ ਲੋਕਾਂ ਨੂੰ ਆ ਰਹੀਆਂ ਪਰੇਸ਼ਾਨੀਆਂ ਬਾਰੇ ਦੱਸਿਆ ਗਿਆ। ਨਾਲ ਹੀ ਵਿਧਾਇਕ ਸੋਹਲ ਵੱਲੋਂ ਪਿੰਡ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ ਗਿਆ ਅਤੇ ਕਿਹਾ ਕਿ ਪਿੰਡਾਂ ਵਿੱਚ ਗੈਰ-ਮਿਆਰੀ ਅਤੇ ਗ਼ੈਰ-ਤਕਨੀਕੀ ਚੱਲ ਰਹੇ ਵਿਕਾਸ ਕਾਰਜਾਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜਿਨ੍ਹਾਂ ਅਧਿਕਾਰੀਆਂ ਅਤੇ ਆਗੂਆਂ ਵੱਲੋਂ ਸਰਕਾਰੀ ਪੈਸੇ ਨੂੰ ਖੁਰਦ-ਬੁਰਦ ਕੀਤਾ ਗਿਆ ਹੈ ਉਨ੍ਹਾਂ ਖਿਲਾਫ ਕਾਨੂੰਨੀ ਕਾਰਵਾਈ ਵੀ ਕੀਤੀ ਜਾਵੇਗੀ। ਉਨ੍ਹਾਂ ਨੇ ਪਿੰਡ ਵਾਸੀਆਂ ਦੀਆਂ ਮੰਗਾਂ ਨੂੰ ਧਿਆਨ ਨਾਲ ਸੁਣਿਆ ਅਤੇ ਇਨ੍ਹਾਂ ਨੂੰ ਜਲਦੀ ਹੱਲ ਕਰਨ ਦਾ ਭਰੋਸਾ ਦਿੱਤਾ। ਡਾਕਟਰ ਸੋਹਲ ਨੇ ਕਿਹਾ ਕਿ ਉਹ ਹਲਕੇ ਦੇ ਪਿੰਡਾਂ ਨੂੰ ਸਾਰੀਆਂ ਆਧੁਨਿਕ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹਨ ਅਤੇ ਵਿਕਾਸ ਕਾਰਜਾਂ ਲਈ ਲੋੜੀਂਦੇ ਫੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ।

ਇਸ ਮੌਕੇ ਐਡਵੋਕੇਟ ਕੋਮਲਪ੍ਰੀਤ ਸਿੰਘ ਪੀਏ, ਰਣਜੀਤ ਸਿੰਘ ਰਾਣਾ, ਹਰਵਿੰਦਰ ਸਿੰਘ, ਬਿਕਰਮਜੀਤ ਸਿੰਘ, ਗੱਜਣ ਸਿੰਘ, ਚਰਨਜੀਤ ਸਿੰਘ, ਮਨਪ੍ਰੀਤ ਸਿੰਘ, ਦਲਜੀਤ ਸਿੰਘ, ਮਨਜੀਤ ਸਿੰਘ, ਕਾਬਲ ਸਿੰਘ, ਪਰਮਜੀਤ ਸਿੰਘ, ਸੁਖਦੇਵ ਸਿੰਘ, ਅਮਰਜੀਤ ਸਿੰਘ, ਹਰਵਿੰਦਰ ਸਿੰਘ, ਗੁਰਭੇਜ ਸਿੰਘ, ਹਰਦੀਪ ਸਿੰਘ, ਨਿਸ਼ਾਨ ਸਿੰਘ, ਕੇਵਲ ਸਿੰਘ, ਗਿਆਨ ਸਿੰਘ, ਸਰਦੂਲ ਸਿੰਘ, ਬਲਦੇਵ ਸਿੰਘ, ਹਰਵੰਤ ਸਿੰਘ, ਅਮਰੀਕ ਸਿੰਘ ਅਤੇ ਮਨਜੀਤ ਸਿੰਘ ਆਦਿ ਹਾਜਰ ਸਨ।

ਕੱਚੇ ਅਧਿਆਪਕਾਂ 'ਤੇ ਢਾਹੇ ਸਰਕਾਰੀ ਤਸ਼ੱਦਦ ਦੀ ਸਰਕਾਰੀਆ ਵੱਲੋਂ ਕਰੜੀ ਨਿੰਦਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਬੀਤੇ ਦਿਨੀਂ ਸੰਗਰੂਰ ਵਿਖੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਕੋਠੀ ਵੱਲ ਜਾ ਰਹੇ ਕੱਚੇ ਅਧਿਆਪਕਾਂ ਉੱਪਰ ਕੀਤੇ ਗਏ ਸਰਕਾਰੀ ਤਸ਼ੱਦਦ ਦੀ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਅਤੇ ਮੌਜੂਦਾ ਵਿਧਾਇਕ ਸੁਖਬਿੰਦਰ ਸਿੰਘ ਸਰਕਾਰੀਆ ਨੇ ਕਰੜੇ ਸ਼ਬਦਾਂ ਵਿੱਚ ਹਲਕਾ ਰਾਜਾਸਾਂਸੀ ਦੇ ਚੈਨਪੁਰ, ਡਾਲਾ, ਕਲੇਰ, ਸ਼ੂਹਰੇ, ਬੱਚੀਵਿੰਡ, ਚੋਗਾਵਾਂ, ਡਿੰਡੀ ਸੈਦਾਂ, ਕਲੇਰ ਆਦਿ ਪਿੰਡਾਂ ਵਿੱਚ ਲੋਕਾਂ ਦੇ ਦੁੱਖ ਸੁੱਖ ਵਿੱਚ ਸ਼ਾਮਲ ਹੋਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਰੋਧਤਾ ਕੀਤੀ। ਉਨ੍ਹਾਂ ਕਿਹਾ ਕਿ ਮੁਜ਼ਾਹਰਾ ਕਰ ਰਹੇ ਕੱਚੇ ਅਧਿਆਪਕਾਂ 'ਤੇ ਸਰਕਾਰੀ ਤਸ਼ੱਦਦ ਢਾਹ ਕੇ ਉਨ੍ਹਾਂ ਨੂੰ ਪੱਕਿਆਂ ਕੀਤਾ ਗਿਆ ਜਿਸਦੀ ਜਿੰਨੀ ਵੀ ਨਿਖੇਧੀ ਕੀਤੀ ਜਾਵੇ ਘੱਟ ਹੈ। ਸਰਕਾਰੀਆ ਨੇ ਕਿਹਾ ਕਿ ਪੰਜਾਬ ਦਾ ਹਰ ਵਰਗ ਇਸ ਸਰਕਾਰ ਤੋਂ ਦੁਖੀ ਹੋ ਚੁੱਕਾ ਹੈ। ਹੁਣ ਇਨ੍ਹਾਂ ਦੇ ਆਪਣੇ ਵਰਕਰ ਵੀ ਇਸ ਸਰਕਾਰ ਤੋਂ ਦੁਖੀ ਹੋ ਚੁੱਕੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਅਧਿਆਪਕਾਂ ਦੇ ਮਾਮਲੇ ਵਿੱਚ ਨਵਾਂ ਪੱਤਾ ਖੇਡਿਆ ਹੈ। ਪੂਰੇ ਜ਼ੋਰ-ਸ਼ੋਰ ਨਾਲ ਕੀਤੇ ਗਏ ਐਲਾਨਾਂ ਵਿੱਚ ਆਮ ਘੱਟ ਪੜ੍ਹੇ-ਲਿਖੇ ਲੋਕਾਂ ਨੂੰ ਇਹ ਜਤਾ ਦਿੱਤਾ ਗਿਆ ਕਿ ਸਾਲਾਂ ਤੋਂ ਲਮਕਦੇ ਆ ਰਹੇ ਕੱਚੇ ਅਧਿਆਪਕਾਂ ਨੂੰ ਆਪ ਸਰਕਾਰ ਨੇ ਪੱਕਾ ਕੀਤਾ ਹੈ। ਕੀਤੇ ਐਲਾਨ ਮੁਤਾਬਕ ਤਨਖਾਹਾਂ ਵੀ 15 ਹਜ਼ਾਰ ਤੋਂ ਕਰੀਬ 22 ਹਜ਼ਾਰ ਤਕ ਹਨ। ਸਰਕਾਰੀਆ ਨੇ ਕਿਹਾ ਕਿ ਮੁੱਖ ਮੰਤਰੀ ਸ਼ਾਇਦ ਇਹ ਭੁੱਲ ਗਏ ਕਿ ਇਹ ਅਧਿਆਪਕ ਹਨ ਕੋਈ ਮਜ਼ਦੂਰ ਨਹੀਂ ਕਿਉਂਕ ਅਜਕਲ ਮਜ਼ਦੂਰ ਦੀ ਦਿਹਾੜੀ ਪੰਜਾਬ ਵਿੱਚ ਕਰੀਬ ਪੰਜ ਸੌ ਰੁਪਏ ਹੈ। ਉਹ ਵੀ ਰੋਟੀ ਚਾਹ ਮਾਲਕ ਦੇ ਘਰ ਖਾਂਦਾ ਹੈ ਅਤੇ ਮੁੱਖ ਮੰਤਰੀ ਨੇ 500 ਰੁਪਏ ਦਿਹਾੜੀ ਇਕ ਅਧਿਆਪਕ ਦੀ ਕੀਤੀ ਹੈ। ਅਜਿਹੇ ਵਿੱਚ ਅਧਿਆਪਕ ਆਪਣੇ ਬੱਚੇ ਕਿਵੇਂ ਪਾਲੇਗਾ। ਸਿੱਖਿਆ ਪ੍ਰੋਵਾਈਡਰ, ਈ. ਜੀ. ਐੱਸ, ਆਈ. ਈ. ਵੀ., ਅਧਿਆਪਕਾਂ ਨੂੰ ਰੈਗੂਲਰ ਕਰਨ ਦਾ ਇਹ ਮਹਿਜ਼ ਡਰਾਮਾ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਮਾਹਿਰਾਂ ਦਾ ਮੰਨਣਾ ਹੈ ਕਿ ਨਾ ਕੋਈ ਪੇਅ ਸਕੇਲ, ਨਾ ਕੋਈ ਸਿਵਲ ਸਰਵਿਸ ਰੂਲ, ਨਾ ਕੋਈ ਮਹਿੰਗਾਈ ਭੱਤਾ ਨਾ ਕੋਈ ਹੋਰ ਭੱਤਾ, ਨਾ ਕੋਈ ਮੋਬਾਈਲ ਭੱਤਾ ਨਾ ਕੋਈ ਪੈਨਸ਼ਨ, ਫਿਰ ਕੱਚੇ ਅਧਿਆਪਕ ਪੱਕੇ ਕਿਵੇਂ ਹੋਏ? ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਇਹ ਪਤਾ ਤਾਂ ਕਰ ਲੈਂਦੇ ਕਿ ਇਕ ਈਟੀਟੀ ਜਾਂ ਬੀਐੱਡ ਅਧਿਆਪਕ ਕਿੰਨੀ ਤਨਖਾਹ ਲੈ ਰਿਹਾ ਹੈ। ਤੁਸੀਂ ਚੌਥਾ ਹਿੱਸਾ ਵੀ ਨਹੀਂ ਕਰ ਸਕੇ। ਇਹ ਫਿਰ ਕਾਹਦੇ ਪੱਕੇ ਹੋਏ। ਉਨ੍ਹਾਂ ਕਿਹਾ ਕਿ ਯੋਗਤਾ ਪ੍ਰਾਪਤ ਐਮ. ਏ., ਬੀਐੱਡ ਕੱਚੇ ਅਧਿਆਪਕਾਂ ਨੂੰ ਤਨਖਾਹਾਂ ਰੈਗੂਲਰ ਮੁਲਾਜ਼ਮਾਂ ਦੇ ਬਰਾਬਰ ਦਿਓ। ਇਸ ਮੌਕੇ ਉਨ੍ਹਾਂ ਨਾਲ ਦਿਲਰਾਜ ਸਿੰਘ ਸਰਕਾਰੀਆ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ, ਅਮਨਦੀਪ ਸਿੰਘ ਕੱਕੜ ਮੀਡੀਆ ਸਲਾਹਕਾਰ ਸਾਬਕਾ ਕੈਬਨਿਟ ਮੰਤਰੀ ਅਤੇ ਵਿਧਾਇਕ ਸੁਖਬਿੰਦਰ ਸਿੰਘ, ਰਵੀ ਕੁਮਾਰ ਪੀ. ਏ. ਸਰਕਾਰੀਆ, ਗੁਰਦੇਵ ਸਿੰਘ ਸ਼ੂਹਰਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਸਰਪੰਚ ਸੁਖਦੇਵ ਸਿੰਘ ਚੈਨਪੁਰ, ਸਰਪੰਚ ਨਿਰਵੈਲ ਸਿੰਘ ਚੋਗਾਵਾਂ, ਸਰਪੰਚ ਰੇਸ਼ਮ ਸਿੰਘ ਬੱਚੀਵਿੰਡ, ਬਲਜਿੰਦਰ ਸਿੰਘ ਧਾਰੀਵਾਲ ਜਨਰਲ ਸਕੱਤਰ, ਡਾ. ਪ੍

4-July-PAGE-4-23.qxd 7/3/2023 10:37 PM Page 1

ਨਵਾਂ ਜ਼ਮਾਨਾ
ਮੰਗਲਵਾਰ, 4 ਜੁਲਾਈ 2023

ਪਾਰਟੀਆਂ ਤੇ ਸਮਾਜੀ ਜਥੇਬੰਦੀਆਂ ਦਾ ਮੇਲ

ਕਰਨਾਟਕ ਅਸੰਬਲੀ ਚੋਣਾਂ 'ਚ ਭਾਜਪਾ ਨੂੰ ਸੱਤਾ ਤੋਂ ਬਾਹਰ ਕਰਨ 'ਚ ਸਮਾਜੀ ਜਥੇਬੰਦੀਆਂ ਤੇ ਮਨੁੱਖੀ ਅਧਿਕਾਰ ਜਥੇਬੰਦੀਆਂ ਨੇ ਬਹੁਤ ਵੱਡਾ ਰੋਲ ਨਿਭਾਇਆ। ਉਨ੍ਹਾਂ ਭਾਜਪਾ ਦੀਆਂ ਨਫਰਤ ਫੈਲਾਉਣ ਵਾਲੀਆਂ ਨੀਤੀਆਂ ਖਿਲਾਫ ਕਾਫੀ ਚਿਰ ਤੋਂ ਪਿੰਡ-ਪਿੰਡ ਤੇ ਸ਼ਹਿਰ-ਸ਼ਹਿਰ ਸਰਗਰਮ ਰਹਿ ਕੇ ਲੋਕਾਂ ਨੂੰ ਭਾਜਪਾ ਨੂੰ ਸੱਤਾ ਤੋਂ ਬੇਦਖਲ ਕਰਨ ਲਈ ਜਾਗਰੂਕ ਕੀਤਾ। ਉਨ੍ਹਾਂ ਵਰਗੀ ਪਹਿਲਕਦਮੀ ਪਿਛਲੇ ਦਿਨੀਂ ਉੱਤਰਾਖੰਡ ਵਿਚ ਨਜ਼ਰ ਆਈ ਹੈ। ਉੱਤਰਾਖੰਡ 'ਚ ਭਾਜਪਾ ਦੀ ਸਰਕਾਰ ਹੈ ਤੇ ਉਸ ਨੇ ਘੱਟ ਗਿਣਤੀਆਂ ਦਾ ਜਿਊਣਾ ਹਰਾਮ ਕੀਤਾ ਹੋਇਆ ਹੈ। ਹਾਲ ਹੀ ਦੇ ਦਿਨਾਂ 'ਚ ਉੱਤਰਾਖੰਡ 'ਚ ਵਾਪਰੀਆਂ ਫਿਰਕੂ ਨਫਰਤ ਫੈਲਾਉਣ ਦੀਆਂ ਘਟਨਾਵਾਂ ਤੇ ਉਸ 'ਚ ਸੂਬਾ ਸਰਕਾਰ ਦੀ ਭੂਮਿਕਾ ਖਿਲਾਫ ਨੈਨੀਤਾਲ ਜ਼ਿਲ੍ਹੇ ਦੇ ਸ਼ਹਿਰ ਹਲਦਵਾਨੀ 'ਚ ਕਰੀਬ ਸਾਰੀਆਂ ਆਪੋਜ਼ੀਸ਼ਨ ਪਾਰਟੀਆਂ ਤੇ ਦਰਜਨਾਂ ਸਮਾਜੀ ਜਥੇਬੰਦੀਆਂ ਨੇ ਸਦਭਾਵਨਾ ਸੰਮੇਲਨ ਕੀਤਾ। ਇਸ 'ਚ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਤੇ ਨਫਰਤ ਫੈਲਾਉਣ ਵਾਲਿਆਂ ਖਿਲਾਫ ਸਖਤ ਕਾਰਵਾਈ ਕਰਨ ਦੀ ਮੰਗ ਕੀਤੀ ਗਈ। ਇਸ ਦੇ ਨਾਲ ਹੀ ਸੰਵਿਧਾਨ ਬਚਾਉਣ ਲਈ ਭਵਿੱਖ 'ਚ ਵੀ ਲਗਾਤਾਰ ਅਜਿਹੇ ਪ੍ਰੋਗਰਾਮ ਕਰਨ ਦਾ ਸੰਕਲਪ ਲਿਆ ਗਿਆ। ਸੰਮੇਲਨ ਦੀ ਰਾਇ ਸੀ ਕਿ ਉੱਤਰਾਖੰਡ 'ਚ ਸਰਕਾਰ ਦੀ ਸ਼ਹਿ 'ਤੇ ਫਿਰਕੂ ਖਿਚਾਅ ਪੈਦਾ ਕੀਤਾ ਜਾ ਰਿਹਾ ਹੈ, ਕਿਉਂਕਿ ਭਾਜਪਾ ਨੂੰ 2024 ਦੀਆਂ ਲੋਕ ਸਭਾ ਚੋਣਾਂ 'ਚ ਇੱਥੋਂ ਜਿੱਤ ਦੀ ਆਸ ਨਹੀਂ ਹੈ। ਸਰਕਾਰ ਤੇ ਭਾਜਪਾ ਲੋਕ ਸਭਾ ਚੋਣਾਂ ਤੋਂ ਪਹਿਲਾਂ ਫਿਰਕੂ ਹਿੰਸਾ ਨੂੰ ਹੋਰ ਵਧਾ ਸਕਦੀਆਂ ਹਨ। ਸਿਆਸੀ ਪਾਰਟੀਆਂ ਤੇ ਸਿਵਲ ਸੁਸਾਇਟੀਆਂ ਦਾ ਅਜਿਹਾ ਪਹਿਲਾ ਸੰਮੇਲਨ 19 ਜੂਨ ਨੂੰ ਦੇਹਰਾਦੂਨ ਵਿਚ ਕੀਤਾ ਗਿਆ ਸੀ, ਪਰ ਇਸ 'ਚ ਕਾਂਗਰਸ ਦੇ ਸ਼ਾਮਲ ਨਾ ਹੋਣ ਕਰਕੇ ਮੰਨਿਆ ਜਾ ਰਿਹਾ ਸੀ ਕਿ ਏਕਤਾ ਦੇ ਅਜਿਹੇ ਜਤਨ 'ਚ ਕਾਂਗਰਸ ਦੇ ਸ਼ਾਮਲ ਨਾ ਹੋਣ ਨਾਲ ਸਫਲਤਾ ਸ਼ੱਕੀ ਹੈ, ਪਰ ਹਲਦਵਾਨੀ ਸੰਮੇਲਨ 'ਚ ਕਾਂਗਰਸ ਦੇ ਸੂਬਾ ਪ੍ਰਧਾਨ ਕਰਨ ਮਾਹਰਾ ਤੇ ਹਲਦਵਾਨੀ ਦੇ ਵਿਧਾਇਕ ਸੁਮਿਤ ਹਿਰਦੇਸ਼ ਸ਼ਾਮਲ ਹੋਏ ਤੇ ਅੱਗੋਂ ਵੀ ਸਰਗਰਮ ਰਹਿਣ ਦੀ ਗੱਲ ਕਹੀ। ਸੰਮੇਲਨ 'ਚ ਹਿੱਸਾ ਲੈਣ ਵਾਲੀਆਂ ਪਾਰਟੀਆਂ 'ਚ ਕਾਂਗਰਸ ਤੋਂ ਇਲਾਵਾ ਸੀ ਪੀ ਆਈ, ਸੀ ਪੀ ਆਈ (ਐੱਮ), ਸੀ ਪੀ ਆਈ (ਐੱਮ ਐੱਲ), ਉੱਤਰਾਖੰਡ ਪਰਿਵਰਤਨ ਪਾਰਟੀ, ਆਮ ਆਦਮੀ ਪਾਰਟੀ, ਆਜ਼ਾਦ ਸਮਾਜ ਪਾਰਟੀ ਸ਼ਾਮਲ ਸਨ। ਸੰਮੇਲਨ ਨੇ ਨਾਅਰਾ ਦਿੱਤਾ—ਨਫਰਤ ਨਹੀਂ, ਰੁਜ਼ਗਾਰ ਦਿਓ ਅਤੇ ਸੰਵਿਧਾਨ ਬਚਾਓ, ਲੋਕਤੰਤਰ ਬਚਾਓ। ਸ੍ਰੀਦੇਵ ਸੁਮਨ ਦੇ ਸ਼ਹੀਦੀ ਦਿਵਸ ਦੇ ਮੌਕੇ 25 ਜੁਲਾਈ ਨੂੰ ਟੀਹਰੀ ਜ਼ਿਲ੍ਹੇ 'ਚ ਉਨ੍ਹਾ ਦੇ ਪਿੰਡ ਜੌਲ 'ਚ ਤਮਾਮ ਜਥੇਬੰਦੀਆਂ ਦੇ ਆਗੂ ਆਮ ਨਾਗਰਿਕਾਂ ਨਾਲ ਪ੍ਰਜਾਤੰਤਰ ਦਿਵਸ ਮਨਾਉਣਗੇ। ਉਸ ਦਿਨ ਰਾਜ-ਭਰ 'ਚ ਅਜਿਹੇ ਪ੍ਰੋਗਰਾਮ ਕੀਤੇ ਜਾਣਗੇ। 9 ਅਗਸਤ ਨੂੰ ਭਾਰਤ ਛੱਡੋ ਅੰਦੋਲਨ ਦੀ ਬਰਸੀ 'ਤੇ ਦੇਹਰਾਦੂਨ 'ਚ ਇਨ੍ਹਾਂ ਮੁੱਦਿਆਂ 'ਤੇ ਪ੍ਰੋਗਰਾਮ ਕੀਤਾ ਜਾਵੇਗਾ। ਇਸੇ ਦਰਮਿਆਨ 'ਨਫਰਤ ਨਹੀਂ, ਰੁਜ਼ਗਾਰ ਦਿਓ' ਮੁੱਦੇ 'ਤੇ ਰਾਜ-ਭਰ 'ਚ ਦਸਤਖਤੀ ਮੁਹਿੰਮ ਚਲਾਈ ਜਾਵੇਗੀ। ਸੰਮੇਲਨ ਦੀ ਇਕ ਖਾਸ ਗੱਲ ਇਹ ਵੀ ਰਹੀ ਕਿ ਜਿਹੜੀਆਂ ਜਥੇਬੰਦੀਆਂ ਤੇ ਉਨ੍ਹਾਂ ਦੇ ਨੁਮਾਇੰਦੇ ਨਹੀਂ ਪੁੱਜੇ, ਉਨ੍ਹਾਂ ਸੰਦੇਸ਼ ਘੱਲ ਕੇ ਇਕਜੁਟਤਾ ਦਾ ਪ੍ਰਗਟਾਵਾ ਕੀਤਾ। ਇਨ੍ਹਾਂ 'ਚ ਉੱਤਰਾਖੰਡ ਇਨਸਾਨੀਅਤ ਮੰਚ, ਬੀਜ ਬਜਾਓ ਅੰਦੋਲਨ ਦੇ ਆਗੂ ਵੀ ਸ਼ਾਮਲ ਹਨ। ਸੰਮੇਲਨ ਨੇ ਫੈਸਲਾ ਕੀਤਾ ਕਿ ਭਾਜਪਾ ਚਾਹੁੰਦੀ ਹੈ ਕਿ ਹਿੰਦੂ-ਮੁਸਲਮ ਮੁੱਦਾ ਗਰਮ ਰਹੇ, ਇਸ ਲਈ ਉਸ ਨੂੰ ਹਰ ਮੋਰਚੇ 'ਤੇ ਭੰਡਣਾ ਚਾਹੀਦਾ ਹੈ। ਕੇਂਦਰ ਤੇ ਰਾਜ ਸਰਕਾਰ ਹਰ ਮੁੱਦੇ 'ਤੇ ਫੇਲ੍ਹ ਹੋਏ ਹਨ, ਇਸ ਤੱਥ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਲਈ ਪੂਰਾ ਜ਼ੋਰ ਲਾਇਆ ਜਾਣਾ ਚਾਹੀਦਾ ਹੈ। ਕਰਨਾਟਕ 'ਚ ਵੀ ਜਮਹੂਰੀ ਤੇ ਸੈਕੂਲਰ ਪਾਰਟੀਆਂ ਅਤੇ ਸਮਾਜੀ ਜਥੇਬੰਦੀਆਂ ਨੇ ਇਸੇ ਤਰ੍ਹਾਂ ਦੀ ਮੁਹਿੰਮ ਚਲਾਈ ਸੀ, ਜਿਸ ਦਾ ਸਾਰਥਕ ਨਤੀਜਾ ਨਿਕਲਿਆ। ਉੱਤਰਾਖੰਡ 'ਚ ਵੀ ਸਿਆਸੀ ਪਾਰਟੀਆਂ ਤੇ ਸਮਾਜੀ ਜਥੇਬੰਦੀਆਂ ਨੇ ਵਧੀਆ ਪਹਿਲ ਕੀਤੀ ਹੈ। ਦੇਸ਼-ਭਰ 'ਚ ਅਜਿਹੀ ਪਹਿਲ ਹੁਣ ਤੋਂ ਸ਼ੁਰੂ ਹੋ ਜਾਵੇ ਤਾਂ ਕੇਂਦਰ 'ਚ ਭਾਜਪਾ ਨੂੰ ਬੇਦਖਲ ਕਰਨ 'ਚ ਕਾਫੀ ਮਦਦ ਮਿਲ ਸਕਦੀ ਹੈ।

ਪਾਠਕ-ਸੱਥ

ਸ਼ਲਾਘਾਯੋਗ ਕਦਮ

ਪੰਜਾਬ ਸਰਕਾਰ ਦੁਆਰਾ ਲੜਕੀਆਂ ਦੀ ਜਨਮ ਦਰ ਵਧਾਉਣ ਅਤੇ ਲੜਕੀਆਂ ਦੇ ਅਨੁਪਾਤ ਵਿਚ ਸੁਧਾਰ ਲਿਆਉਣ ਲਈ ਸ਼ਲਾਘਾਯੋਗ ਕਦਮ ਚੁੱਕਿਆ ਗਿਆ ਹੈ, ਜਿਸ ਵਿਚ ਪਹਿਲੀ ਲੜਕੀ ਦੇ ਜਨਮ 'ਤੇ ਮਾਤਾ ਨੂੰ ਪੰਜ ਹਜਾਰ ਅਤੇ ਦੂਜੀ ਲੜਕੀ ਦੇ ਜਨਮ ਤੇ ਛੇ ਹਜਾਰ ਰੁਪਏ ਦਿੱਤੇ ਜਾਣਗੇ। ਪੰਜਾਬ ਸਰਕਾਰ ਦੁਆਰਾ ਚੁੱਕੇ ਇਸ ਉਦਮ ਨਾਲ ਜਿਥੇ ਸਮਾਜ ਦੀ ਲੜਕੀਆਂ ਪ੍ਰਤੀ ਬਣੀ ਹੋਈ ਪੁਰਾਤਨ ਰੂੜ੍ਹੀਵਾਦੀ ਸੋਚ ਵਿੱਚ ਬਦਲਾਅ ਦਾ ਰਾਹ ਪੱਧਰਾ ਹੋਵੇਗਾ, ਉਥੇ ਜਣੇਪੇ ਵਿਚ ਮਾਤਾ ਨੂੰ ਵੀ ਪੈਸਿਆਂ ਨਾਲ ਸਹਾਰਾ ਮਿਲੇਗਾ। ਸਰਕਾਰ ਨੂੰ ਲੜਕੀਆਂ ਦੇ ਜਨਮ ਤੋਂ ਬਾਅਦ ਉਹਨਾਂ ਦੀ ਪੜ੍ਹਾਈ ਅਤੇ ਸਰੁੱਖਿਆ ਲਈ ਵੀ ਕਦਮ ਚੁੱਕਣ ਦੀ ਲੋੜ ਹੈ,ਕਿਉਂਕਿ ਸਿੱਖਿਆ ਹੀ ਇੱਕ ਅਜਿਹਾ ਹਥਿਆਰ ਹੈ, ਜਿਸ ਦੀ ਵਰਤੋਂ ਨਾਲ ਔਰਤਾਂ ਦੀ ਸਥਿਤੀ ਵਿੱਚ ਬਦਲਾਅ ਅਤੇ ਸਸ਼ਕਤੀਕਰਨ ਵਿਚ ਵਾਧਾ ਹੋ ਸਕਦਾ ਹੈ। ਸਰਕਾਰ ਦੇ ਨਾਲ-ਨਾਲ ਜਿਥੇ ਸਮਾਜਿਕ ਕਾਰਕੁੰਨਾਂ ਨੂੰ ਵੀ ਔਰਤਾਂ ਦੀ ਸਥਿਤੀ ਸੁਧਾਰਨ ਲਈ ਲਾਮਬੰਦ ਹੋਣਾ ਹੋਵੇਗਾ, ਉਥੇ ਔਰਤਾਂ ਨੂੰ ਵੀ ਆਪਣੀ ਆਵਾਜ਼ ਬੁਲੰਦ ਕਰਨੀ ਹੋਵੇਗੀ।

-ਰਜਵਿੰਦਰ ਪਾਲ ਸ਼ਰਮਾ, 70873-67969

ਸਿਹਤ ਮੰਤਰੀ ਜੀ, ਅਲਟਰਾਸਾਊਂਡ ਮਸ਼ੀਨਾਂ ਤਾਂ ਲਗਵਾ ਦਿਓ...

ਪੰਜਾਬ ਸਰਕਾਰ ਬੇਸ਼ੱਕ ਸਿਹਤ ਅਤੇ ਸਿੱਖਿਆ ਵਿੱਚ ਵੱਡੇ ਸੁਧਾਰ ਕਰਨ ਦੀਆਂ ਗੱਲਾਂ ਕਰਦੀ ਹੈ, ਪ੍ਰੰਤੂ ਸਰਕਾਰ ਬਣੀ ਨੂੰ ਕਾਫੀ ਸਮਾਂ ਬੀਤਣ ਉਪਰੰਤ ਵੀ ਬਹੁਤ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਆਮ ਨਿੱਤ ਜ਼ਰੂਰਤ ਦੀਆਂ ਲੋੜਾਂ ਲਈ ਵੀ ਕਾਫੀ ਜਿਆਦਾ ਖੱਜਲ-ਖੁਆਰ ਹੋਣਾ ਪੈਂਦਾ ਹੈ ਜਾਂ ਪ੍ਰਾਈਵੇਟ ਕੇਂਦਰਾਂ ਵਿੱਚ ਟੈਸਟ ਕਰਵਾ ਕੇ ਮਜਬੂਰੀਵੱਸ ਆਪਣੀ ਲੁੱਟ ਕਰਵਾਉਣੀ ਪੈਂਦੀ ਹੈ। ਬਠਿੰਡਾ ਦੇ ਸਰਕਾਰੀ ਹਸਪਤਾਲ ਵਿੱਚ ਸਿਰਫ ਇੱਕ ਹੀ ਅਲਟਰਾਸਾਊਂਡ ਮਸ਼ੀਨ ਹੋਣ ਕਰਕੇ ਇਥੇ ਛੇਤੀ ਕੀਤੇ ਵਾਰੀ ਹੀ ਨਹੀਂ ਆਉਂਦੀ, ਜਿਸ ਕਰਕੇ ਗਰੀਬ ਲੋਕਾਂ ਦਾ ਕਾਫੀ ਸਮਾ ਬਰਬਾਦ ਹੋ ਜਾਂਦਾ ਹੈ, ਜਿਸ ਵਿੱਚ ਉਹਨਾਂ ਆਪਣੀ ਕਿਰਤ ਕਮਾਈ ਕਰਨੀ ਹੁੰਦੀ ਹੈ ਜਾਂ ਫਿਰ ਮਜਬੂਰੀ ਵੱਸ ਪ੍ਰਾਈਵੇਟ ਕਿਸੇ ਕੇਂਦਰ ਵਿੱਚੋਂ ਮਹਿੰਗੇ ਭਾਅ 'ਤੇ ਅਲਟਰਾਸਾਊਂਡ ਕਰਵਾਉਣਾ ਪੈਂਦਾ ਹੈ। ਪੰਜਾਬ ਦੇ ਸਿਹਤ ਮੰਤਰੀ ਜੀ ਨੂੰ ਬੇਨਤੀ ਹੈ ਕਿ ਬਠਿੰਡਾ ਦੇ ਸਰਕਾਰੀ ਹਸਪਤਾਲ ਵਿੱਚ ਅਲਟਰਾਸਾਉਂਡ ਮਸੀਨਾਂ ਦੀ ਗਿਣਤੀ ਵਧਾ ਕੇ ਗਰੀਬ ਲੋਕਾਂ ਨੂੰ ਜ਼ਰੂਰ ਰਾਹਤ ਦਿੱਤੀ ਜਾਵੇ। ਇਸ ਤੋਂ ਇਲਾਵਾ ਬਠਿੰਡਾ ਜਿਲ੍ਹੇ ਅਧੀਨ ਆਉਂਦੀ ਸੰਗਤ ਮੰਡੀ ਅਤੇ ਪਿੰਡ ਘੁੱਦਾ ਦੇ ਸਰਕਾਰੀ ਹਸਪਤਾਲ ਵਿੱਚ ਵੀ ਅਲਟਰਾਸਾਊਂਡ ਮਸੀਨਾਂ ਜ਼ਰੂਰ ਭੇਜੀਆਂ ਜਾਣ, ਕਿਉਂਕਿ ਅੱਜ ਤੱਕ ਇੱਥੇ ਇੱਕ ਅਲਟਰਾਸਾਊਂਡ ਮਸ਼ੀਨ ਨਹੀਂ, ਤਾਂ ਜੋ ਗਰੀਬ ਤੇ ਸਾਧਨ ਵਿਹੂਣੇ ਲੋਕਾਂ ਨੂੰ ਅਲਟਰਾਸਾਊਂਡ ਕਰਵਾਉਣ ਲਈ ਕਈ ਕਈ ਕਿਲੋਮੀਟਰ ਨਾ ਜਾਣਾ ਪਵੇ।

-ਅੰਗਰੇਜ ਸਿੰਘ ਵਿੱਕੀ, 98888-70822

ਕਮਿਊਨਿਸਟ ਹੋਣਾ ਫ਼ਖ਼ਰ ਹੀ ਤਾਂ ਹੈ (2)

ਸੁੱਚਾ ਸਿੰਘ ਖੱਟੜਾ

ਇਸ ਆਰਟੀਕਲ ਦੇ ਪਹਿਲੇ ਹਿੱਸੇ ਵਿੱਚ ਅਸੀਂ 'ਕਮਿਊਨਿਸਟ' ਸ਼ਬਦ ਦੀ ਉਤਪਤੀ ਬਾਰੇ ਦੱਸਦਿਆਂ ਕਮਿਊਨ ਜਾਂ ਕਬੀਲਾ ਜੀਵਨ ਦੇ ਉਨ੍ਹਾਂ ਕੁਝ ਸ਼ਾਨਦਾਰ ਲੱਛਣਾਂ ਦਾ ਜ਼ਿਕਰ ਕੀਤਾ ਸੀ, ਜਿਨ੍ਹਾਂ ਨੂੰ ਅਧਾਰ ਬਣਾ ਕੇ 'ਹੱਕ ਪਰਾਇਆ' ਖਾਣ ਦਾ ਜੁਗਾੜ ਨਾ ਹੋਵੇ, ਬਰਾਬਰੀ ਦਾ ਵਰਤਾਰਾ ਹੋਵੇ। ਗੈਰ-ਬਰਾਬਰੀ ਦੇ ਚੱਲਦਿਆਂ ਪੱਕੇ ਪੈਰੀਂ ਸਿਰਜੀ ਊਚ-ਨੀਚ ਤੋਂ ਛੁਟਕਾਰਾ ਮਿਲੇ। ਕਿਰਤ ਦੀ ਕਦਰ ਪੈਸੇ-ਧੇਲੇ ਦੇ ਰੂਪ ਵਿੱਚ ਹੀ ਨਹੀਂ, ਸਗੋਂ ਕਿਰਤ ਨੂੰ ਸਭ ਸੁੱਖ ਸਾਧਨਾ ਦੀ ਸਿਰਜਣਹਾਰੀ ਅਤੇ ਇਸ ਤੋਂ ਵੀ ਵੱਧ ਗਿਆਨ ਅਤੇ ਗਿਆਨ ਦੇ ਨਿਰੰਤਰ ਵਿਕਾਸ ਦੀ ਸਿਰਜਣਹਾਰੀ ਸਮਝੀ ਜਾਵੇ। ਕੋਈ ਪ੍ਰਸ਼ਨ ਕਰ ਸਕਦਾ ਹੈ ਕਿ ਕਬੀਲਾ ਜਾਂ ਕਮਿਊਨ ਜੀਵਨ ਪੜਾਅ ਤਾਂ ਅਤਿ ਪੱਛੜਿਆ, ਇੱਕ-ਦੂਜੇ ਕਬੀਲੇ ਲਈ ਖੂੰਖਾਰ, ਅਨਪੜ੍ਹ ਅਤੇ ਨੰਗੇ ਧੜ ਵਿਚਰਨ ਵਾਲਾ ਅਜਿਹੀਆਂ ਹੋਰ ਅਨੇਕਾਂ ਘਾਟਾਂ ਕਮਜ਼ੋਰੀਆਂ ਨਾਲ ਭਰਪੂਰ ਸੀ। ਸਹੀ ਪ੍ਰਸ਼ਨ ਹੈ। ਸਾਡਾ ਉੱਤਰ ਤਾਂ ਪਹਿਲੇ ਆਰਟੀਕਲ ਵਿੱਚ ਹੀ ਇਹ ਕਹਿ ਕੇ ਦੇ ਦਿੱਤਾ ਗਿਆ ਸੀ ਕਿ ਕਮਿਊਨਿਸਟ ਅੱਜ ਦੇ ਸਮਾਜ ਨੂੰ ਜੀਵਨ ਦੇ ਕਬੀਲਾ ਪੜਾਅ ਵੱਲ ਨਹੀਂ ਲਿਜਾਣਾ ਚਾਹੁੰਦੇ, ਸਗੋਂ ਉਸ ਪੜਾਅ ਉਤੇ ਉਨ੍ਹਾ ਮੁਢਲੇ ਲੱਛਣਾਂ ਉਤੇ ਆਰਥਿਕ ਅਤੇ ਸਮਾਜਿਕ ਜੀਵਨ ਸੰਭਵ ਕਰਨ ਦਾ ਪ੍ਰਬੰਧਕੀ ਢਾਂਚਾ ਚਾਹੁੰਦੇ ਹਨ। ਇਹ ਕਾਰਜ ਸਰਕਾਰ ਹੀ ਕਰ ਸਕਦੀ ਹੈ। ਇਹ ਕਾਰਜ ਸਰਕਾਰ ਨੂੰ ਸੁਝਾਅ, ਬੇਨਤੀਆਂ ਜਾਂ ਉਪਦੇਸ਼ ਦੇ ਕੇ ਨਹੀਂ ਹੋਣਾ। ਇਹ ਕਾਰਜ ਸਮਾਜ ਦੇ ਅਜਿਹੇ ਨੁਮਾਇੰਦੇ ਹੀ ਕਰ ਸਕਣਗੇ। ਜਿਹੜੇ ਵਿਚਾਰ ਅਤੇ ਕਰਮ ਵਿੱਚ ਕਿਰਤ ਅਤੇ ਕਿਰਤੀ ਦੀ ਅਹਿਮੀਅਤ ਅਤੇ ਮਨੁੱਖੀ ਭਾਈਚਾਰੇ ਵਿੱਚ ਬਰਾਬਰੀ ਦੇ ਵਿਸ਼ਵਾਸੀ ਹੋਣ। ਵਿਚਾਰਧਾਰਾ ਦੀ ਇਹ ਵੰਨਗੀ ਅਗਾਂਹਵਧੂ ਵਿਚਾਰਧਾਰਾ ਅਖਵਾਉਂਦੀ ਹੈ। ਇਸ ਵਿੱਚ ਵਿਚਾਰਧਾਰਾ ਦੇ ਧਾਰਨੀ ਲੋਕਾਂ ਨੂੰ ਕਮਿਊਨਿਸਟ ਕਿਹਾ ਜਾਂਦਾ ਹੈ। ਇਸ ਤੋਂ ਵੱਡਾ ਫ਼ਖ਼ਰ ਹੋਰ ਕੀ ਹੋ ਸਕਦਾ ਹੈ।

ਮਨੁੱਖੀ ਭਾਈਚਾਰਾ ਅਤੇ ਬਰਾਬਰੀ ਕੋਈ ਨਵਾਂ ਸੰਕਲਪ ਨਹੀਂ। ਸਮਾਜ ਦੇ ਵਿਕਾਸ ਦੇ ਪੜਾਅ ਵਿੱਚ ਇਹ ਬਗਾਵਤ ਵਜੋਂ ਉੱਠਿਆ। ਮਿਸਾਲ ਲਈ ਕਬੀਰ, ਰਵੀਦਾਸ ਅਤੇ ਭਗਤੀ ਮਾਰਗ ਦੇ ਹੋਰ ਸੰਤਾਂ ਵੱਲੋਂ ਇਹ ਬਗਾਵਤ ਅਧਿਆਤਮਕ ਖੇਤਰ ਵਿੱਚ ਇਨ੍ਹਾਂ ਅਰਥਾਂ ਤੱਕ ਸੀਮਤ ਸੀ ਕਿ ਸਭ ਅੱਵਲ ਅੱਲਾ ਜਾਂ ਈਸ਼ਵਰੀ ਔਲਾਦ ਹਨ, ਇਸ ਲਈ ਉਸ ਦੀ ਨਜ਼ਰ ਵਿੱਚ ਸਭ ਬਰਾਬਰ ਹਨ। ਬਾਬਾ ਨਾਨਕ ਨੇ ਬਰਾਬਰੀ ਦੇ ਇਸ ਸੰਕਲਪ ਨੂੰ ਅਧਿਆਤਮਕ ਖੇਤਰ 'ਚੋਂ ਸਮਾਜਿਕ, ਆਰਥਿਕ ਅਤੇ ਰਾਜਨੀਤਕ ਖੇਤਰ ਤੱਕ ਉਤਾਰ ਦਿੱਤਾ। ਕਿਉਂਕਿ ਮਾਨਵ ਸੱਭਿਅਤਾ ਦੇ ਵਿਕਾਸ ਵਿੱਚ ਇਹ ਸੰਕਲਪ ਅਗਾਂਹਵਧੂ ਸੀ, ਇਸ ਲਈ ਹੀ ਤਾਂ ਸੰਵਿਧਾਨ ਦਾ ਹਿੱਸਾ ਵੀ ਬਣਿਆ। ਪਰ ਕਿਉਂਕਿ ਗੈਰ ਬਰਾਬਰੀ ਦੇ ਜੁਗਾੜ ਨਹੀਂ ਬਦਲੇ। ਇਸ ਲਈ ਸੰਵਿਧਾਨ ਵਿਚਲੀ ਬਰਾਬਰੀ ਸੰਭਵ ਨਹੀਂ ਹੋਣੀ। ਜਿਹੜੇ ਗੈਰ-ਬਰਾਬਰੀ ਦੇ ਜੁਗਾੜ ਨੂੰ ਜੜ੍ਹੋਂ ਪੁੱਟ ਕੇ ਅੱਗੇ ਤੋਂ ਉੱਗਣਾ ਤੱਕ ਬੰਦ ਕਰਨ ਦੀ ਗੱਲ ਕਰਦੇ ਹਨ, ਉਹੀ ਬਰਾਬਰੀ ਦੇ ਜਾਮਨ ਬਣ ਸਕਦੇ ਹਨ। ਇਸ ਕਾਰਜ ਵਿੱਚ ਕਮਿਊਨਿਸਟ ਸਭ ਤੋਂ ਮੁਖਰ ਅਤੇ ਅੱਗੇ ਹਨ। ਇਸ ਕਾਰਜ ਲਈ ਭਰੋਸੇਯੋਗ ਧਿਰ ਕਮਿਊਨਿਸਟ ਹੀ ਹਨ, ਕਿਉਂਕਿ ਗੈਰ ਬਰਾਬਰੀ ਦੂਜੇ ਜਾਂ ਦੂਜਿਆਂ ਦੀ ਕਿਰਤ ਦੀ ਲੁੱਟ ਤੋਂ ਉਤਪੰਨ ਹੁੰਦੀ ਹੈ, ਇਸ ਲਈ ਕਿਰਤੀ ਦੀ ਧਿਰ ਕਮਿਊਨਿਸਟ ਹੀ ਬਣਦੇ ਹਨ।

ਬਾਬਾ ਨਾਨਕ ਨੇ ਕਿਰਤੀ ਦੀ ਧਿਰ ਬਣਨ ਦਾ ਉਪਦੇਸ਼ ਦੇਣ ਦੇ ਮੰਤਵ ਨਾਲ ਹੀ ਮੌਕੇ ਦੀ ਘਟਨਾ ਉਦੋਂ ਵਰਤਾਅ ਦਿੱਤੀ, ਜਦੋਂ ਉਨ੍ਹਾ ਮਲਕ ਭਾਗੋ ਦੇ ਸ਼ਾਹੀ ਖਾਣੇ ਦੀ ਥਾਂ ਭਾਈ ਲਾਲੋ ਦੀ ਕੋਧਰੇ ਦੀ ਰੋਟੀ ਨੂੰ ਚੁਣਿਆ। ਇੱਥੇ ਮਲਕ ਭਾਗੋ ਪਰਾਈ ਕਿਰਤ ਉਤੇ ਪਲਣ ਵਾਲਿਆ ਅਤੇ ਭਾਈ ਲਾਲੋ ਆਪਣੀ ਕਿਰਤ ਖਾਣ ਵਾਲਿਆ ਦਾ ਪ੍ਰਤੀਕ ਹੈ। ਪ੍ਰਚਾਰਕ ਲੋਕ ਭਾਈ ਲਾਲੋ ਅਤੇ ਮਲਕ ਭਾਗੋ ਨੂੰ ਦੋ ਵਿਅਕਤੀ ਮੰਨਦੇ ਅਤੇ ਪ੍ਰਚਾਰਦੇ ਹਨ, ਜੋ ਕਿ ਗਲਤ ਹੈ। ਭਾਈ ਲਾਲੋ ਵਿਅਕਤੀ ਨਹੀਂ, ਸਮਾਜ ਦਾ ਇੱਕ ਵਰਗ ਹੈ ਦੂਜੇ ਪਾਸੇ ਮਲਕ ਭਾਗੋ ਇੱਕ ਵਿਅਕਤੀ ਨਹੀ ਸਮਾਜ ਦਾ ਇੱਕ ਵਰਗ ਹੈ। ਬਾਬਾ ਨਾਨਕ ਜਿਸ ਕਿਰਤੀ ਧਿਰ ਨਾਲ ਖੜਿਆ, ਅੱਜ ਕਮਿਊਨਿਸਟ ਉਸ ਧਿਰ ਨਾਲ ਖੜੇ ਹਨ। ਜਿਹੜਾ ਵੀ ਸਿੱਖ ਉਪਰੋਕਤ ਸਾਖੀ ਦੇ ਇਹ ਅਰਥ ਕੱਢੇਗਾ, ਉਹ ਸਿੱਖ ਹੁੰਦਿਆਂ ਵੀ ਕਮਿਊਨਿਸਟ ਹੋ ਨਿਬੜੇਗਾ। ਬਾਬਾ ਨਾਨਕ ਦੇ ਇਸ ਇਨਕਲਾਬੀ ਅਮਲ ਉੱਤੇ ਚੱਲਣ ਦਾ ਫਖ਼ਰ ਕਮਿਊਨਿਸਟ ਹੀ ਕਰ ਸਕਦੇ ਹਨ। ਸਿੱਖੀ ਅਤੇ ਕਮਿਊਨਿਜ਼ਮ ਜਾਂ ਸਮਾਜਵਾਦ ਵਿੱਚ ਕਿਹੜਾ ਫ਼ਰਕ?

ਪਾਠਕਾਂ ਨੂੰ ਪਤਾ ਹੈ ਕਿ ਇੰਗਲੈਂਡ, ਫ਼ਰਾਂਸ, ਜਰਮਨੀ ਸਮੇਤ ਸਭ ਯੂਰਪੀ ਦੇਸ਼ਾਂ ਦੀ ਅਮੀਰੀ ਬਸਤੀਆਂ ਦੀ ਲੁੱਟ ਤੋਂ ਸੀ। ਅਮਰੀਕਾ ਇੰਡਸਟਰੀਅਲ ਕ੍ਰਾਂਤੀ ਕਾਰਨ ਅੱਗੇ ਵਧਿਆ। ਰੂਸ ਦੀਆਂ ਨਾ ਹੀ ਕੋਈ ਬਸਤੀਆਂ ਸਨ, ਨਾ ਹੀ ਕੋਈ ਉਦਯੋਗਿਕ ਕ੍ਰਾਂਤੀ ਵਿੱਚ ਇਨ੍ਹਾਂ ਬਰਾਬਰ ਹੋਇਆ ਸੀ। 1917 ਵਿੱਚ ਕਮਿਊਨਿਸਟ ਕ੍ਰਾਂਤੀ ਨਾਲ ਰਾਜ ਸੱਤਾ ਕਮਿਊਨਿਸਟਾਂ ਕੋਲ ਆ ਗਈ ਜਾਂ ਇਹ ਕਹੋ ਕਿ ਭਾਈ ਲਾਲੋਆਂ ਅਤੇ ਉਨ੍ਹਾਂ ਦੀ ਧਿਰ ਵਾਲਿਆਂ ਦੇ ਹੱਥ ਆ ਗਈ। ਦੁਨੀਆ ਭਰ ਦੇ ਮਲਕ ਭਾਗੋ ਭੈਅ-ਭੀਤ ਹੋ ਗਏ। ਇੱਕ ਤਰ੍ਹਾਂ ਰੂਸ ਦੀ ਹਰ ਪਾਸੇ ਤੋਂ ਘੇਰਾਬੰਦੀ ਅਤੇ

4-JULY-PAGE-5.qxd 7/3/2023 10:32 PM Page 1

ਜਬਰ ਵਿਰੋਧੀ ਲੋਕ ਸੰਘਰਸ਼ ਕਮੇਟੀ ਵੱਲੋਂ ਵਿਧਾਇਕ ਖਿਲਾਫ ਰੋਸ ਪ੍ਰਦਰਸ਼ਨ

ਐੱਸ ਪੀ ਐੱਚ ਵੱਲੋਂ ਬਦਲੀ ਰੱਦ ਕਰਨ ਦਾ ਭਰੋਸਾ ਮਿਲਣ 'ਤੇ ਪ੍ਰਦਰਸ਼ਨ ਕੀਤਾ ਸਮਾਪਤ

ਮੋਗਾ ਵਿਧਾਇਕ ਦੇ ਘਰ ਵੱਲ ਨੂੰ ਜਾਂਦਾ ਵਿਸ਼ਾਲ ਮਾਰਚ।

ਮੋਗਾ (ਅਮਰਜੀਤ ਬੱਬਰੀ)-ਮਹਿੰਦਰ ਪਾਲ ਲੂੰਬਾ ਦੀ ਸਿਆਸੀ ਆਧਾਰ 'ਤੇ ਕੀਤੀ ਬਦਲੀ ਰੱਦ ਕਰਾਉਣ, ਸਿਵਲ ਹਸਪਤਾਲ ਮੋਗਾ 'ਚ ਚੱਲ ਰਹੀ ਕੁਰੱਪਸ਼ਨ ਦੀ ਜਾਂਚ ਕਰਨ, ਐੱਸ ਐੱਮ ਓ ਸੁਖਪ੍ਰੀਤ ਬਰਾੜ ਖਿਲਾਫ ਕਾਨੂੰਨੀ ਕਾਰਵਾਈ ਕਰਾਉਣ, ਚੰਗੀਆਂ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਤੇ ਮਹਿੰਦਰਪਾਲ ਲੂੰਬਾ ਦੀ ਰੰਜਿਸ਼ ਤਹਿਤ ਬਦਲੀ ਕਰਾਉਣ ਵਾਲੀ ਐੱਮ ਐੱਲ ਏ ਅਮਨਦੀਪ ਕੌਰ ਅਰੋੜਾ ਦੇ ਖਿਲਾਫ ਉਨ੍ਹਾਂ ਦੀ ਰਿਹਾਇਸ਼ ਵੱਲ ਰੋਸ ਮਾਰਚ ਕੀਤਾ ਗਿਆ।

ਜਬਰ ਵਿਰੋਧੀ ਲੋਕ ਸੰਘਰਸ਼ ਕਮੇਟੀ ਦੇ ਕਨਵੀਨਰ ਡਾ. ਇੰਦਰਵੀਰ ਗਿੱਲ, ਕਰਮਜੀਤ ਮਾਣੂੰਕੇ, ਕੋ-ਕਨਵੀਨਰ ਬਲੌਰ ਸਿੰਘ ਘੱਲ ਕਲਾਂ, ਪ੍ਰੇਮ ਕੁਮਾਰ, ਗੁਰਮੇਲ ਮਾਛੀਕੇ ਨੇ ਕਿਹਾ ਕਿ ਸਿਵਲ ਹਸਪਤਾਲ ਦੇ ਐੱਸ ਐੱਮ ਓ ਸੁਖਪ੍ਰੀਤ ਸਿੰਘ ਬਰਾੜ ਦੀ ਕੁਰੱਪਸ਼ਨ ਖਿਲਾਫ ਆਵਾਜ਼ ਚੁੱਕਣ, ਪਿਛਲੇ ਦਿਨੀਂ ਲਗਾਏ ਖੂਨ ਦਾਨ ਕੈਂਪ ਵਿੱਚ ਨਾ ਬਲਾਉਣ ਕਰਕੇ ਹੀ ਵਿਧਾਇਕਾ ਅਮਨਦੀਪ ਕੌਰ ਅਰੋੜਾ ਨੇ ਰੰਜਿਸ਼ ਦੇ ਤਹਿਤ ਮਹਿੰਦਰਪਾਲ ਲੂੰਬਾ ਦੀ ਬਦਲੀ ਕਰਵਾਈ ਹੈ। ਵਿਧਾਇਕਾ, ਸਿਹਤ ਮੰਤਰੀ ਪੰਜਾਬ ਵੱਲੋਂ ਇਸ ਮਸਲੇ ਨੂੰ ਸਹੀ ਢੰਗ ਨਾਲ ਨਜਿੱਠਣ ਦੀ ਬਜਾਏ ਬਦਲਾ ਲਊ ਭਾਵਨਾ ਦੇ ਤਹਿਤ ਮਸਲੇ ਨੂੰ ਦਿਨ ਬ ਦਿਨ ਵਿਗਾੜਿਆ ਜਾ ਰਿਹਾ ਹੈ, ਪਰ ਸਿਵਲ ਹਸਪਤਾਲ 'ਚ ਏ ਸੀ, ਫਰਿੱਜ, ਐਂਬੂਲੈਂਸ ਦੇ ਡਰਾਈਵਰ ਦੀ ਦੁਰਵਰਤੋਂ ਸਮੇਤ ਹੋਰ ਲੱਖਾਂ ਰੁਪਏ ਦੇ ਘਪਲਿਆਂ ਬਾਰੇ ਮੌਨ ਧਾਰ ਰੱਖਿਆ ਹੈ। ਉਨ੍ਹਾਂ ਕਿਹਾ ਕਿ ਕੁਰੱਪਸ਼ਨ ਨੂੰ ਖਤਮ ਕਰਨ ਦਾ ਦਾਅਵਾ ਕਰਕੇ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਤੇ ਇਸ ਦੇ ਅਹੁਦੇਦਾਰ ਹੁਣ ਇਸ ਬਾਰੇ ਪ੍ਰੈੱਸ ਕਾਨਫਰੰਸਾਂ ਕਿਉਂ ਨਹੀਂ ਕਰਦੇ। ਉਨ੍ਹਾਂ ਕਿਹਾ ਕਿ ਹਸਪਤਾਲ ਦੇ ਏ ਸੀਆਂ ਦੀ ਸਿਰਫ ਮੀਡੀਆ ਵਿੱਚ ਗੱਲ ਉੱਡੀ ਹੈ ਕਿ ਐੱਮ ਐੱਲ ਏ ਤੇ ਐੱਸ ਐੱਮ ਓ ਨੂੰ ਕਲਿਨ ਚਿੱਟ ਮਿਲ ਚੁੱਕੀ ਹੈ, ਪਰ ਅਸਲ 'ਚ ਹਾਲੇ ਜਾਂਚ ਚੱਲ ਰਹੀ ਹੈ। ਚਾਰ ਏ ਸੀ ਜੋ ਇੱਕ ਮੀਡੀਆ ਚੈਨਲ ਰਾਹੀਂ ਹਸਪਤਾਲ ਵਿੱਚ ਲੱਗੇ ਹੋਣ ਦਾ ਦਾਅਵਾ ਕੀਤਾ ਜਾ ਰਿਹਾ ਹੈ, ਉਹ ਹਸਪਤਾਲ ਦੇ ਸਟਾਕ ਰਜਿਸਟਰ ਵਿੱਚ ਦਰਜ ਹੀ ਨਹੀਂ ਹੈ। ਹਸਪਤਾਲ ਦੀ ਐਂਬੂਲੈਂਸ ਦਾ ਡਰਾਈਵਰ ਮਸਲਾ ਵਧਣ 'ਤੇ ਹੀ ਐੱਮ ਐੱਲ ਏ ਦੇ ਘਰੋਂ ਵਾਪਸ ਹਸਪਤਾਲ ਬੁਲਾਇਆ ਗਿਆ ਹੈ। ਇਸ ਦੀ ਜਾਂਚ ਕਰਕੇ ਐੱਸ ਐੱਮ ਓ ਤੇ ਐੱਮ ਐੱਲ ਏ ਖਿਲਾਫ ਕਾਰਵਾਈ ਕੌਣ ਕਰੇਗਾ। ਉਨ੍ਹਾਂ ਕਿਹਾ ਕਿ ਸਿਵਲ ਹਸਪਤਾਲ 'ਚ ਗੁਲੂਕੋਜ ਹੀ ਨਹੀਂ ਮਿਲਦਾ, ਦਵਾਈਆਂ, ਡਾਕਟਰਾਂ ਦੀ ਘਾਟ ਹੈ, ਸਫਾਈ ਦਾ ਬੁਰਾ ਹਾਲ ਹੈ। ਉਨ੍ਹਾਂ ਕਿਹਾ ਕਿ ਐੱਮ ਐੱਲ ਦੇ ਘਰ ਵੱਲ ਜਾਣ 'ਤੇ ਐੱਸ ਪੀ ਐੱਚ ਸੰਘਰਸ਼ ਕਮੇਟੀ ਦੇ ਕਨਵੀਨਰ ਇੰਦਰਵੀਰ ਗਿੱਲ, ਕਰਮਜੀਤ ਮਾਣੂੰਕੇ ਤੇ ਮਹਿੰਦਰਪਾਲ ਲੂੰਬਾ ਨੂੰ ਪਰਚੇ ਦਰਜ ਕਰਨ, ਲਾਠੀਚਾਰਜ ਕਰਨ ਦੀਆਂ ਧਮਕੀਆਂ ਦੇਣ ਦੀ ਜਬਰ ਵਿਰੋਧੀ ਲੋਕ ਸੰਘਰਸ਼ ਕਮੇਟੀ ਸਖਤ ਲਫਜ਼ਾਂ ਵਿੱਚ ਨਿਖੇਧੀ ਕਰਦੀ ਹੈ। ਨੇਚਰ ਪਾਰਕ ਮੋਗਾ ਤੋਂ ਐੱਮ ਐੱਲ ਏ ਅਰੋੜਾ ਦੇ ਘਰ ਵੱਲ ਜਾ ਰਹੀ ਰੈਲੀ ਨੂੰ ਪੁਲਸ ਨੇ ਸ਼ਹੀਦੀ ਪਾਰਕ ਨੇੜੇ ਰੋਕ ਲਿਆ, ਜਥੇਬੰਦੀਆਂ ਵੱਲੋਂ ਅੱਗੇ ਵਧਣ ਦੀ ਕੋਸ਼ਿਸ਼ ਕੀਤੀ ਗਈ, ਪਰ ਉਨ੍ਹਾਂ ਵੱਲੋਂ ਜਲਦ ਬਦਲੀ ਰੱਦ ਕਰਵਾਈ ਜਾਵੇਗੀ। ਅੱਜ ਹੀ ਸ਼ਾਮ 5 ਵਜੇ ਡੀ ਸੀ ਸਾਹਿਬ ਨਾਲ ਮੀਟਿੰਗ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਐੱਮ ਐੱਲ ਏ ਅਮਨਦੀਪ ਕੌਰ ਅਰੋੜਾ, ਉਨ੍ਹਾਂ ਦੇ ਪਤੀ ਰਾਕੇਸ਼ ਅਰੋੜਾ ਇਸ ਮਸਲੇ ਨੂੰ ਹਿੰਡ ਦਾ ਮਸਲਾ ਬਣਾ ਰਹੇ ਹਨ। ਮਹਿੰਦਰਪਾਲ ਲੂੰਬਾ ਦੀ ਬਦਲੀ ਤੁਰੰਤ ਰੱਦ ਕੀਤੀ ਜਾਵੇ, ਸਿਵਲ ਹਸਪਤਾਲ ਮੋਗਾ 'ਚ ਚੱਲ ਰਹੀ ਕੁਰੱਪਸ਼ਨ ਦੀ ਉੱਚ ਪੱਧਰੀ ਜਾਂਚ ਕਰਕੇ ਦੋਸ਼ੀਆਂ ਖਿਲਾਫ ਕਾਰਵਾਈ ਕੀਤੀ ਜਾਵੇ, ਸਿਹਤ ਸਹੂਲਤਾਂ ਠੀਕ ਕੀਤੀਆਂ ਜਾਣ। ਜੇਕਰ ਇਹ ਮੰਗਾਂ ਨਹੀਂ ਮੰਨੀਆਂ ਜਾਂਦੀਆਂ ਤਾਂ ਜਬਰ ਵਿਰੋਧੀ ਲੋਕ ਸੰਘਰਸ਼ ਕਮੇਟੀ ਮੀਟਿੰਗ ਕਰਕੇ ਅਗਲੇ ਸੰਘਰਸ਼ ਦਾ ਐਲਾਨ ਕਰੇਗੀ। ਡਾ. ਇੰਦਰਵੀਰ ਗਿੱਲ ਨੇ ਅੱਜ ਦੇ ਰੋਸ ਪ੍ਰਦਰਸ਼ਨ 'ਚ ਸ਼ਾਮਲ ਹੋਈਆਂ 42 ਜਥੇਬੰਦੀਆਂ ਦਾ ਧੰਨਵਾਦ ਕੀਤਾ।

ਇਸ ਮੌਕੇ ਉਕਤ ਤੋਂ ਇਲਾਵਾ ਕੋ-ਕਨਵੀਨਰ ਗੁਰਮੇਲ ਸਿੰਘ ਮਾਛੀਕੇ, ਬਲੌਰ ਸਿੰਘ, ਪ੍ਰੇਮ ਕੁਮਾਰ, ਆਰਗੇਨਾਈਜ਼ਰ ਕੁਲਬੀਰ ਸਿੰਘ ਢਿੱਲੋਂ, ਕੈਸ਼ੀਅਰ ਰਾਜਿੰਦਰ ਸਿੰਘ ਰਿਆੜ, ਰਵਿੰਦਰ ਲੂਥਰਾ ਫਿਰੋਜ਼ਪੁਰ, ਗਗਨਦੀਪ ਬਠਿੰਡਾ, ਨਿਰਭੈ ਸਿੰਘ ਢੁੱਡੀਕੇ, ਕਾਮਰੇਡ ਸੂਰਤ ਸਿੰਘ, ਤੀਰਥ ਚੜਿੱਕ, ਕਰਮਵੀਰ ਕੌਰ ਬੱਧਨੀ, ਡਾ ਬਲਦੇਵ ਸਿੰਘ ਧੂੜਕੋਟ, ਹਰਭਿੰਦਰ ਸਿੰਘ ਜਾਨੀਆਂ, ਸੁਰਿੰਦਰ ਕੁਮਾਰ, ਗੁਰਜੰਟ ਸਿੰਘ ਮਾਹਲਾ, ਸੁਰਿੰਦਰ ਰਾਮ ਕੁੱਸਾ, ਰਾਜ ਕੁਮਾਰ ਢੁੱਡੀਕੇ, ਸਰਬਜੀਤ ਸਿੰਘ ਦੌਧਰ, ਸਵਰਨ ਸਿੰਘ ਖੋਸਾ, ਜਗਸੀਰ ਖੋਸਾ, ਮੰਗਾ ਸਿੰਘ ਵੈਰੋਕੇ, ਦਿਗਵਿਜੇ ਸ਼ਰਮਾ, ਗੁਰਜੀਤ ਸਿੰਘ ਮੱਲ੍ਹੀ, ਮੇਜਰ ਸਿੰਘ ਕਾਲੇਕੇ, ਅਮਰੀਕ ਸਿੰਘ ਮਸੀਤਾਂ, ਗੁਰਮੇਲ ਸਿੰਘ ਡਰੋਲੀ, ਵਿਸ਼ਵਦੀਪ ਫਾਜ਼ਿਲਕਾ, ਚਮਨ ਲਾਲ ਸੰਗੇਲੀਆ, ਕੁਲਦੀਪ ਸਿੰਘ ਭੋਲਾ, ਕੁਲਦੀਪ ਕੌਰ, ਰਜਨੀ ਬਾਲਾ, ਸੁਖਮੰਦਰ ਸਿੰਘ ਗੱਜਣਵਾਲਾ, ਮਨਦੀਪ ਸਿੰਘ ਭਿੰਡਰ, ਸੁਰਜੀਤ ਸਿੰਘ ਰੱਤੀ, ਮਨਪ੍ਰੀਤ ਸਿੰਘ ਸੰਘਾ ਆਦਿ ਤੋਂ ਇਲਾਵਾ ਹਜ਼ਾਰਾਂ ਦੀ ਗਿਣਤੀ ਵਿੱਚ ਆਮ ਲੋਕ ਹਾਜ਼ਰ ਸਨ।

ਬੈਨੀਪਾਲ ਇਨਕਲੇਵ 'ਫੂਡ ਹੱਬ' ਵਜੋਂ ਵਿਕਸਤ ਹੋਣ ਲੱਗਾ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਪੇਂਡੂ ਖੇਤਰ ਵਜੋਂ ਜਾਣੇ ਜਾਂਦੇ ਮਾਛੀਵਾੜਾ ਸ਼ਹਿਰ ਵਿੱਚ ਹੁਣ ਨਾਮੀ ਕੰਪਨੀਆਂ ਵੱਲੋਂ ਆਪਣੀਆਂ ਖਾਣ-ਪੀਣ ਵਾਲੀਆਂ ਵਸਤਾਂ ਦੀਆਂ ਦੁਕਾਨਾਂ ਖੋਲ੍ਹੀਆਂ ਜਾ ਰਹੀਆਂ ਹਨ, ਜਿਸ ਨਾਲ ਲੋਕਾਂ ਨੂੰ ਸੁਵਿਧਾਵਾਂ ਮਿਲ ਰਹੀਆਂ ਹਨ। ਰਾਹੋਂ ਰੋਡ 'ਤੇ ਸਥਿਤ ਬੈਨੀਪਾਲ ਇੰਨਕਲੇਵ ਫੂਡ ਹੱਬ ਵਜੋਂ ਵਿਕਸਤ ਹੁੰਦਾ ਜਾ ਰਿਹਾ ਹੈ, ਜਿੱਥੇ ਪਹਿਲਾਂ ਨਾਮੀ ਕੰਪਨੀ 'ਬਰਿਸਤਾ' ਵੱਲੋਂ ਆਪਣੀ ਸ਼ਾਖ਼ਾ ਖੋਲ੍ਹੀ ਗਈ ਤੇ ਹੁਣ ਦਿੱਲੀ ਦੀ ਮਸ਼ਹੂਰ 'ਗਿਆਨੀ' ਆਈਸਕ੍ਰੀਮ ਵੱਲੋਂ ਵੀ ਆਪਣੀ ਨਵੀਂ ਸ਼ਾਖ਼ਾ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਬੈਨੀਪਾਲ ਇੰਨਕਲੇਵ ਦੇ ਮਾਲਕ ਸੁਖਪਾਲ ਸਿੰਘ ਤੇ ਐਡਵੋਕੇਟ ਜਸਪ੍ਰੀਤ ਸਿੰਘ ਨੇ ਦੱਸਿਆ ਕਿ ਮਾਛੀਵਾੜਾ ਇਲਾਕੇ ਦੇ ਪੇਂਡੂ ਲੋਕਾਂ ਨੂੰ ਸ਼ਹਿਰਾਂ ਵਰਗੀਆਂ ਸਹੂਲਤਾਂ ਦੇਣ ਲਈ ਉਨ੍ਹਾਂ ਵੱਲੋਂ ਇਹ ਉਪਰਾਲਾ ਕੀਤਾ ਜਾ ਰਿਹਾ ਹੈ ਤੇ ਇੱਥੇ ਇੱਕ ਵੱਡਾ ਫੂਡ ਹੱਬ ਵਿਕਸਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮਾਛੀਵਾੜਾ ਸ਼ਹਿਰ ਤੇ ਆਸ-ਪਾਸ ਪਿੰਡਾਂ ਦੇ ਲੋਕਾਂ ਨੂੰ ਹੁਣ ਨਾਮੀ ਕੰਪਨੀਆਂ ਦੀਆਂ ਵਸਤੂਆਂ ਖਾਣ-ਪੀਣ ਲਈ ਦੂਰ-ਦੁਰਾਡੇ ਜਾਣ ਦੀ ਲੋੜ ਨਹੀਂ ਪਵੇਗੀ, ਕਿਉਂਕਿ ਇੱਥੇ ਹੁਣ ਲੋਕਾਂ ਨੂੰ ਹਰੇਕ ਤਰ੍ਹਾਂ ਦਾ ਖਾਣਾ ਪੀਣਾ ਮਿਲੇਗਾ। ਬੈਨੀਪਾਲ ਦੇ ਬਾਹਰ ਬਣੇ ਫੂਡ ਹੱਬ 'ਤੇ ਪਹੁੰਚ ਕੇ ਜਿੱਥੇ ਲੋਕਾਂ ਨੂੰ ਵਿਦੇਸ਼ਾਂ ਵਿੱਚ ਘੁੰਮਣ ਵਰਗਾ ਅਹਿਸਾਸ ਹੁੰਦਾ ਹੈ, ਉੱਥੇ ਸ਼ਹਿਰ ਜਾਣ ਦੀ ਘਾਟ ਦੂਰ ਹੋ ਗਈ ਹੈ।

ਸਰਕਾਰ ਦੇ ਵਤੀਰੇ ਖਿਲਾਫ ਪਿੰਡਾਂ 'ਚ ਅਰਥੀਆਂ ਸਾੜਨ ਦਾ ਸਿਲਸਿਲਾ ਜਾਰੀ

ਦਿੜ੍ਹਬਾ (ਜਸਵੀਰ ਲਾਡੀ)

ਪੰਜਾਬ ਸਰਕਾਰ ਦੀਆਂ ਅਰਥੀਆਂ ਜ਼ਿਲ੍ਹਾ ਪੱਧਰੀ ਪਿੰਡਾਂ ਵਿੱਚ ਰੋਜ਼ਾਨਾ ਸਾੜਣ ਦਾ ਸਿਲਸਿਲਾ ਜਾਰੀ ਹੈ। ਸੋਮਵਾਰ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਜਥੇਬੰਦੀ ਦੀ ਜ਼ਿਲ੍ਹਾ ਸਕੱਤਰ ਮਨਜੀਤ ਕੌਰ ਆਲੋਅਰਖ, ਜ਼ਿਲ੍ਹਾ ਪ੍ਰੈੱਸ ਸਕੱਤਰ ਕੁਲਵੰਤ ਛਾਜਲੀ ਦੀ ਅਗਵਾਈ ਹੇਠ ਪਿੰਡ ਕੋਟੜਾ ਅਮਰੂ, ਲਖਮੀਰਵਾਲਾ ਵਿਖੇ ਮਾਨ ਸਰਕਾਰ ਦੀ ਅਰਥੀ ਸਾੜ ਜੰਮ ਕੇ ਕੀਤੀ ਨਾਅਰੇਬਾਜ਼ੀ।

ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੀ ਆਗੂ ਮਨਜੀਤ ਕੌਰ ਆਲੋਅਰਖ, ਕੁਲਵੰਤ ਛਾਜਲੀ ਨੇ ਪੰਜਾਬ ਸਰਕਾਰ ਨੂੰ ਭੰਡਦਿਆਂ ਕਿਹਾ ਕਿ ਲੋਕਾਂ ਨਾਲ ਝੂਠ ਵਾਅਦੇ ਕਰਕੇ ਸੱਤਾ 'ਤੇ ਕਾਬਜ਼ ਹੋਈ ਆਮ ਆਦਮੀ ਦੀ ਸਰਕਾਰ ਜਿੱਥੇ ਵਾਅਦਿਆਂ ਤੋਂ ਭੱਜ ਰਹੀ ਹੈ, ਉੱਥੇ ਹੀ ਮਜ਼ਦੂਰਾਂ ਦੇ ਘਰਾਂ ਦਾ ਉਜਾੜਾ ਕਰਕੇ ਪੂੰਜੀਪਤੀਆਂ ਨੂੰ ਜ਼ਮੀਨਾਂ ਸੌਂਪ ਕੇ ਰੁਜ਼ਗਾਰ ਦੇਣ ਦੇ ਡਰਾਮੇ ਰਚ ਰਹੀ ਹੈ। ਜੋ ਮਜ਼ਦੂਰ ਆਪਣੀ ਅਵਾਜ਼ ਉਠਾਉਣਾ ਚਾਹੁੰਦੇ ਨੇ, ਉਨ੍ਹਾਂ ਨੂੰ ਜੇਲ ਵਿੱਚ ਬੰਦ ਕਰ ਦਿੱਤਾ ਜਾਂਦਾ ਹੈ। ਆਪ ਸਰਕਾਰ ਜਦੋਂ ਤੋਂ ਸੱਤਾ 'ਤੇ ਕਾਬਜ਼ ਹੋਈ, ਉਦੋਂ ਤੋਂ ਪੰਚਾਇਤੀ ਜ਼ਮੀਨਾਂ ਤੋਂ ਕਬਜ਼ਾ ਛਡਾਉਣ ਦੀ ਆੜ ਹੇਠ ਵਕਫ ਬੋਰਡ ਦੀਆਂ ਜ਼ਮੀਨਾਂ ਉੱਪਰ ਜਿੱਥੇ ਗਰੀਬ ਲੋਕਾਂ ਨੇ ਘਰ ਪਾਏ ਹੋਏ ਹਨ, ਉਨ੍ਹਾਂ ਨੂੰ ਉਜਾੜਣ ਲੱਗੀ ਹੈ, ਜੋ ਕਦਾਚਿਤ ਬਰਦਾਸ਼ਤ ਨਹੀਂ ਕਰਾਂਗੇ। ਆਗੂਆਂ ਨੇ ਲੋਕਾਂ ਨੂੰ ਲਾਮਬੰਦੀ ਦੀ ਅਪੀਲ ਕਰਦਿਆਂ ਕਿਹਾ ਕਿ ਵੱਧ ਤੋਂ ਵੱਧ ਜਥੇਬੰਦਕ ਹੋ ਕੇ ਹੱਕਾਂ ਲਈ ਸੰਘਰਸ਼ ਤੇਜ਼ ਕਰੋ।

ਇਸ ਮੌਕੇ ਮਨਪ੍ਰੀਤ ਕੌਰ ਕੋਟੜਾ ਅਮਰੂ, ਹਰਪਾਲ ਕੌਰ ਟਿੱਬੀ, ਸ਼ਾਂਤੀ ਦੇਵੀ, ਬੁੱਧ ਸਿੰਘ, ਪਰਮਜੀਤ ਕੌਰ ਪੰਮੀ, ਸਿਮਰਨਜੀਤ ਕੌਰ, ਜਸਵਿੰਦਰ ਕੌਰ, ਗੁਰਮੇਲ ਕੌਰ, ਸੰਦੀਪ ਕੌਰ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

ਕਾਤਰਾਂ

ਨਹਿਰ 'ਚ ਨਹਾਉਣ ਗਏ ਦੋ ਨੌਜਵਾਨ ਪਾਣੀ 'ਚ ਰੁੜ੍ਹੇ, ਭਾਲ ਜਾਰੀ

ਮਲੋਟ (ਗੁਰਮੀਤ ਸਿੰਘ ਮੱਕੜ)-ਸਥਾਨਕ ਪਟੇਲ ਨਗਰ ਦੇ ਰਹਿਣ ਵਾਲੇ ਤਿੰਨ ਲੜਕੇ ਅੱਜ ਪਿੰਡ ਝੋਰੜ ਦੇ ਨਜ਼ਦੀਕ ਗੁਜ਼ਰਦੀ ਅਬੋਹਰ ਕੈਨਾਲ ਵਿੱਚ ਨਹਾਉਣ ਗਏ ਸਨ, ਇਸ ਦੌਰਾਨ ਉਹ ਪਾਣੀ ਦਾ ਵਹਾ ਤੇਜ਼ ਹੋਣ ਕਰਕੇ ਉਦੈ ਤੇ ਤਰੁਣ ਨਾਮਕ ਨੌਜਵਾਨ ਪਾਣੀ ਵਿੱਚ ਰੁੜ ਗਏ, ਜਦਕਿ ਤੀਸਰਾ ਲੜਕਾ ਬਚ ਗਿਆ। ਪ੍ਰਸ਼ਾਸਨ ਵੱਲੋਂ ਸੂਚਨਾ ਮਿਲਣ 'ਤੇ ਭਾਲ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਨੌਜਵਾਨਾਂ ਦੇ ਪਰਿਵਾਰ ਵਾਲਿਆਂ ਦਾ ਰੋ ਰੋ ਕੇ ਬੁਰਾ ਹਾਲ ਹੈ। ਮੁਹੱਲਾ ਵਾਸੀਆਂ ਤੇ ਪਰਿਵਾਰ ਵਾਲਿਆਂ ਨੇ ਬੱਚਿਆਂ ਦੀ ਜਲਦ ਭਾਲ ਕਰਨ ਦੀ ਮੰਗ ਕੀਤੀ ਹੈ।

ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੀ ਮੀਟਿੰਗ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਮਹਿਲ ਕਲਾਂ ਦੇ ਸਮੂਹ ਵਰਕਰਾਂ, ਆਗੂਆਂ ਦੀ ਬਲਾਕ ਪੱਧਰੀ ਮੀਟਿੰਗ ਜਥੇਬੰਦੀ ਦੇ ਬਲਾਕ ਪ੍ਰਧਾਨ ਬਲਵਿੰਦਰ ਸਿੰਘ ਚੱਕ ਭਾਈਕਾ ਦੀ ਪ੍ਰਧਾਨਗੀ ਹੇਠ ਇਥੇ ਹੋਈ। ਇਸ ਮੌਕੇ ਜ਼ਿਲ੍ਹਾ ਸਕੱਤਰ ਡਾ: ਅਮਰਜੀਤ ਕੁੱਕੂ, ਜੁਆਇੰਟ ਸਕੱਤਰ ਬਲਦੇਵ ਸਿੰਘ ਧਨੇਰ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਮੈਡੀਕਲ ਪ੍ਰੈਕਟੀਸ਼ਨਰਾਂ ਦੇ ਮਸਲੇ ਨੂੰ ਤੁਰੰਤ ਹੱਲ ਕੀਤਾ ਜਾਵੇ ਤੇ ਪੇਂਡੂ ਖੇਤਰਾਂ ਵਿੱਚ ਕੰਮ ਕਰ ਰਹੇ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਤੰਗ ਪ੍ਰੇਸ਼ਾਨ ਕਰਨਾ ਬੰਦ ਕੀਤਾ ਜਾਵੇ। ਇਸ ਮੌਕੇ ਚੇਅਰਮੈਨ ਹਰਮੇਲ ਸਿੰਘ, ਮਨਜੀਤ ਸਿੰਘ, ਜਗਜੀਤ ਸਿੰਘ ਠੀਕਰੀਵਾਲਾ, ਦਰਸਨ ਸਿੰਘ ਮਹਿਲ ਕਲਾਂ, ਬਲਜੀਤ ਸਿੰਘ, ਅਮਨਦੇਵ ਸਿੰਘ, ਦਵਿੰਦਰ ਸਿੰਘ ਨੇ ਵੀ ਵਿਚਾਰ ਰੱਖੇ।

66 ਬੋਤਲਾਂ ਨਜਾਇਜ਼ ਸ਼ਰਾਬ ਸਣੇ 4 ਕਾਬੂ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਵੱਖ-ਵੱਖ ਥਾਣਿਆਂ ਦੀ ਪੁਲਸ ਵੱਲੋਂ ਵੱਖ-ਵੱਖ ਮਾਮਲਿਆਂ 'ਚ 4 ਵਿਅਕਤੀਆਂ ਵਿਰੁੱਧ ਆਬਾਕਾਰੀ ਐਕਟ ਤਹਿਤ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਥਾਣਾ ਬਸੀ ਪਠਾਣਾਂ ਦੇ ਸਹਾਇਕ ਥਾਣੇਦਾਰ ਪਰਮਜੀਤ ਸਿੰਘ ਦੀ ਅਗਵਾਈ ਵਾਲੀ ਪੁਲਸ ਪਾਰਟੀ ਨੇ ਮੁਖਬਰੀ ਦੇ ਆਧਾਰ 'ਤੇ ਪਿੰਡ ਰਸੂਲਪੁਰ ਸੂਆ ਪੁਲ ਨਜ਼ਦੀਕ ਸ਼ਰਾਬ ਵੇਚ ਰਹੇ ਸੁਖਚੈਨ ਸਿੰਘ ਵਾਸੀ ਨੰਦਪੁਰ ਦੇ ਕਬਜ਼ੇ 'ਚੋਂ 30 ਬੋਤਲਾਂ ਦੇਸੀ ਸ਼ਰਾਬ ਬਰਾਮਦ ਕਰਦੇ ਹੋਏ ਉਸ ਵਿਰੁੱਧ ਮਾਮਲਾ ਦਰਜ ਕੀਤਾ। ਦੂਸਰੇ ਮਾਮਲੇ 'ਚ ਖਮਾਣੋਂ ਦੇ ਮਨਸੂਰਪਰ ਰੋਡ 'ਤੇ ਮੌਜੂਦ ਥਾਣਾ ਖਮਾਣੋਂ ਦੀ ਪੁਲਸ ਵੱਲੋਂ ਰੋਕੇ ਗਏ ਸੰਦੀਪ ਸਿੰਘ ਵਾਸੀ ਪਿੰਡ ਮਨਸੂਰਪੁਰ ਦੇ ਕਬਜ਼ੇ 'ਚੋਂ 12 ਬੋਤਲਾਂ ਦੇਸੀ ਸ਼ਰਾਬ ਬਰਾਮਦ ਹੋਣ 'ਤੇ ਉਸ ਵਿਰੁੱਧ ਮਾਮਲਾ ਦਰਜ ਕੀਤਾ ਗਿਆ। ਤੀਸਰੇ ਮਾਮਲੇ 'ਚ ਮੁਖਬਰੀ ਦੇ ਆਧਾਰ 'ਤੇ ਛਾਪੇਮਾਰੀ ਕਰਦਿਆਂ ਥਾਣਾ ਮੰਡੀ ਗੋਬਿੰਦਗੜ੍ਹ ਦੇ ਸਹਾਇਕ ਥਾਣੇਦਾਰ ਨਾਜ਼ਰ ਸਿੰਘ ਦੀ ਅਗਵਾਈ ਵਾਲੀ ਪੁਲਸ ਪਾਰਟੀ ਨੇ ਸੁਪਰ ਮਿਲਕ ਪਲਾਂਟ ਨਜ਼ਦੀਕ ਸ਼ਰਾਬ ਵੇਚ ਰਹੇ ਕੁਲਦੀਪ ਸਿੰਘ ਵਾਸੀ ਪਿੰਡ ਸਾਨੀਪੁਰ ਦੇ ਕਬਜ਼ੇ 'ਚੋਂ 12 ਬੋਤਲਾਂ ਸ਼ਰਾਬ ਬਰਾਮਦ ਕੀਤੀ। ਇੱਕ ਵੱਖਰੇ ਮਾਮਲੇ 'ਚ ਥਾਣਾ ਮੰਡੀ ਗੋਬਿੰਦਗੜ੍ਹ ਦੇ ਹੀ ਸਹਾਇਕ ਥਾਣੇਦਾਰ ਰਾਜਿੰਦਰ ਸਿੰਘ ਦੀ ਅਗਵਾਈ ਵਾਲੀ ਪੁਲਸ ਪਾਰਟੀ ਨੇ

page-6-4-July-2023-(SM).qxd 7/3/2023 10:41 PM Page 1

ਪੰਜਾਬ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ : ਬਲਕਾਰ ਸਿੰਘ

ਜਲੰਧਰ (ਸ਼ੈਲੀ ਐਲਬਰਟ)-ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਪਿੰਡਾਂ ਤੇ ਸ਼ਹਿਰਾਂ ਦੇ ਸਰਵਪੱਖੀ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਸਥਾਨਕ ਸਰਕਾਰਾਂ ਅਤੇ ਸੰਸਦੀ ਮਾਮਲਿਆਂ ਬਾਰੇ ਮੰਤਰੀ ਬਲਕਾਰ ਸਿੰਘ ਵਲੋਂ ਵਿਧਾਨ ਸਭਾ ਹਲਕਾ ਕਰਤਾਰਪੁਰ ਦੇ ਵੱਖ-ਵੱਖ ਪਿੰਡਾਂ ਵਿੱਚ 21 ਲੱਖ ਰੁਪਏ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਦਿਆਂ ਕੀਤਾ ਗਿਆ। ਉਨ੍ਹਾਂ ਨੇ ਕਿਹਾ ਕਿ ਸੂਬਾ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ। ਪਿੰਡਾਂ ਨੂੰ ਸ਼ਹਿਰਾਂ ਵਰਗੀਆਂ ਆਧੁਨਿਕ ਬੁਨਿਆਦੀ ਢਾਂਚਾ ਮੁਹੱਈਆ ਕਰਵਾਇਆ ਜਾ ਰਿਹਾ ਹੈ। ਪੇਂਡੂ ਅਤੇ ਸ਼ਹਿਰੀ ਵਿਕਾਸ ਲਈ ਫੰਡਾਂ ਦੀ ਕੋਈ ਘਾਟ ਨਹੀਂ ਹੈ। ਉਨ੍ਹਾਂ ਪਿੰਡਾਂ ਦੀਆਂ ਪੰਚਾਇਤਾਂ ਨੂੰ ਕਿਹਾ ਕਿ ਪਿੰਡਾਂ ਵਿੱਚ ਆਰੰਭ ਹੋਏ ਵਿਕਾਸ ਕਾਰਜਾਂ ਨੂੰ ਸਮੇਂ ਸਿਰ ਮਿਆਰੀ ਢੰਗ ਨਾਲ ਮੁਕੰਮਲ ਕਰਕੇ ਨਵੇਂ ਵਿਕਾਸ ਕਾਰਜਾਂ ਦੇ ਤਖਮੀਨੇ ਭੇਜੇ ਜਾਣ ਤਾਂ ਜੋ ਇਨ੍ਹਾਂ ਲਈ ਹੋਰ ਵਿਕਾਸ ਫੰਡ ਜਾਰੀ ਕੀਤੇ ਜਾ ਸਕਣ। ਉਨ੍ਹਾਂ ਵਲੋਂ ਪਿੰਡ ਪੱਤੀ ਕਾਹਨਪੁਰ ਵਿਖੇ 9 ਲੱਖ ਰੁਪਏ ਅਤੇ ਪਿੰਡ ਰਾਊਵਾਲੀ ਵਿਖੇ 12 ਲੱਖ ਰੁਪਏ ਦੀ ਲਾਗਤ ਨਾਲ ਸੀਵਰੇਜ ਦੇ ਕੰਮ ਦੀ ਸ਼ੁਰੂਆਤ ਕਰਵਾਈ ਗਈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਸ਼ੁਰੂ ਕੀਤੇ ਗਏ ਵਿਕਾਸ ਕਾਰਜਾਂ ਨੂੰ ਸਮੇਂ ਸਿਰ ਅਤੇ ਗੁਣਵੱਤਾ ਨਾਲ ਮੁਕੰਮਲ ਕਰਨ ਲਈ ਅਧਿਕਾਰੀਆਂ ਨੂੰ ਪਹਿਲਾਂ ਹੀ ਹਦਾਇਤਾਂ ਜਾਰੀ ਕੀਤੀਆਂ ਜਾ ਚੁੱਕੀਆਂ ਹਨ।

ਫੰਡ ਨਾ ਆਉਣ ਕਾਰਨ ਠੇਕਾ ਕਾਮੇ ਤਨਖਾਹ ਨੂੰ ਤਰਸੇ

ਟਾਂਡਾ ਉੜਮੁੜ, (ਜਸਵਿੰਦਰ ਸੰਧੂ ,ਉਂਕਾਰ ਸਿੰਘ)- ਜਲ ਸਪਲਾਈ ਅਤੇ ਸੈਨੀਟੇਸ਼ਨ ਵਰਕਰ ਯੂਨੀਅਨ ਪੰਜਾਬ ਦੀ ਮੀਟਿੰਗ ਸੂਬਾ ਪ੍ਰਚਾਰਕ ਸਕੱਤਰ ਗੁਰਮੀਤ ਸਿੰਘ ਅੰਮ੍ਰਿਤਸਰ ਅਤੇ ਸੂਬਾ ਪ੍ਰੈੱਸ ਸਕੱਤਰ ਬਲਜਿੰਦਰ ਸਿੰਘ ਦੀ ਅਗਵਾਈ ਵਿੱਚ ਸ਼ਿਮਲਾ ਪਹਾੜੀ ਪਾਰਕ ਟਾਂਡਾ ਵਿਚ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਗੁਰਦਾਸਪੁਰ ਤੇ ਅੰਮ੍ਰਿਤਸਰ ਤੇ ਹੁਸ਼ਿਆਰਪੁਰ ਦੇ ਆਗੂ ਤੇ ਵਰਕਰ ਹਾਜਰ ਹੋਏ।

ਇਸ ਮੀਟਿੰਗ ਵਿੱਚ ਲੰਮੇਂ ਸਮੇਂ ਤੋਂ ਜਲ ਸਪਲਾਈ ਵਿਭਾਗ ਵਿਚ ਕੰਮ ਕਰਦੇ ਠੇਕਾ ਵਰਕਰਾਂ ਨੂੰ ਸਰਕਾਰ ਵਲੋਂ ਤਨਖਾਹਾਂ ਦੇ ਫੰਡ ਜਾਰੀ ਨਹੀਂ ਕੀਤੇ ਜਾ ਰਹੇ ਜਿਸ ਕਾਰਨ ਪਹਿਲਾਂ ਤੋਂ ਨਿਗੂਣੀਆਂ ਤਨਖਾਹਾਂ 'ਤੇ ਕੰਮ ਕਰਦੇ ਵਰਕਰਾ ਦੇ ਘਰਾਂ ਦੇ ਚੁੱਲ੍ਹੇ ਠੰਡੇ ਹੋ ਗਏ ਹਨ। ਇਸ ਲਈ ਸਰਕਾਰ ਨੂੰ ਜੱਥੇਬੰਦੀ ਨੇ ਅਪੀਲ ਕੀਤੀ ਕਿ ਜਲਦ ਹੀ ਫੰਡ ਜਾਰੀ ਕੀਤਾ ਜਾਵੇ। ਇਸ ਤੋਂ ਇਲਾਵਾ ਵਰਕਰਾਂ ਲਈ ਜੋ ਪੋਲਸੀ ਵਿਭਾਗ ਵਿਚ ਸ਼ਾਮਲ ਕਰਨ ਦੀ ਬਣਾਈ ਜਾ ਰਹੀ ਹੈ ਉਸ ਨੂੰ ਜਲਦ ਹੀ ਅਮਲੀ ਜਮਾ ਪਹਿਨਾਇਆ ਜਾਵੇ ਕਿਉਂਕਿ ਪਹਿਲਾਂ ਹੀ ਠੇਕਾ ਵਰਕਰਾਂ ਦਾ ਲੰਮੇ ਸਮੇਂ ਤੋਂ ਸੋਸ਼ਣ ਹੋ ਰਿਹਾ ਹੈ ਜਿਸ ਨੂੰ ਹੋਰ ਬਰਦਾਸ਼ਤ ਨਈ ਕੀਤਾ ਜਾਵੇਗਾ।

ਇਸ ਤੋਂ ਇਲਾਵਾ ਜਥੇਬੰਦੀ ਦੇ ਅੰਦਰੂਨੀ ਮਸਲਿਆਂ ਬਾਰੇ ਵਿਚਾਰ ਚਰਚਾ ਕੀਤੀ ਗਈ। ਇਸ ਸਮੇਂ ਹਾਜਰ ਸਾਥੀ ਹਰਪਾਲ ਸਿੰਘ ਲਾਲ ਸਿੰਘ ਰਮਨ ਸੈਣੀ ਸਰਨਜੀਤ ਸਿੰਘ ਬਲਕਾਰ ਸਿੰਘ ਕੁਲਦੀਪ ਸਿੰਘ ਰਾਣਾ ਰਾਜ ਸਿੰਘ ਰਵਿੰਦਰ ਕੁਮਾਰ ਜੋਗਿੰਦਰ ਸਿੰਘ ਅਸੋਕ ਕੁਮਾਰ ਰਣਜੀਤ ਸਿੰਘ ਮਨਦੀਪ ਸਿੰਘ ਕਮਲਜੀਤ ਸਿੰਘ ਅਮਰੀਕ ਸਿੰਘ ਸਰਜੀਤ ਸਿੰਘ ਗੁਰਪ੍ਰੀਤ ਸਿੰਘ ਹਰਦੀਪ ਸਿੰਘ ਆਦਿ ਹਾਜ਼ਰ ਸਨ।

ਗੁਰਦੁਆਰਾ ਐਕਟ 'ਚ ਸੋਧ ਨੂੰ ਰੱਦ ਕਰਵਾਉਣ ਲਈ ਦਿੱਤਾ ਯਾਦ ਪੱਤਰ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)-ਪੰਜਾਬ ਸਰਕਾਰ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਗੁਰਦੁਆਰਾ ਐਕਟ ਵਿੱਚ ਗੈਰ ਕਨੂੰਨੀ ਢੰਗ ਨਾਲ ਜ਼ਬਰੀ ਸੋਧ ਕਰਕੇ ਸਿੱਖ ਕੌਮ ਦੇ ਗੁਰੂ-ਘਰਾਂ ਦੇ ਪ੍ਰਬੰਧ ਵਿੱਚ ਸਰਕਾਰੀ ਦਖਲ ਦੇਣ ਹਿੱਤ ਬਣਾਏ ਗਏ ਕਾਨੂੰਨ ਨੂੰ ਤੁਰੰਤ ਰੱਦ ਕਰਨ ਲਈ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਮਾਸਟਰ ਕੁਲਦੀਪ ਸਿੰਘ ਮਸੀਤੀ ਸੀਨੀਅਰ ਮੀਤ ਪ੍ਰਧਾਨ ਅਤੇ ਜਥੇਦਾਰ ਬਾਬਾ ਗੁਰਦੇਵ ਸਿੰਘ ਮੁਖੀ ਮਿਸਲ ਭਗਤ ਧੰਨਾ ਜੀ ਦਲ ਦੀ ਅਗਵਾਈ ਹੇਠ ਇਕ ਯਾਦ ਪੱਤਰ ਗਵਰਨਰ ਪੰਜਾਬ ਬਨਵਾਰੀ ਲਾਲ ਪਰੋਹਤ ਲਈ ਡਿਪਟੀ ਕਮਿਸ਼ਨਰ ਕੋਮਲ ਮਿੱਤਰਾ ਰਾਹੀਂ ਦਿੱਤਾ ਗਿਆ। ਇਸ ਸਮੇਂ ਗੁਰਨਾਮ ਸਿੰਘ ਸਿੰਗੜੀਵਾਲਾ ਜ਼ਿਲ੍ਹਾ ਜਰਨਲ ਸਕੱਤਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ 2016 ਤੋਂ ਖਤਮ ਹੋ ਚੁੱਕੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਤੁਰੰਤ ਕਰਵਾਉਣ ਦੀ ਮੰਗ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਕਰਵਾਉਣ ਦੀ ਆਪਣੀ ਬਣਦੀ ਜ਼ਿੰਮੇਵਾਰੀ ਨਿਭਾਉਣ ਦੀ ਥਾਂ ਗੈਰ ਜਮਹੂਰੀ ਢੰਗ ਨਾਲ ਗੁਰਦੁਆਰਾ ਐਕਟ ਵਿੱਚ ਸੋਧ ਕਰਕੇ ਸਿੱਖ ਕੌਮ ਦੇ ਧਾਰਮਿਕ ਕੰਮਾਂ ਵਿੱਚ ਦਖਲ-ਅੰਦਾਜ਼ੀ ਕਰ ਰਹੀ ਹੈ। ਜਿਸ ਨੂੰ ਸਿੱਖ ਕੌਮ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ ਤੇ ਸਰਕਾਰ ਦਾ ਸਖਤੀ ਨਾਲ ਬਹੁਤ ਕਰੇਗੀ। ਇਸ ਸਮੇਂ ਮਾਸਟਰ ਕੁਲਦੀਪ ਸਿੰਘ ਮਸੀਤੀ ਨੇ ਕਿਹਾ ਕਿ 11 ਅਪ੍ਰੈਲ 1959 ਨੂੰ ਮਾਸਟਰ ਤਾਰਾ ਸਿੰਘ ਅਤੇ ਇੰਡੀਆ ਦੇ ਪਹਿਲੇ ਪ੍ਰਧਾਨ ਮੰਤਰੀ ਜਵਾਹਰ ਲਾਲ ਨਹਿਰੂ ਵਿਚਕਾਰ ਇਕ ਸਮਝੌਤਾ ਹੋਇਆ ਸੀ ਜਿਸ ਅਨੁਸਾਰ ਐਸ ਜੀ ਪੀ ਸੀ ਦੇ ਹਾਊਸ ਦੀ ਪ੍ਰਵਾਨਗੀ ਤੋਂ ਬਗੈਰ ਗੁਰਦੁਆਰਾ ਐਕਟ ਵਿੱਚ ਕੋਈ ਸੋਧ ਜਾਂ ਤਬਦੀਲੀ ਨਹੀਂ ਕੀਤੀ ਜਾਵੇਗੀ। ਪਰ ਅਫਸੋਸ ਭਗਵੰਤ ਮਾਨ ਸਰਕਾਰ ਨੇ ਗੁਰਦੁਆਰਾ ਐਕਟ ਵਿੱਚ ਜਬਰੀ ਸੋਧ ਕਰਕੇ ਸਿੱਖ ਵਿਰੋਧੀ ਹੋਣ ਦਾ ਸਬੂਤ ਦਿੱਤਾ। ਪਰ ਸਿੱਖ ਕੌਮ ਇਸ ਨੂੰ ਕਦੇ ਵੀ ਪ੍ਰਵਾਨ ਨਹੀਂ ਕਰੇਗੀ ਅਤੇ ਇਸ ਨੂੰ ਰੱਦ ਕਰਵਾਉਣ ਤੱਕ ਸੰਘਰਸ਼ ਕਰਦੀ ਰਹੇਗੀ। ਇਸ ਮੌਕੇ ਜਸਵੰਤ ਸਿੰਘ ਸਰਕਲ ਪ੍ਰਧਾਨ ਟਾਂਡਾ, ਜਥੇਦਾਰ ਬਾਬਾ ਬਲਵੀਰ ਸਿੰਘ, ਕਰਨੈਲ ਸਿੰਘ ਲਵਲੀ, ਹਰਦੀਪ ਸਿੰਘ ਰਾਜੂ, ਬਲਵਿੰਦਰ ਸਿੰਘ ਤੇ ਗੁਰਪ੍ਰੀਤ ਸਿੰਘ ਆਦਿ ਹਾਜਰ ਸਨ।

ਮੋਟਰਸਾਇਕਲ ਤੇ 175 ਗ੍ਰਾਮ ਨਸ਼ੀਲੇ ਪਦਾਰਥ ਸਮੇਤ ਗ੍ਰਿਫ਼ਤਾਰ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)-ਇੰਸ: ਕਰਨੈਲ ਸਿੰਘ ਮੁੱਖ ਅਫਸਰ ਥਾਣਾ ਮਾਡਲ ਟਾਉਨ ਹੁਸ਼ਿਆਰਪੁਰ ਦੀ ਨਿਗਰਾਨੀ ਹੇਠ ਏ ਐਸ ਆਈ ਜਸਵੀਰ ਸਿੰਘ ਨੇ ਸਮੇਤ ਸਾਥੀ ਕਰਮੀਆਂ ਗਸ਼ਤ ਦੇ ਦੌਰਾਨ ਟਾਂਡਾ ਰੋਡ ਨਜਦੀਕ ਵਿੰਡਸਰ ਮੈਰਿਜ ਪੈਲਿਸ ਹੁਸ਼ਿਆਰਪੁਰ ਤੋਂ ਪਿੰਡ ਹਰਦੋਖਾਨਪੁਰ ਦੀ ਸਾਇਡ ਤੋਂ ਇੱਕ ਮੋਟਰ ਸਾਇਲ ਮਾਰਕਾ ਪਲਟੀਨਾ ਜਿਸ ਦੀ ਸਾਹਮਣੇ ਦੀ ਨੰਬਰ ਪਲੇਟ ਟੁੱਟੀ ਹੋਈ ਸੀ 'ਤੇ ਸਵਾਰ ਹੋ ਕੇ ਆ ਰਹੇ ਹਰਪ੍ਰੀਤ ਸਿੰਘ ਉਰਫ ਹਨੀ ਪੁੱਤਰ ਸੁਰਿੰਦਰਪਾਲ ਵਾਸੀ ਸ਼ੇਖੂਪੁਰ ਥਾਣਾ ਬੁਲੋਵਾਲ ਜਿਲਾ ਹੁਸ਼ਿਆਰਪੁਰ ਅਤੇ ਸੁਰਜੀਤ ਸਿੰਘ ਉਰਫ ਜੀਤੀ ਪੁੱਤਰ ਗਸ਼ਪਾਲ ਵਾਸੀ ਚੱਕੋਵਾਲ ਸ਼ੇਖਾ ਥਾਣਾ ਬੁਲੋਵਾਲ ਜ਼ਿਲ੍ਹਾ ਹੁਸ਼ਿਆਰਪੁਰ ਨੂੰ ਸ਼ੱਕ ਦੀ ਬਿਨਾਹ 'ਤੇ ਰੋਕ ਕੇ ਚੈਕ ਕਰਨ 'ਤੇ ਹਰਪ੍ਰੀਤ ਸਿੰਘ ਪਾਸੋਂ 95 ਗ੍ਰਾਮ ਨਸ਼ੀਲਾ ਪਦਾਰਥ ਅਤੇ ਸੁਰਜੀਤ ਸਿੰਘ ਉਰਫ ਜੀਤੀ ਪਾਸੋਂ 80 ਗ੍ਰਾਮ ਨਸ਼ੀਲਾ ਪਦਾਰਥ ਬ੍ਰਾਮਦ ਹੋਣ 'ਤੇ ਇਹਨਾਂ ਦੇ ਖਿਲਾਫ ਥਾਣਾ ਮਾਡਲ ਟਾਊਨ ਹੁਸ਼ਿਆਰਪੁਰ ਮਾਮਲਾ ਦਰਜ ਕਰਵਾ ਕੇ ਤਫਤੀਸ਼ ਅਮਲ ਵਿੱਚ ਲਿਆਦੀ ਅਤੇ ਦੌਰਾਨੇ ਪੁੱਛਗਿੱਛ ਮੁਲਜ਼ਮਾਂ ਨੇ ਮੰਨਿਆ ਕਿ ਉਹ ਨਸ਼ਾ ਕਰਨ ਦੇ ਆਦੀ ਹਨ ਤੇ ਨਸ਼ਿਆਂ ਦੀ ਪੂਰਤੀ ਲਈ ਲੁੱਟਾਂ ਖੋਹਾਂ ਕਰਦੇ ਹਨ।

Court Notice

(U/o 5 Rule 20 CPC)
In the Court of
Ms. Baljinder Sidhu,
Principal Judge Family Court, Sangrur
CNR No. PBSG01-005127-2023
Next Date : 07-07-2023
Rupinder Kaur
Vs.
General Public
Publication Issued to : General Public : Sangrur

In above titled case, the defendant(s)/respondent(s) cold not be served. It is Ordered that defendant (s)/respondent(s) should appear in person or thorugh counsel on 07-07-2023 at 10.00 a.m.

For details logon to https://highcourtchd.gov.in./?trs=district_notice&district=Sangrur.

Principal Judge Family Court, Sangrur.
Dated, this day of 16-06-2023

ਨੋਟਿਸ

ਦਫਤਰ ਡਿਪਟੀ ਰਜਿਸਟਰਾਰ, ਸਹਿਕਾਰੀ ਸਭਾਵਾਂ, ਤਰਨ ਤਾਰਨ

ਮੈਨੇਜਰ ਦੀ ਚੋਹਲਾ ਸਾਹਿਬ ਪ੍ਰਾਇਮਰੀ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਲਿਮਟਿਡ ਚੋਹਲਾ ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ ਨੇ ਬੈਂਕ ਦੀ ਪ੍ਰਬੰਧਕ ਕਮੇਟੀ ਦੀ ਚੋਣ ਕਰਾਉਣ ਲਈ 9 ਜ਼ੋਨ ਤਿਆਰ ਕਰਕੇ ਪ੍ਰਵਾਨਗੀ ਲਈ ਇਸ ਦਫਤਰ ਨੂੰ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ ਤਰਨ ਤਾਰਨ ਦੇ ਦਫਤਰ ਰਾਹੀਂ ਇਸ ਦਫਤਰ ਵਿੱਚ ਪ੍ਰਾਪਤ ਹੋਏ ਹਨ ਅਤੇ ਹਰੇਕ ਜ਼ੋਨ ਵਿੱਚੋਂ ਇੱਕ ਕਮੇਟੀ ਮੈਂਬਰ ਚੁਣਿਆ ਜਾਣਾ ਹੈ। ਜ਼ੋਨ ਨੰਬਰ 1 ਅਤੇ ਜ਼ੋਨ ਨੰਬਰ 7 ਔਰਤਾਂ ਲਈ ਰਾਖਵੇਂ ਰੱਖੇ ਗਏ ਹਨ, ਜ਼ੋਨ ਨੰਬਰ 8 ਅਨੁਸੂਚਿਤ ਜਾਤੀ ਲਈ ਰਾਖਵਾਂ ਰੱਖਿਆ ਗਿਆ ਹੈ ਅਤੇ ਬਾਕੀ ਜ਼ੋਨ ਜਨਰਲ ਹਨ। ਇਸ ਲਈ ਬੈਂਕ ਦੇ ਸਮੂਹ ਮੈਂਬਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਉਨ੍ਹਾਂ ਨੂੰ ਉਪਰੋਕਤ ਜ਼ੋਨਾਂ ਦੀ ਬਣਤਰ ਸੰਬੰਧੀ ਕੋਈ ਇਤਰਾਜ਼ ਹੈ ਤਾਂ ਉਹ ਆਪਣਾ ਲਿਖਤੀ ਇਤਰਾਜ਼ ਇਸ ਦਫਤਰ ਵਿੱਚ ਮਿਤੀ 20-07-2023 ਤੱਕ ਬਾਅਦ ਦੁਪਹਿਰ 5 ਵਜੇ ਤੱਕ ਦੇ ਸਕਦੇ ਹਨ। ਪ੍ਰਾਪਤ ਹੋਏ ਜ਼ੋਨਾਂ ਦੀ ਸੁਣਵਾਈ ਮਿਤੀ 21-7-2023 ਨੂੰ

ਬਾਅਦ ਦੁਪਹਿਰ 2 ਵਜੇ ਇਸ ਦਫਤਰ (ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਕਮਰਾ ਨੰਬਰ 216, ਤਰਨ ਤਾਰਨ) ਵਿੱਚ ਕੀਤੀ ਜਾਵੇਗੀ ਅਤੇ ਜ਼ੋਨਾਂ ਦੀ ਪ੍ਰਵਾਨਗੀ ਸੰਬੰਧੀ ਫੈਸਲਾ ਕੀਤਾ ਜਾਵੇਗਾ। ਇਹ ਜ਼ੋਨ ਕਿਸੇ ਵੀ ਕੰਮ ਵਾਲੇ ਦਿਨ ਬੈਂਕ ਵਿੱਚੋਂ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਤਰਨ ਤਾਰਨ ਦੇ ਦਫਤਰ ਵਿੱਚੋਂ ਅਤੇ ਇਸ ਦਫਤਰ ਵਿੱਚ ਵੇਖੇ ਜਾ ਸਕਦੇ ਹਨ।

ਅੱਜ ਮਿਤੀ 30-6-2023 ਨੂੰ ਮੇਰੇ ਦਸਤਖਤਾਂ ਅਤੇ ਮੋਹਰ ਹੇਠ ਜਾਰੀ ਹੋਇਆ।

ਡਿਪਟੀ ਰਜਿਸਟਰਾਰ, ਸਹਿਕਾਰੀ ਸਭਾਵਾਂ, ਤਰਨ ਤਾਰਨ

ਕਲਾਸੀਫਾਈਡ ਇਸ਼ਤਿਹਾਰ

Public Notice

We, Vipan Kumar S/o Lajpat Rai & Neelam Naresh W/o Vipan Kumar both R/o 542, Guru Amardass Nagar, Jalandhar declare that our son Vinod Kumar and his wife Amrit Kaur Alias Pooja are out of our control. We disinherit them from our moveable and immovable properties. We and our family shall not be held responsible for any of them acts, deeds and things. All Please Note.

We, Sukhdev Raj S/o Late. Amar Chand & Kuldeep Kaur W/o Sukhdev Raj both R/o H.No. ES-432, Gali No.4, Abadpura, Jalandhar declare that our son Ashwani Kumar and his wife Jasprit Kumari are out of our control. We disinherit them from our moveable and immovable properties. We and our family shall not be held responsible for any of them acts, deeds and things. All Please Note.

I, Amanpreet Kaur W/o Didar Singh R/o Village Dhaliwal Qadian Colony, Jalandhar declare that my son Akashdeep Singh aged 17 years has gone out of my control. So I disinherit him from all my moveable and Immoveable properties. The person transacting with him himself will be responsible. I and my family will not have any responsibility. All concerned please note.

I, Balvir Singh S/o Fauja Singh R/o Ward No. 1, Vill. Miani, Tehsil Dasuya, Distt. Hoshiarpur declare that my name written in my Passport No. E4392052 issued from Regional Passport Office Jalandhar on 03.04.2003, as Balbir Singh, that was not correct in my Aadhar Card and my Bank Passbook my name is written as Balvir Singh. My name may kindly be consider as Balvir Singh instead of Balbir Singh in future. All concerned please note.

ਬੋਲੀ ਸੰਬੰਧੀ ਸੂਚਨਾ

ਲੋਹੇ ਦੇ 12 ਫੁੱਟੇ, 60 ਬੱਤੇ ਲੱਕੜ ਦੇ 5 ਫੁੱਟੇ ਨੂੰ ਵੇਚਣ ਲਈ ਬੋਲੀ ਮਿਤੀ 06 ਜੁਲਾਈ 2023 ਨੂੰ ਸਵੇਰੇ 11 ਵਜੇ ਪੰਚਾਇਤ ਘਰ ਮੌੜ ਵਿਖੇ ਰੱਖੀ ਜਾਂਦੀ ਹੈ। ਜਾਰੀ ਕਰਤਾ ਕੁਲਵੀਰ ਸਿੰਘ ਸਰਪੰਚ ਮੌੜ।

ਆਮ ਸੂਚਨਾ

ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ XIIAP02/0146-X C.A.No. 3004469691, 12.50 ਬੀ ਐੱਚ ਪੀ ਜੋ ਕਿ ਸ੍ਰੀ ਬਚਨ ਸਿੰਘ ਪੁੱਤਰ ਸ੍ਰੀ ਜੀਵਨ ਸਿੰਘ ਪਿੰਡ ਨਿਹਾਲੂਵਾਲ ਜ਼ਿਲ੍ਹਾ ਕਪੂਰਥਲਾ ਦੇ ਨਾਂਅ 'ਤੇ ਚੱਲ ਰਹੇ ਹਨ। ਇਹ ਕੁਨੈਕਸ਼ਨ ਪਿੰਡ ਨਿਹਾਲੂਵਾਲ ਜ਼ਿਲ੍ਹਾ ਕਪੂਰਥਲਾ ਵਿੱਚ ਮੌਜੂਦ ਹੈ। ਇਹ ਕੁਨੈਕਸ਼ਨ ਸ੍ਰੀ ਹਰਵਿੰਦਰ ਸਿੰਘ ਸਿੱਧੂ ਪੁੱਤਰ ਸ੍ਰੀ ਕਰਨੈਲ ਸਿੰਘ ਵਾਸੀ ਪਿੰਡ ਸਿੱਧਵਾਂ ਦੋਨਾਂ ਜ਼ਿਲ੍ਹਾ ਕਪੂਰਥਲਾ ਨੇ ਆਪਣੇ ਨਾਂਅ ਕਰਵਾਉਣ ਲਈ ਦਰਖਾਸਤ ਇਸ ਦਫਤਰ ਵਿਖੇ ਪੇਸ਼ ਕੀਤੀ ਹੈ। ਇਸ ਸੰਬੰਧੀ ਜੇਕਰ ਕਿਸੇ ਨੂੰ ਇਤਰਾਜ਼ ਹੈ/ਹੋਵੇ ਤਾਂ ਆਪਣਾ ਇਤਰਾਜ਼ਨਾਮਾ ਇਸ ਨੋਟਿਸ ਦੇ ਜਾਰੀ ਹੋਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਨਿਮਨ ਹਸਤਾਖਰਕਰਤਾ ਨੂੰ ਇਸ ਦਫਤਰ ਵਿੱਚ ਜਮ੍ਹਾਂ ਕਰਵਾਓ ਜੀ। ਸਹਾਇਕ ਕਾਰਜਕਾਰੀ ਇੰਜੀ./ਵੰਡ ਪੀ ਐੱਸ ਪੀ ਸੀ ਐੱਲ, ਉੱਪ ਮੰਡਲ ਕਾਲਾ ਸੰਘਿਆਂ।

ਮੈਂ, ਰਾਜਵਿੰਦਰ ਕੌਰ ਪਤਨੀ ਸੁਰਜੀਤ ਸਿੰਘ ਵਾਸੀ ਪਿੰਡ ਰਜਬ, ਡਾਕਖਾਨਾ ਕਰਤਾਰਪੁਰ, ਜ਼ਿਲਾਂ ਜਲੰਧਰ ਬਿਆਨ ਕਰਦੀ ਹਾਂ ਕਿ ਮੈਂ ਆਪਣੇ ਲੜਕੇ ਗੁਰਪ੍ਰੀਤ ਸਿੰਘ ਨੂੰ ਮੇਰੇ ਕਹਿਣੇ ਵਿੱਚ ਨਾ ਹੋਣ ਕਰਕੇ ਅਖ਼ਬਾਰ 'ਨਵਾਂ ਜ਼ਮਾਨਾ' ਰਾਹੀਂ ਬੇਦਖਲ ਕੀਤਾ ਸੀ। ਹੁਣ ਮੇਰਾ ਲੜਕਾ ਗੁਰਪ੍ਰੀਤ ਸਿੰਘ ਮੇਰੇ ਕਹਿਣੇ ਵਿੱਚ ਹੈ। ਮੈਂ ਇਸਦੀ ਬੇਦਖਲੀ ਵਾਪਿਸ ਲੈਂਦੀ ਹਾਂ। ਹੁਣ ਇਹ ਮੇਰੀ ਚੱਲ-ਅਚੱਲ ਜਾਇਦਾਦ ਦਾ ਵਾਰਿਸ ਹੋਵੇਗਾ। ਸਬੰਧਿਤ ਨੋਟ ਕਰਨ।

ਮੈਂ, ਸੁਰਜੀਤ ਸਿੰਘ ਪੁੱਤਰ ਬਲਵੰਤ ਸਿੰਘ ਵਾਸੀ ਪਿੰਡ ਰਜਬ, ਡਾਕਖਾਨਾ ਕਰਤਾਰਪੁਰ, ਜ਼ਿਲਾਂ ਜਲੰਧਰ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਗੁਰਪ੍ਰੀਤ ਸਿੰਘ ਨੂੰ ਮੇਰੇ ਕਹਿਣੇ ਵਿੱਚ ਨਾ ਹੋਣ ਕਰਕੇ ਅਖ਼ਬਾਰ ਨਵਾਂ ਜਮਾਨਾ ਰਾਹੀਂ ਬੇਦਖਲ ਕੀਤਾ ਸੀ। ਹੁਣ ਮੇਰਾ ਲੜਕਾ ਗੁਰਪ੍ਰੀਤ ਸਿਘ ਮੇਰੇ ਕਹਿਣੇ ਵਿੱਚ ਹੈ। ਮੈਂ ਇਸਦੀ ਬੇਦਖਲੀ ਵਾਪਿਸ ਲੈਂਦਾ ਹਾਂ। ਹੁਣ ਇਹ ਮੇਰੀ ਚੱਲ-ਅਚੱਲ ਜਾਇਦਾਦ ਦਾ ਵਾਰਿਸ ਹੋਵੇਗਾ। ਸਬੰਧਿਤ ਨੋਟ ਕਰਨ।

ਬੇਦਖਲੀ ਨੋਟਿਸ

ਮੈਂ, ਰਾਮ ਲੁਭਾਇਆ ਪੁੱਤਰ ਰਾਮ ਚੰਦ ਵਾਸੀ ਮਕਾਨ ਨੰ. 2036, ਭਾਰਗੋ ਨਗਰ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸ਼ੁਭਮ, ਜੋ ਕਿ ਮੇਰੇ ਕਹ

4-JULY-PAGE-7.qxd 7/3/2023 10:34 PM Page 1

ਸਰਕਾਰ ਪੁਰਾਣੀ ਪੈਨਸ਼ਨ ਸਕੀਮ ਨੂੰ ਅਸਲ ਰੂਪ 'ਚ ਲਾਗੂ ਕਰੇ : ਮੋਰਚਾ ਆਗੂ

■ 21 ਨੂੰ ਸਮੂਹਕ ਵਫਦ ਵੱਲੋਂ ਵਿੱਤ ਮੰਤਰੀ ਦੇ ਘਰ ਵੱਲ ਕੀਤਾ ਜਾਵੇਗਾ ਰੋਸ ਮਾਰਚ

ਮੋਗਾ (ਅਮਰਜੀਤ ਬੱਬਰੀ)-ਪੰਜਾਬ ਦੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ 01-01-2004 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਨਾਲ ਚੋਣਾਂ ਤੋਂ ਪਹਿਲਾਂ ਵਾਅਦਾ ਕੀਤਾ ਗਿਆ ਸੀ ਕਿ ਉਨ੍ਹਾਂ ਦੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਪੰਜਾਬ ਦੇ ਮੁਲਾਜ਼ਮਾਂ ਉਪਰ ਨਵੀਂ ਕੰਟਰੀਬਿਊਟਰੀ ਪੈਨਸ਼ਨ ਸਕੀਮ ਰੱਦ ਕਰ ਕੇ ਪੁਰਾਣੀ ਪੈਨਸ਼ਨ ਸਕੀਮ ਤੁਰੰਤ ਲਾਗੂ ਕੀਤੀ ਜਾਵੇਗੀ, ਪਰ ਪੰਜਾਬ ਸਰਕਾਰ ਵੱਲੋਂ ਲਗਭਗ ਸਵਾ ਸਾਲ ਪੂਰਾ ਹੋਣ ਤੋਂ ਬਾਅਦ ਵੀ ਪੁਰਾਣੀ ਪੈਨਸ਼ਨ ਸਕੀਮ ਲਾਗੂ ਨਹੀਂ ਕੀਤੀ ਗਈ। ਇਸ ਸਬੰਧੀ ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚਾ ਦੇ ਸੂਬਾਈ ਕਨਵੀਨਰ ਗੁਰਜੰਟ ਸਿੰਘ ਕੱਕਰੀ ਕਲਾਂ, ਸੁਰਿੰਦਰ ਸਿੰਘ ਮੋਗਾ, ਗੁਰਦੀਪ ਸਿੰਘ ਮੁੱਲਾਂਪੁਰ, ਮੱਖਣ ਸਿੰਘ, ਜੁਗਰਾਜ ਬੁੱਟਰ, ਮਨਪ੍ਰੀਤ ਸਿੰਘ, ਸਤਪਾਲ ਸਿੰਘ ਤੇ ਸਾਥੀਆਂ ਨੇ ਸ਼ਹੀਦ ਨਛੱਤਰ ਸਿੰਘ ਯਾਦਗਾਰੀ ਹਾਲ ਮੋਗਾ ਵਿਖੇ ਮੀਟਿੰਗ ਕਰਕੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਦੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਸਬੰਧੀ 18 ਨਵੰਬਰ 2022 ਨੂੰ ਜਾਰੀ ਕੀਤੇ ਨੋਟੀਫਿਕੇਸ਼ਨ ਨੂੰ ਅਧੂਰਾ ਨੋਟੀਫਿਕੇਸ਼ਨ ਕਰਾਰ ਦਿੱਤਾ ਗਿਆ ਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਲਈ ਹੋਰ ਰਾਜਾਂ ਵਿੱਚ ਭੇਜੀਆਂ ਕਮੇਟੀਆਂ ਦੀ ਸਖਤ ਨਿੰਦਾ ਕਰਦੇ ਕਿਹਾ ਕਿ ਪੰਜਾਬ ਸਰਕਾਰ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦੇ ਮਸਲੇ ਨੂੰ ਹੋਰ ਉਲਝਾਉਣ ਦੀ ਬਜਾਏ 1 ਜਨਵਰੀ 2004 ਤੋਂ ਪਹਿਲਾਂ ਭਰਤੀ ਮੁਲਾਜ਼ਮਾਂ ਲਈ ਲਾਗੂ ਪੁਰਾਣੀ ਪੈਨਸ਼ਨ ਸਕੀਮ ਤੇ 1972 ਦੇ ਪੈਨਸ਼ਨ ਨਿਯਮ ਅਨੁਸਾਰ ਇੰਨ ਬਿੰਨ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ। ਇਹ ਮੰਗ ਵੀ ਕੀਤੀ ਗਈ ਕਿ ਤਤਕਾਲ ਸਮੇਂ ਤੋਂ ਹੀ ਐੱਨ ਪੀ ਐੱਸ. ਮੁਲਾਜ਼ਮਾਂ ਦੇ ਜੀ.ਪੀ.ਐਫ.ਨੰਬਰ/ਖਾਤੇ ਅਲਾਟ ਕੀਤੇ ਜਾਣ 'ਤੇ ਮੁਲਾਜ਼ਮਾਂ ਦੀ 10% ਕੰਟਰੀਬਿਊਸ਼ਨ ਬੰਦ ਕਰਕੇ ਜੀ.ਪੀ.ਐੱਫ. ਕਟੌਤੀ ਸ਼ੁਰੂ ਕੀਤੀ ਜਾਵੇ। ਮੋਰਚੇ ਦੇ ਆਗੂਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕੇਵਲ ਇਕ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ, ਜਿਸ ਅਨੁਸਾਰ ਪੰਜਾਬ 'ਚ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰ ਦਿੱਤੀ ਗਈ ਹੈ, ਪਰ ਪੰਜਾਬ 'ਚ 01-01-2004 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਵਿੱਚੋਂ ਹਾਲੇ ਤੱਕ ਇੱਕ ਵੀ ਮੁਲਾਜ਼ਮ ਦਾ ਜੀਪੀਐੱਫ ਖਾਤਾ ਨਹੀਂ ਖੋਲ੍ਹਿਆ ਗਿਆ ਤੇ ਹਾਲ ਹੀ ਵਿੱਚ ਪੰਜਾਬ ਸਰਕਾਰ ਵੱਲੋਂ ਭਰਤੀ ਕੀਤੇ ਗਏ ਮੁਲਾਜ਼ਮਾਂ ਉੱਪਰ ਵੀ ਨਵੀਂ ਪੈਨਸ਼ਨ ਸਕੀਮ ਲਾਗੂ ਨਹੀਂ ਕੀਤੀ ਜਾ ਰਹੀ, ਜਿਸ ਨਾਲ ਮੁਲਾਜ਼ਮ ਵਰਗ 'ਚ ਭਾਰੀ ਰੋਸ ਵਧ ਗਿਆ ਹੈ। ਆਗੂਆਂ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚੇ ਵੱਲੋਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਘਰ ਵੱਲ 21 ਜੁਲਾਈ 2023 ਨੂੰ ਮੋਰਚੇ ਦੇ ਸਮੂਹਕ ਵਫਦ ਵੱਲੋਂ ਕਾਲੇ ਚੋਲੇ ਪਾ ਕੇ ਇੰਨ ਬਿੰਨ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦਾ ਵਾਅਦਾ ਪੂਰਾ ਨਾ ਕਰਨ ਦੇ ਰੋਸ ਵਜੋਂ ਤਿੱਖਾ ਪ੍ਰਦਰਸ਼ਨ ਕੀਤਾ ਜਾਵੇਗਾ।

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਵੱਲੋਂ ਦਰਪੇਸ਼ ਮੁਸ਼ਕਲਾਂ ਬਾਰੇ ਚਰਚਾ

ਮੀਟਿੰਗ ਉਪਰੰਤ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਜ਼ੀਰਾ ਦੇ ਅਹੁਦੇਦਾਰ।

ਜ਼ੀਰਾ (ਨਰਿੰਦਰ ਅਨੇਜਾ)-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਬਲਾਕ ਜ਼ੀਰਾ ਦੀ ਮਹੀਨਾਵਾਰ ਇਕੱਤਰਤਾ ਪ੍ਰਧਾਨ ਡਾਕਟਰ ਗੁਰਦਿੱਤ ਸਿੰਘ ਦੀ ਪ੍ਰਧਾਨਗੀ, ਸਰਪ੍ਰਸਤ ਡਾਕਟਰ ਆਤਮਾ ਤੇ ਸੀਨੀਅਰ ਆਗੂ ਡਾਕਟਰ ਸੁਰਜੀਤ ਸਿੰਘ ਦੀ ਅਗਵਾਈ ਹੇਠ ਗੁਰਦੁਆਰਾ ਸਿੰਘ ਸਭਾ ਜ਼ੀਰਾ ਵਿਖੇ ਹੋਈ, ਜਿਸ 'ਚ ਪਿੰਡਾਂ ਤੇ ਸ਼ਹਿਰਾਂ ਦੇ ਸਲੱਮ ਏਰੀਆ ਵਿੱਚ ਕੰਮ ਕਰਦੇ ਪ੍ਰੈਕਟੀਸ਼ਨਰਾਂ ਨੂੰ ਆ ਰਹੀਆਂ ਸਮੱਸਿਆਵਾਂ 'ਤੇ ਵਿਚਾਰਾਂ ਕੀਤੀਆਂ ਗਈਆਂ ਤੇ ਉਨ੍ਹਾਂ ਦੇ ਹੱਲ ਸੁਲਝਾਏ ਗਏ। ਪ੍ਰਧਾਨ ਡਾਕਟਰ ਗੁਰਦਿੱਤ ਸਿੰਘ ਤੇ ਡਾਕਟਰ ਸੁਰਜੀਤ ਸਿੰਘ ਨੇ ਵੱਖ ਵੱਖ ਪਿੰਡਾਂ ਤੇ ਸ਼ਹਿਰਾਂ ਦੇ ਸਲੱਮ ਏਰੀਆ ਵਿੱਚ ਕੰਮ ਕਰਦੇ ਇਕੱਤਰ ਹੋਏ ਪ੍ਰੈਕਟੀਸ਼ਨਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਰੇ ਸਾਫ਼ ਸੁਥਰਾ ਕੰਮ ਕਰਨ। ਕੋਈ ਵੀ ਪ੍ਰੈਕਟੀਸ਼ਨਰ ਨਸ਼ੇ ਦੀਆਂ ਗੋਲੀਆਂ ਜਾਂ ਕੋਈ ਵੀ ਹੋਰ ਨਸ਼ੇ ਦੀ ਚੀਜ਼ ਨਾ ਵੇਚਣ ਤੇ ਜੋ ਵੀ ਕਿਸੇ ਵੀ ਤਰ੍ਹਾਂ ਦਾ ਕੋਈ ਨਸ਼ੇ ਦਾ ਸੇਵਨ ਕਰਦਾ ਹੈ ਤਾਂ ਉਸ ਨੂੰ ਨਸ਼ਿਆਂ ਦੀਆਂ ਭੈੜੀਆਂ ਅਲਾਮਤਾਂ ਬਾਰੇ ਸਮਝਾ ਕੇ ਨਸ਼ਾ ਛੁਡਾਉਣ ਲਈ ਪ੍ਰੇਰਿਤ ਕਰੋ। ਇਕੱਤਰਤਾ ਨੂੰ ਸੰਬੋਧਨ ਕਰਦਿਆਂ ਸਰਪ੍ਰਸਤ ਡਾਕਟਰ ਆਤਮਾ ਸਿੰਘ, ਸੀਨੀਅਰ ਮੀਤ ਪ੍ਰਧਾਨ ਡਾਕਟਰ ਜਸਵਿੰਦਰ ਸਿੰਘ ਸੁੱਖੇਵਾਲਾ ਤੇ ਮੀਤ ਪ੍ਰਧਾਨ ਡਾਕਟਰ ਬੋਹੜ ਸਿੰਘ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਬਣਾਏ ਕਾਨੂੰਨ ਨੈਸ਼ਨਲ ਮੈਡੀਕਲ ਕਮਿਸ਼ਨ ਦੀ ਸਾਡੀ ਯੂਨੀਅਨ ਵਿਰੋਧ ਕਰਦੀ ਹੈ। ਇਸ ਨਾਲ ਪੂਰੇ ਦੇਸ਼ ਵਿੱਚ ਪਿੰਡਾਂ ਤੇ ਸ਼ਹਿਰਾਂ ਦੇ ਸਲੱਮ ਏਰੀਆ 'ਚ ਕੰਮ ਕਰਦੇ ਲੱਖਾਂ ਪ੍ਰੈਕਟੀਸ਼ਨਰ ਪ੍ਰਭਾਵਿਤ ਹੁੰਦੇ ਹਨ। ਜੇਕਰ ਇਸ ਕਾਨੂੰਨ ਦੀ ਆੜ ਹੇਠ ਇਨ੍ਹਾਂ ਪ੍ਰੈਕਟੀਸ਼ਨਰਾਂ ਨੂੰ ਉਜਾੜਨ ਦੀ ਕੋਸ਼ਿਸ਼ ਕੀਤੀ ਗਈ ਤਾਂ ਉਨ੍ਹਾਂ ਵੱਲੋਂ ਸੰਘਰਸ਼ ਦਾ ਝੰਡਾ ਬੁਲੰਦ ਕਰਨ ਦੇ ਨਾਲ ਨਾਲ ਅਗਲੇ ਸਾਲ ਆ ਰਹੀਆਂ ਪਾਰਲੀਮੈਂਟ ਦੀਆਂ ਚੋਣਾਂ ਵਿੱਚ ਕੇਂਦਰ ਸਰਕਾਰ ਨੂੰ ਸਬਕ ਸਿਖਾਇਆ ਜਾਵੇਗਾ। ਪ੍ਰੈੱਸ ਸਕੱਤਰ ਵਰਿੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਦੇ ਸਾਰੇ ਬਲਾਕਾਂ 'ਚ ਪਾਣੀ ਦਾ ਪੱਧਰ, ਜਿਸ ਖਤਰਨਾਕ ਹੱਦ ਤੱਕ ਡਿੱਗ ਰਿਹਾ ਹੈ, ਆਉਣ ਵਾਲੇ ਸਮੇਂ ਪੰਜਾਬ ਦੇ ਮਾਰੂਥਲ ਬਣਨ ਦਾ ਰਾਹ ਪੱਧਰਾ ਹੋ ਗਿਆ ਹੈ। ਮਾਹਰਾਂ ਮੁਤਾਬਕ ਪੰਜਾਬ ਕੋਲ ਕੇਵਲ 17 ਸਾਲਾਂ ਦਾ ਪਾਣੀ ਹੀ ਬਚਿਆ ਹੈ। ਦੂਜੇ ਪਾਸੇ ਪੰਜਾਬ ਸਰਕਾਰ ਨੂੰ ਅਪੀਲ ਹੈ ਕਿ ਸਤਲੁਜ ਦਰਿਆ 'ਚ ਬੁੱਢੇ ਨਾਲੇ ਰਾਹੀਂ ਪੈ ਰਹੀ ਗੰਦਗੀ ਨੂੰ ਬੰਦ ਕਰਨ ਲਈ ਫੌਰੀ ਕਾਰਵਾਈ ਕਰੇ ਤਾਂ ਜੋ ਮਾਲਵੇ ਏਰੀਏ 'ਚ ਕੈਂਸਰ, ਕਾਲੇ ਪੀਲੀਏ ਤੇ ਹੋਰ ਭਿਆਨਕ ਬੀਮਾਰੀਆਂ ਨਾਲ ਮਰ ਰਹੇ ਪੰਜਾਬ ਨੂੰ ਕੁੱਝ ਰਾਹਤ ਮਿਲ ਸਕੇ।

ਅਖੀਰ ਵਿੱਚ ਪ੍ਰਧਾਨ ਡਾਕਟਰ ਗੁਰਦਿੱਤ ਸਿੰਘ ਨੇ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ। ਮੀਟਿੰਗ ਵਿੱਚ ਪ੍ਰਧਾਨ ਡਾਕਟਰ ਗੁਰਦਿੱਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ 'ਚ ਪ੍ਰੈਕਟੀਸ਼ਨਰਜ਼, ਸੀਨੀਅਰ ਮੀਤ ਪ੍ਰਧਾਨ ਜਸਵਿੰਦਰ ਸਿੰਘ ਸੋਢੀ ਵਾਲਾ, ਵਾਈਸ ਜਨਰਲ ਸਕੱਤਰ ਜਗਮੀਤ ਸਿੰਘ, ਚੇਅਰਮੈਨ ਜਰਨੈਲ ਸਿੰਘ ਤੇ ਵਾਈਸ ਚੇਅਰਮੈਨ ਧਰਮਿੰਦਰ ਸਿੰਘ, ਕੈਸ਼ੀਅਰ ਗੁਰਪ੍ਰੀਤ ਸਿੰਘ, ਸੋਸ਼ਲ ਮੀਡੀਆ ਇੰਚਾਰਜ ਰਾਜਵਿੰਦਰ ਸਿੰਘ ਤੇ ਵਾਈਸ ਰਮਨਦੀਪ ਸਿੰਘ, ਪ੍ਰੈੱਸ ਸਕੱਤਰ ਵਰਿੰਦਰ ਸਿੰਘ ਤੇ ਵਾਈਸ ਬਚਿੱਤਰ ਸਿੰਘ, ਸਟੇਜ ਸਕੱਤਰ ਸੰਤੋਖ ਸਿੰਘ, ਸਲਾਹਕਾਰ ਪੂਰਨ ਸਿੰਘ, ਹਰਬੰਸ ਸਿੰਘ, ਸ਼ਮਸ਼ੇਰ ਸਿੰਘ, ਸੀਨੀਅਰ ਆਗੂ ਸੁਖਦੀਪ ਸਿੰਘ ਤੇ ਬਲਜੀਤ ਸਿੰਘ ਧਰਮਿੰਦਰ ਸਿੰਘ ਬਲਖੰਡੀ, ਗੁਰਵਿੰਦਰ ਸਿੰਘ ਲਹੁਕੇ, ਸੁਖਬੀਰ ਸਿੰਘ ਖਾਲਸਾ, ਸਰਬਜੀਤ, ਗਗਨਦੀਪ, ਲਵਲੀ ਸਿੰਘ, ਸੋਨੂੰ, ਪਵਨਵੀਰ, ਸੁਰਜੀਤ ਸਿੰਘ, ਹਰਦੀਪ ਸਿੰਘ, ਮਨਪ੍ਰੀਤ ਸਿੰਘ, ਹਰਜਿੰਦਰ ਸਿੰਘ, ਜੋਗਿੰਦਰ ਸਿੰਘ, ਸੰਦੀਪ ਸਿੰਘ, ਸਤਪਾਲ ਸਿੰਘ, ਹਰਚਰਨ ਸਿੰਘ, ਕੁਲਵੰਤ ਸਿੰਘ, ਗੁਰਮੀਤ ਸਿੰਘ, ਸ਼ਿੰਦਰਪਾਲ ਸਿੰਘ ਸ਼ਾਮਲ ਹੋਏ।

ਕਾਤਰਾਂ

ਆਰਮੀ ਭਰਤੀ ਰੈਲੀ ਅੱਜ ਤੋਂ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਭਾਰਤੀ ਫੌਜ ਦੀ ਭਰਤੀ ਲਈ ਰੈਲੀ 04 ਜੁਲਾਈ 2023 ਤੋਂ ਕੈਪਟਨ ਸੁੰਦਰ ਸਿੰਘ ਸਟੇਡੀਅਮ ਫਿਰੋਜ਼ਪੁਰ ਛਾਉਣੀ ਵਿਖੇ ਸ਼ੁਰੂ ਹੋਵੇਗੀ।ਇਸ ਭਰਤੀ ਰੈਲੀ ਵਿੱਚ ਫਿਰੋਜ਼ਪੁਰ, ਫਰੀਦਕੋਟ, ਸ੍ਰੀ ਮੁਕਤਸਰ ਸਾਹਿਬ, ਫਾਜ਼ਿਲਕਾ ਤੇ ਬਠਿੰਡਾ ਜ਼ਿਲ੍ਹਿਆਂ ਦੇ ਰਜਿਸਟਰਡ ਪ੍ਰਾਰਥੀ, ਜਿਨ੍ਹਾਂ ਨੂੰ ਐਡਮਿਟ ਕਾਰਡ ਜਾਰੀ ਹੋਇਆ ਹੈ, ਹਿੱਸਾ ਲੈ ਸਕਣਗੇ।ਇਹ ਜਾਣਕਾਰੀ ਡਾਇਰੈਕਟਰ ਭਰਤੀ ਕਰਨਲ ਸੌਰਭ ਚਰਨ ਨੇ ਦਿੱਤੀ।ਉਨ੍ਹਾ ਦੱਸਿਆ ਕਿ ਇਸ ਭਰਤੀ ਰੈਲੀ ਵਿੱਚ ਸੈਨਾ ਦੀ ਵੱਖ-ਵੱਖ ਸ਼੍ਰੇਣੀਆਂ ਲਈ ਭਰਤੀ ਕੀਤੀ ਜਾਵੇਗੀ।ਉਨ੍ਹਾ ਦੱਸਿਆ ਕਿ ਜਿਨ੍ਹਾਂ ਪ੍ਰਾਰਥੀਆਂ ਵੱਲੋਂ ਆਨਲਾਈਨ ਅਪਲਾਈ ਕੀਤਾ ਗਿਆ ਸੀ ਤੇ ਜਿਨ੍ਹਾਂ ਨੂੰ ਐਡਮਿਟ ਕਾਰਡ ਜਾਰੀ ਹੋਏ ਹਨ, ਉਹ ਇਸ ਭਰਤੀ ਰੈਲੀ ਵਿੱਚ ਹਿੱਸਾ ਲੈ ਸਕਦੇ ਹਨ।ਸਾਰੇ ਉਮੀਦਵਾਰ ਆਪਣੇ ਜ਼ਰੂਰੀ ਅਸਲ ਦਸਤਾਵੇਜ਼ ਨਾਲ ਲੈ ਕੇ ਆਉਣ।

ਨਾਜਾਇਜ਼ ਸ਼ਰਾਬ ਤੇ ਲਾਹਣ ਬਰਾਮਦ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਸਦਰ ਜਲਾਲਾਬਾਦ ਤੇ ਵੈਰੋਕੇ ਦੀ ਪੁਲਸ ਵੱਲੋਂ ਦੋ ਵੱਖ ਵੱਖ ਥਾਵਾਂ ਤੋਂ ਛਾਪੇਮਾਰੀ ਕਰਕੇ 20 ਬੋਤਲਾਂ ਨਾਜਾਇਜ਼ ਸ਼ਰਾਬ ਤੇ 600 ਲੀਟਰ ਲਾਹਣ ਬਰਾਮਦ ਕੀਤੀ ਗਈ। ਜਾਣਕਾਰੀ ਅਨੁਸਾਰ ਥਾਣਾ ਸਦਰ ਦੇ ਸਹਾਇਕ ਥਾਣੇਦਾਰ ਬਲਕਾਰ ਸਿੰਘ ਚੌਕੀ ਇੰਚਾਰਜ ਘੁਬਾਇਆ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਪਿੰਡ ਚੱਕ ਬਜੀਦਾ ਪੁੱਜੇ ਤਾਂ ਮੁਖਬਰ ਖਾਸ ਦੀ ਇਤਲਾਹ 'ਤੇ ਰੇਡ ਕਰਕੇ 20 ਬੋਤਲਾਂ ਨਾਜਾਇਜ਼ ਸ਼ਰਾਬ ਤੇ 500 ਲੀਟਰ ਲਾਹਣ ਬਰਾਮਦ ਕਰਕੇ ਬਲਜੀਤ ਸਿੰਘ ਪੁੱਤਰ ਜੰਗੀਰ ਸਿੰਘ ਵਾਸੀ ਚੱਕ ਬਜੀਦਾ ਨੂੰ ਕਾਬੂ ਕੀਤਾ ਗਿਆ। ਉਧਰ, ਥਾਣਾ ਵੈਰੋਕੇ ਦੇ ਸਹਾਇਕ ਥਾਣੇਦਾਰ ਗੁਰਦੀਪ ਸਿੰਘ ਸਾਥੀ ਕਰਮਚਾਰੀਆਂ ਨਾਲ ਗਸ਼ਤ ਦੌਰਾਨ ਪਿੰਡ ਵੈਰੋਕੇ ਦੇ ਬਿਜਲੀ ਘਰ ਕੋਲ ਮੌਜੂਦ ਸੀ ਤਾਂ ਮੁਖਬਰ ਦੀ ਇਤਲਾਰ 'ਤੇ ਛਾਪੇਮਾਰੀ ਕਰਕੇ 100 ਲੀਟਰ ਲਾਹਣ ਬਰਾਮਦ ਕੀਤੀ ਗਈ ਹੈ, ਜਦੋਂਕਿ ਮੁਲਜ਼ਮ ਰਾਜੂ ਮੌਕੇ ਤੋਂ ਫਰਾਰ ਹੋ ਗਿਆ।

ਡੇਂਗੂ ਬਾਰੇ ਜਾਗਰੂਕਤਾ ਕੈਂਪ ਲਾਇਆ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਸਬ ਸੈਂਟਰ ਸ਼ੇਰ ਖਾਂ ਅਧੀਨ ਆਉਂਦੇ ਪਿੰਡ ਸ਼ੇਰ ਖਾਂ ਵਿਖੇ ਕੈਂਪ ਲਾ ਕੇ ਡੇਂਗੂ ਸਬੰਧੀ ਜਾਣਕਾਰੀ ਦਿੱਤੀ ਗਈ, ਜਿਸ ਵਿੱਚ ਰਮਨਦੀਪ ਸਿੰਘ ਸੰਧੂ ਸਿਹਤ ਵਿਭਾਗ ਤੇ ਲਖਵਿੰਦਰ ਸਿੰਘ ਹੈਲਥ ਇੰਸਪੈਕਟਰ ਦੱਸਿਆ ਕਿ ਡੇਂਗੂ ਤੇ ਚਿਕਨਗੁਨੀਆ ਬੁਖਾਰ ਏਡੀਜ ਨਾਂ ਦੇ ਮੱਛਰ ਦੇ ਕੱਟਣ ਨਾਲ ਫੈਲਦਾ ਹੈ।ਇਸ ਦੇ ਲੱਛਣ ਜਿਵੇਂ ਕਿ ਤੇਜ਼ ਬੁਖ਼ਾਰ, ਸਿਰ ਦਰਦ, ਮਾਸ ਪੇਸ਼ੀਆਂ ਵਿੱਚ ਦਰਦ, ਚਮੜੀ ਦੇ ਦਾਣੇ, ਅੱਖਾਂ ਦੇ ਪਿਛਲੇ ਹਿੱਸੇ ਵਿਚ ਦਰਦ, ਮਸੂੜਿਆਂ ਤੇ ਨੱਕ ਵਿੱਚ ਖੂਨ ਦਾ ਵਗਣਾ, ਜੋੜਾਂ ਵਿੱਚ ਦਰਦ ਤੇ ਸੋਜ, ਚਮੜੀ ਦੇ ਦਾਣੇ ਤੇ ਖਾਰਿਸ਼ ਹਨ।ਡੇਂਗੂ ਤੇ ਚਿਕਨਗੁਨੀਆ ਬੁਖਾਰ ਤੋਂ ਬਚਾਅ ਲਈ ਆਪਣੇ ਘਰਾਂ ਵਿੱਚ ਖੜੇ ਪਾਣੀ ਨੂੰ ਹਫਤੇ 'ਚ ਇਕ ਵਾਰ ਜ਼ਰੂਰ ਸਾਫ ਕਰਨਾ ਚਾਹੀਦਾ ਹੈ।ਬੁਖਾਰ ਹੋਣ ਦੀ ਸੂਰਤ ਵਿੱਚ ਕੇਵਲ ਪੈਰਾਸਿਟਾਮੋਲ ਡਾਕਟਰ ਦੀ ਸਲਾਹ ਨਾਲ ਹੀ ਲਵੋ ਅਤੇ ਐਸਪਰੀਨ ਤੇ ਬਰੂਫਿਨ ਦਵਾਈਆਂ ਨਾ ਲਵੋ।ਡੇਂਗੂ ਤੇ ਚਿਕਨਗੁਨੀਆ ਦਾ ਟੈਸਟ ਤੇ ਇਲਾਜ ਸਰਕਾਰੀ ਹਸਪਤਾਲਾਂ ਵਿੱਚ ਮੁਫਤ ਕੀਤਾ ਜਾਂਦਾ ਹੈ।ਇਸ ਮੌਕੇ ਸਟਾਫ ਤੇ ਪਿੰਡ ਵਾਸੀ ਹਾਜ਼ਰ ਸਨ।

ਪੀ ਓ ਸਟਾਫ ਨੇ ਔਰਤ ਸਣੇ 2 ਭਗੌੜੇ ਦਬੋਚੇ

ਜਲਾਲਾਬਾਦ (ਜੀਤ ਕੁਮਾਰ)-ਪੀ. ਓ. ਸਟਾਫ ਜ਼ਿਲ੍ਹਾ ਫਾਜ਼ਿਲਕਾ ਦੀ ਪੁਲਸ ਵੱਲੋਂ ਇੱਕ ਔਰਤ ਸਣੇ 2 ਭਗੌੜੇ ਕਾਬੂ ਕੀਤੇ ਗਏ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੀ. ਓ. ਸਟਾਫ ਦੇ ਇੰਚਾਰਜ ਏ.ਐੱਸ.ਆਈ. ਰਤਨ ਲਾਲ ਨੇ ਦੱਸਿਆ ਕਿ ਥਾਣਾ ਸਦਰ ਫਾਜ਼ਿਲਕਾ ਵਿਖੇ ਮੁਕੱਦਮਾ ਨੰਬਰ 140 ਮਿਤੀ 11-06-219 ਨੂੰ ਧਾਰਾ 61-1-14 ਆਬਕਾਰੀ ਐਕਟ ਤਹਿਤ ਸੰਦੀਪ ਸਿੰਘ ਪੁੱਤਰ ਮਿਲਖ ਸਿੰਘ ਵਾਸੀ ਪਿੰਡ ਮੁੰਬੇਕੇ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਸੀ। ਇਸ ਨਾਮਜ਼ਦ ਵਿਅਕਤੀ ਨੂੰ ਮਾਣਯੋਗ ਅਦਾਲਤ ਵੱਲੋਂ ਭਗੌੜਾ ਘੋਸ਼ਿਤ ਕੀਤਾ ਗਿਆ ਸੀ। ਅੱਜ ਪੀ.ਓ. ਸਟਾਫ ਦੀ ਪੁਲਸ ਵੱਲੋਂ ਇਸ ਭਗੌੜੇ ਵਿਅਕਤੀ ਨੂੰ ਕਾਬੂ ਕੀਤਾ ਗਿਆ ਹੈ। ਇਸੇ ਤਰ੍ਹਾਂ ਥਾਣਾ ਸਦਰ ਫਾਜ਼ਿਲਕਾ ਵਿਖੇ ਮੁਕੱਦਮਾ ਨੰਬਰ 393 ਮਿਤੀ 10-11-2020 ਨੂੰ ਧਾਰਾ 61-1-14 ਆਬਕਾਰੀ ਐਕਟ ਤਹਿਤ ਸੁਰਜੀਤੋ ਬਾਈ ਪਤਨੀ ਬੂਟਾ ਸਿੰਘ ਵਾਸੀ ਪਿੰਡ ਮੁੰਬੇਕੇ ਖਿਲਾਫ ਦਰਜ ਹੋਇਆ ਸੀ। ਇਸ ਨਾਮਜ਼ਦ ਔਰਤ ਨੂੰ ਮਾਣਯੋਗ ਅਦਾਲਤ ਵੱਲੋਂ ਭਗੌੜਾ ਘੋਸ਼ਿਤ ਕੀਤਾ ਗਿਆ ਸੀ, ਜਿਸ ਨੂੰ ਅੱਜ ਪੀ.ਓ. ਸਟਾਫ ਦੀ ਪੁਲਸ ਵੱਲੋਂ ਇਸ ਭਗੌੜੀ ਔਰਤ ਨੂੰ ਕਾਬੂ ਕੀਤਾ ਗਿਆ। ਪੁਲਸ ਵੱਲੋਂ ਕਾਬੂ ਕੀਤੇ ਗਏ ਇਨ੍ਹਾਂ ਦੋਵਾਂ ਜਣਿਆਂ ਨੂੰ ਅਗਲੀ ਕਾਰਵਾਈ ਲਈ ਥਾਣਾ ਸਦਰ ਫਾਜ਼ਿਲਕਾ ਪੁਲਸ ਹਵਾਲੇ ਕਰ ਦਿੱਤਾ ਗਿਆ ਹੈ।

ਨਰਮੇ ਨੂੰ ਪ੍ਰਫੁਲਤ ਕਰਨ ਲਈ ਲਗਾਇਆ ਕਿਸਾਨ ਸਿਖਲਾਈ ਕੈਂਪ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਮੁੱਖ ਖੇਤੀਬਾੜੀ

4-July-Page-8-23.qxd 7/3/2023 10:40 PM Page 1

ਛੱਤੀਸਗੜ੍ਹ 'ਚ ਆਮ ਆਦਮੀ ਪਾਰਟੀ ਨੇ ਵਜਾਇਆ ਚੋਣ ਬਿਗਲ

ਚੰਡੀਗੜ੍ਹ, (ਨਵਾਂ ਜ਼ਮਾਨਾ ਸਰਵਿਸ)-ਛੱਤੀਸਗੜ੍ਹ ਵਿੱਚ ਆਮ ਆਦਮੀ ਪਾਰਟੀ ਨੇ ਆਪਣਾ ਚੋਣ ਬਿਗਲ ਵਜਾ ਦਿੱਤਾ ਹੈ। ਐਤਵਾਰ ਨੂੰ 'ਆਪ' ਕਨਵੀਨਰ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਬਿਲਾਸਪੁਰ ਪਹੁੰਚ ਕੇ ਵਿਸ਼ਾਲ ਰੈਲੀ ਨੂੰ ਸੰਬੋਧਨ ਕੀਤਾ। ਜਨ ਸਭਾ ਨੂੰ ਸੰਬੋਧਨ ਕਰਦਿਆਂ ਅਰਵਿੰਦ ਕੇਜਰੀਵਾਲ ਨੇ ਭਾਜਪਾ ਅਤੇ ਕਾਂਗਰਸ 'ਤੇ ਹਮਲਾ ਬੋਲਦਿਆਂ ਕਿਹਾ ਕਿ ਲੋਕ ਭਾਜਪਾ ਅਤੇ ਕਾਂਗਰਸ ਤੋਂ ਤੰਗ ਆ ਚੁੱਕੇ ਹਨ। ਇਨ੍ਹਾਂ ਨੇ ਮਿਲ ਕੇ ਛੱਤੀਸਗੜ੍ਹ ਨੂੰ ਲੁੱਟਿਆ ਹੈ। ਇਸੇ ਲਈ ਆਮ ਆਦਮੀ ਪਾਰਟੀ ਦੀ ਰੈਲੀ ਵਿੱਚ ਇੰਨੀ ਭੀੜ ਇਕੱਠੀ ਹੋਈ ਹੈ। ਜੇਕਰ ਭਾਜਪਾ ਅਤੇ ਕਾਂਗਰਸ ਦੇ ਲੋਕ ਇੱਥੇ ਇਮਾਨਦਾਰੀ ਨਾਲ ਕੰਮ ਕਰਦੇ ਤਾਂ ਇੰਨੇ ਲੋਕ ਸਾਡੀ ਮੀਟਿੰਗ ਵਿੱਚ ਨਾ ਆਉਂਦੇ। ਸੂਬੇ ਦੇ ਲੋਕ ਦੋਵੇਂ ਪਾਰਟੀਆਂ ਤੋਂ ਬੇਹੱਦ ਨਾਖਸ਼ਸ ਹਨ। ਦੂਜੇ ਪਾਸੇ ਦਿੱਲੀ ਅਤੇ ਪੰਜਾਬ ਵਿੱਚ ਸਾਡੀ ਸਰਕਾਰ ਹੈ ਅਤੇ ਲੋਕ ਆਮ ਆਦਮੀ ਪਾਰਟੀ ਤੋਂ ਇੰਨੇ ਖੁਸ਼ ਹਨ ਕਿ ਲੋਕ ਭਾਜਪਾ ਅਤੇ ਕਾਂਗਰਸ ਦੀਆਂ ਰੈਲੀਆਂ ਵਿੱਚ ਨਹੀਂ ਆਉਂਦੇ। ਉਨ੍ਹਾਂ ਕਿਹਾ ਕਿ ਛੱਤੀਸਗੜ੍ਹ ਭਾਰਤ ਵਿੱਚ ਭ੍ਰਿਸ਼ਟਾਚਾਰ ਲਈ ਜਾਣਿਆ ਜਾਂਦਾ ਹੈ। ਪਹਿਲਾਂ ਦਿੱਲੀ ਭ੍ਰਿਸ਼ਟਾਚਾਰ ਲਈ ਵੀ ਜਾਣੀ ਜਾਂਦੀ ਸੀ ਪਰ ਸਾਡੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਹੁਣ ਦਿੱਲੀ ਚੰਗੇ ਸਰਕਾਰੀ ਸਕੂਲਾਂ ਅਤੇ ਮੁਹੱਲਾ ਕਲੀਨਿਕਾਂ ਲਈ ਜਾਣੀ ਜਾਂਦੀ ਹੈ।

ਭਗਵੰਤ ਮਾਨ ਨੇ ਕਹਾ ਕਿ ਦਿੱਲੀ ਦੀ ਕੇਜਰੀਵਾਲ ਸਰਕਾਰ ਨੇ ਸਿੱਖਿਆ ਅਤੇ ਸਿਹਤ ਪ੍ਰਣਾਲੀ ਵਿੱਚ ਬੇਮਿਸਾਲ ਸੁਧਾਰ ਕੀਤੇ ਹਨ। ਹੁਣ ਦਿੱਲੀ 'ਚ ਮਾਪੇ ਆਪਣੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਤੋਂ ਹਟਾ ਕੇ ਸਰਕਾਰੀ ਸਕੂਲਾਂ ਵਿੱਚ ਪਾਉਣ ਲੱਗੇ ਹਨ। ਦੂਜੇ ਪਾਸੇ ਭਾਜਪਾ ਅਤੇ ਕਾਂਗਰਸ ਦੀਆਂ ਸਰਕਾਰਾਂ ਆਮ ਆਦਮੀ ਦੇ ਬੱਚਿਆਂ ਨੂੰ ਪੜ੍ਹਾਈ ਤੋਂ ਰੋਕਣ ਦੀ ਕੋਸ਼ਿਸ਼ ਕਰਦੀਆਂ ਹਨ। ਹੁਣ ਦਿੱਲੀ ਦੇ ਸਰਕਾਰੀ ਹਸਪਤਾਲਾਂ ਵਿੱਚ ਬੁਖਾਰ ਤੋਂ ਲੈ ਕੇ ਲੱਖਾਂ ਰੁਪਏ ਤੱਕ ਦਾ ਇਲਾਜ ਮੁਫਤ ਕੀਤਾ ਜਾਂਦਾ ਹੈ। ਜੋ ਪੈਸਾ ਸਾਡੀ ਸਰਕਾਰ ਜਨਤਾ ਤੋਂ ਟੈਕਸ ਵਜੋਂ ਇਕੱਠਾ ਕਰਦੀ ਹੈ, ਉਹ ਮੁਫਤ ਬਿਜਲੀ, ਪਾਣੀ ਅਤੇ ਮੁਫਤ ਇਲਾਜ ਰਾਹੀਂ ਵਾਪਸ ਕਰ ਦਿੰਦੀ ਹੈ। ਪ੍ਰਧਾਨ ਮੰਤਰੀ ਮੋਦੀ 'ਆਪ' ਸਰਕਾਰ ਵੱਲੋਂ ਗਰੀਬਾਂ ਨੂੰ ਦਿੱਤੀਆਂ ਜਾਂਦੀਆਂ ਮੁਫਤ ਸਹੂਲਤਾਂ ਨੂੰ ਬਰਦਾਸ਼ਤ ਨਹੀਂ ਕਰ ਰਹੇ ਹਨ।

ਮਾਨ ਨੇ ਕਿਹਾ ਕਿ ਮੋਦੀ ਸਰਕਾਰ ਦੇਸ਼ ਦੀਆਂ ਸਰਕਾਰੀ ਕੰਪਨੀਆਂ ਨੂੰ ਵੇਚ ਰਹੀ ਹੈ ਜਦੋਂ ਕਿ ਪੰਜਾਬ ਵਿੱਚ ਸਾਡੀ ਸਰਕਾਰ ਕੰਪਨੀਆਂ ਖਰੀਦ ਰਹੀ ਹੈ। ਕੱਲ੍ਹ ਹੀ ਅਸੀਂ ਪੰਜਾਬ 'ਚ ਇੱਕ ਪ੍ਰਾਈਵੇਟ ਥਰਮਲ ਪਾਵਰ ਪਲਾਂਟ ਖਰੀਦਣ ਦਾ ਫੈਸਲਾ ਕੀਤਾ ਹੈ।

ਰੰਧਾਵਾ ਬਰੋਟਾ ਵਾਸੀ ਪੀਣ ਵਾਲੇ ਪਾਣੀ ਲਈ ਤਰਸੇ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)-ਜਿਥੇ ਮੌਜੂਦਾ ਸਰਕਾਰ ਪੀਣ ਵਾਲੇ ਪਾਣੀ ਦੇ ਟਿਊਬਵੈੱਲਾਂ ਦੇ ਉਦਘਾਟਨ ਕਰ ਰਹੀ ਹੈ ਉਥੇ ਪਿਛਲੇ 8-10 ਦਿਨ ਤੋਂ ਪਿੰਡ ਰੰਧਾਵਾ ਵਿੱਚ ਪਾਣੀ ਦੀ ਸਪਲਾਈ ਬਿਲਕੁਲ ਠੱਪ ਹੈ, ਲੋਕ ਪ੍ਰੇਸ਼ਾਨ ਹਨ। ਇਹ ਪ੍ਰਗਟਾਵਾ ਪੰਚ ਪ੍ਰਵੀਨ ਅਤੇ ਸਮਾਜ ਸੇਵੀ ਪਰਵਿੰਦਰ ਜੱਸੀ ਨੇ ਸਾਂਝੇ ਤੌਰ 'ਤੇ ਪ੍ਰੈਸ ਨੋਟ ਰਾਹੀ ਕੀਤਾ। ਉਨ੍ਹਾਂ ਦਸਿਆ ਸਾਡੇ ਪਿੰਡ ਦੇ ਪੀਣ ਵਾਲੇ ਪਾਣੀ ਦੀ ਸਪਲਾਈ ਪਿੰਡ ਸਹਾਏਪੁਰ ਤੋਂ ਆਉਂਦੀ ਹੈ ਜੋ ਕਿ ਪਿਛਲੇ 8-10 ਦਿਨ ਤੋਂ ਨਹੀਂ ਆ ਰਹੀ। ਜਦੋਂ ਇਸ ਬਾਰੇ ਓਪਰੇਟਰ ਨੂੰ ਪੁੱਛਿਆ ਤਾਂ ਉਸ ਵਲੋਂ ਕੋਈ ਉਚਿਤ ਜਵਾਬ ਨਹੀਂ ਦਿੱਤਾ ਗਿਆ ਉਲਟ ਕਹਿ ਦਿਤਾ ਹੈ ਕਿ ਮੈਂ ਨਹੀਂ ਕੁਝ ਕਰ ਸਕਦਾ ਕਰ ਸਕਦਾ ਕਰ ਦਿਓ ਸ਼ਿਕਾਇਤ ਮੇਰੀ ਜਿੱਥੇ ਕਰਨੀ ਹੈ। ਸੰਬੰਧਤ ਐਸ.ਡੀ.ਓ ਵਾਟਰ ਅਤੇ ਜੇ.ਈ ਵਾਟਰ ਸਪਲਾਈ ਨੂੰ ਲਿਖਤੀ ਸ਼ਿਕਾਇਤ ਦਿੱਤੀ ਗਈ ਅਤੇ ਜਲਦ ਹੀ ਪਾਣੀ ਦੀ ਸਮੱਸਿਆ ਹੱਲ ਕਰਨ ਲਈ ਕਿਹਾ ਗਿਆ। ਇਸ ਮੌਕੇ 'ਤੇ ਸਾਬਕਾ ਪੰਚ ਮਹਿੰਦਰ ਸਿੰਘ, ਤਰਨਜੀਤ ਸਿੰਘ, ਦਿਲਬਾਗ ਸਿੰਘ, ਮਹਿੰਦਰ ਕੌਰ, ਬਲਵੀਰ ਕੌਰ, ਹਰਭਜਨ ਕੌਰ, ਚਰਨ ਕੌਰ, ਨਿਰਜਨ ਕੌਰ, ਮੀਨਾ, ਜਸਵੀਰ ਸਿੰਘ, ਅਕਾਸ਼, ਨਵੀ, ਆਸ਼ਾ ਰਾਣੀ, ਅਮਨਦੀਪ ਕੌਰ ਅਤੇ ਵੱਡੀ ਗਿਣਤੀ ਵਿਚ ਪਿੰਡ ਵਾਸੀ ਹਾਜਰ ਸਨ।

ਸੀ ਐੱਚ ਸੀ ਬੜਾ ਪਿੰਡ ਵੱਲੋਂ ਦਸਤ ਰੋਕੂ ਪੰਦਰਵਾੜੇ ਦੀ ਸ਼ੁਰੂਆਤ

ਫਿਲੌਰ, (ਨਿਰਮਲ)- ਸਿਵਲ ਸਰਜਨ ਡਾ.ਰਮਨ ਸਰਮਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕੰਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਵੱਲੋਂ 0 ਤੋਂ 5 ਦੇ ਬੱਚਿਆਂ ਦੀਆਂ ਦਸਤਾਂ ਨਾਲ ਹੋਣ ਵਾਲੀਆਂ ਮੌਤਾਂ ਨੂੰ ਘਟਾਉਣ ਲਈ 3 ਜੁਲਾਈ ਤੋਂ 16 ਜੁਲਾਈ ਤੱਕ ਤੀਵਰ ਦਸਤ ਰੋਕੂ ਪੰਦਰਵਾੜਾ ਮਨਾਇਆ ਜਾ ਰਿਹਾ ਹੈ। ਸੀਨੀਅਰ ਮੈਡੀਕਲ ਅਫਸਰ ਡਾ.ਅਮਿਤਾ ਲੂਨਾ ਨੇ ਦੱਸਿਆ ਕਿ ਪੰਦਰਵਾੜੇ ਦੌਰਾਨ ਪੰਜ ਸਾਲ ਤੱਕ ਦੇ ਬੱਚਿਆਂ ਨੂੰ ਦਸਤਾਂ ਤੋ ਬਚਾਉਣ ਲਈ ਯਤਨ ਕੀਤੇ ਜਾਣਗੇ। ਹਰ ਸਾਲ ਭਾਰਤ ਵਿੱਚ ਦਸਤਾ ਕਾਰਨ ਲੱਗਭਗ 3 ਲੱਖ ਬੱਚਿਆਂ ਦੀ ਮੌਤ ਹੁੰਦੀ ਹੈ, ਇਨ੍ਹਾਂ ਵਿੱਚ ਬਹੁਤ ਸਾਰੀਆਂ ਜਾਨਾ ਬਚਾਈਆਂ ਜਾ ਸਕਦੀਆਂ ਹਨ। ਉਨ੍ਹਾਂ ਦੱਸਿਆ ਕਿ ਇਸ ਪੰਦਰਵਾੜੇ ਦੌਰਾਨ ਹੈਲਥ ਸਟਾਫ ਲੋਕਾਂ ਨੂੰ ਓ.ਆਰ.ਐਸ. ਦਾ ਘੋਲ ਤਿਆਰ ਕਰਨ, ਦਸਤ ਲੱਗਣ 'ਤੇ ਓ.ਆਰ.ਐਸ.ਦਾ ਘੋਲ ਦੇਣ ਅਤੇ ਬੱਚੇ ਨੂੰ ਦਸਤਾਂ ਦੀ ਹਾਲਤ ਵਿਚ ਜਿੰਕ ਦੀਆਂ ਗੋਲੀਆਂ ਦੇਣ, ਸਾਫ ਸਫਾਈ ਸਬੰਧੀ ਪਰਵਾਰਾਂ ਨੂੰ ਜਾਣਕਾਰੀ ਦਿੱਤੀ ਜਾਵੇਗੀ। ਮੈਡੀਕਲ ਅਫਸਰ ਡਾ.ਮਮਤਾ ਗੌਤਮ ਨੇ ਕਿਹਾ ਕਿ ਗਰਮੀ ਅਤੇ ਬਰਸਾਤ ਦਾ ਮੌਸਮ ਹੋਣ ਕਾਰਨ ਦਸਤ ਲੱਗਣ ਨਾਲ ਬੱਚਿਆਂ ਵਿੱਚ ਪਾਣੀ ਦੀ ਘਾਟ ਹੋਣ ਕਾਰਨ ਕਈ ਵਾਰੀ ਬੱਚਿਆਂ ਦੀ ਜਾਨ ਨੂੰ ਵੀ ਖਤਰਾ ਹੋ ਸਕਦਾ ਹੈ। ਇਸ ਲਈ ਜੇਕਰ ਦਸਤ ਲੱਗਣ 'ਤੇ ਤੁਰੰਤ ਬਾਅਦ ਬੱਚੇ ਨੂੰ ਓ.ਆਰ.ਐਸ ਦਾ ਘੋਲ ਦੇ ਦਿੱਤਾ ਜਾਵੇ ਤਾਂ ਬੱਚੇ ਦੀ ਹਾਲਤ ਨੂੰ ਗੰਭੀਰ ਹੋਣ ਤੋਂ ਬਚਾਇਆ ਜਾ ਸਕਦਾ ਹੈ। ਉਨ੍ਹਾਂ ਦੱਸਿਆਂ ਕਿ ਇਸ ਪੰਦਰਵਾੜੇ ਦੋਰਾਨ ਆਸ਼ਾ ਵੱਲੋਂ ਘਰ ਘਰ ਜਾ ਕੇ ਜਿੰਨਾ ਪਰਵਾਰਾਂ ਵਿੱਚ 5 ਸਾਲ ਤੱਕ ਦੇ ਬੱਚੇ ਹੋਣਗੇ ਉਨ੍ਹਾਂ ਨੂੰ ਓ.ਆਰ.ਐਸ ਦੇ ਪੈਕਟ ਵੰਡੇ ਜਾਣਗੇ । ਉਨ੍ਹਾਂ ਦੱਸਿਆ ਕਿ ਜਿਨ੍ਹਾਂ ਬੱਚਿਆਂ ਨੂੰ ਦਸਤ ਲਗੇ ਹੋਣਗੇ, ਉਨ੍ਹਾਂ ਨੂੰ ਜਿੰਕ ਦੀਆਂ ਗੋਲੀਆਂ 14 ਦਿਨਾਂ ਤੱਕ ਖਾਣ ਲਈ ਦਿੱਤੀਆਂ ਜਾਣਗੀਆਂ ਕਿਉਂਕਿ ਜਿੰਕ ਦੀ ਗੋਲੀ ਖਾਣ ਨਾਲ ਜਿਥੇ ਬੱਚਿਆਂ ਦੇ ਦਸਤ ਜਲਦੀ ਠੀਕ ਹੋਣਗੇ ਉਥੇ ਬੱਚਿਆਂ ਨੂੰ ਦੁਬਾਰਾ ਦਸਤ ਲਗਣ ਦੇ ਮੌਕੇ ਵੀ ਘੱਟ ਜਾਣਗੇ। ਬਲਾਕ ਐਕਸਟੈਨਸ਼ਨ ਐਜੂਕੇਟਰ ਪ੍ਰੀਤਇੰਦਰ ਸਿੰਘ ਨੇ ਦੱਸਿਆ ਕਿ ਇਸ ਪੰਦਰਵਾੜੇ ਦੌਰਾਨ ਸਮੂਹ ਪੀ. ਐਚ. ਸੀ., ਸੀ.ਐਚ ਸੀ. ਅਤੇ ਹੈਲਥ ਵੈਲਨਸ ਸੈਂਟਰ ਵਿੱਚ ਓ.ਆਰ.ਐਸ ਜਿੰਕ ਕਾਰਨਰ ਵੀ ਬਣਾਏ ਜਾ ਰਹੇ ਹਨ ਤਾਂ ਜੋ ਲੋੜ ਪੈਣ ਤੇ ਬੱਚੇ ਦਾ ਤੁਰੰਤ ਇਲਾਜ ਸ਼ੁਰੂ ਹੋ ਸਕੇ।

ਸਮਰਾਏ ਵਿਖੇ ਬਾਬਾ ਲੱਖ ਦਾਤਾ ਦਰਬਾਰ 'ਤੇ ਮੇਲਾ ਮਨਾਇਆ

ਬਹਿਰਾਮ (ਅਵਤਾਰ ਕਲੇਰ) ਸਮਰਾਏ ਵਿਖੇ ਦਰਬਾਰ ਪੀਰ ਬਾਬਾ ਲੱਖ ਦਾਤਾ ਜੀ ਮੁਕਾਮ ਦੇ ਪਵਿੱਤਰ ਅਸਥਾਨ 'ਤੇ 26ਵਾਂ ਸਾਲਾਨਾ ਜੋੜ ਮੇਲਾ ਗੱਦੀਨਸ਼ੀਨ ਬਾਬਾ ਬਲਵੀਰ ਸੋਹਲ ਦੀ ਰਹਿਨੁਮਾਈ, ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਮਨਾਇਆ ਗਿਆ । ਇਸ ਦੋ ਦਿਨਾ ਮੇਲੇ ਦੌਰਾਨ ਪਹਿਲੇ ਦਿਨ ਮਹਿੰਦੀ ਦੀ ਰਸਮ , ਚਿਰਾਗਾਂ ਦੀ ਰਸਮ ਉਪਰੰਤ ਕਵਾਲ ਅਤੇ ਨਕਾਲ ਪਾਰਟੀਆਂ ਨੇ ਹਾਜਰੀਆਂ ਭਰੀਆਂ । ਦੂਸਰੇ ਦਿਨ ਨਿਸ਼ਾਨ ਸਾਹਿਬ ਦੀ ਰਸਮ ਉਪਰੰਤ ਸਟੇਜ ਸਜਾਈ ਗਈ ਜਿਸ ਵਿੱਚ ਪੰਜਾਬ ਦੇ ਮਸ਼ਹੂਰ ਕਲਾਕਾਰ ਰਣਜੀਤ ਮਣੀ , ਬਲਵਿੰਦਰ ਬਿੰਦਾ - ਰਾਜ ਗੁਲਜਾਰ , ਦਲਵਿੰਦਰ ਦਿਆਲਪੁਰੀ , ਕੌਰ ਸਿੰਮੀ , ਯਮਨਾ ਰਸੀਲਾ , ਜਮੀਲ ਅਖਤਰ , ਨਿਰਮਲਜੀਤ , ਰਮੇਸ਼ ਕੈਲੇ ਆਦਿ ਨੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ । ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ । ਠੰਡਾ ਮਿੱਠਾ ਜਲ ਅਤੇ ਲੰਗਰ ਅਤੂੱਟ ਵਰਤਾਇਆ ਗਿਆ । ਮੇਲਾ ਅਮਿੱਟ ਯਾਦਾਂ ਛੱਡਦਾ ਹੋਇਆ ਸਮਾਪਤ ਹੋਇਆ । ਇਸ ਮੌਕੇ ਬਾਬਾ ਬਲਵੀਰ ਸੋਹਲ , ਬਾਬਾ ਸੱਤਪਾਲ ਦੂਹੜੇ , ਬਾਬਾ ਮੰਗੇ ਸ਼ਾਹ ਬੜਾ ਪਿੰਡ , ਸੇਵਾਦਾਰ ਨਵੀਂ ਕੈਲੇ , ਬਿੰਦੂ , ਰਾਜੂ , ਗੋਰਾ , ਸੋਨੂੰ , ਪਾਲਾ ਆਦਿ ਹਾਜਰ ਸਨ ।

21 ਨਸ਼ੀਲੇ ਟੀਕੇ ਤੇ 80 ਗ੍ਰਾਮ ਹੈਰੋਇਨ ਸਮੇਤ ਕਾਬੂ

ਮਾਹਿਲਪੁਰ (ਸਫਰੀ) - ਐਸ ਆਈ ਬਲਜਿੰਦਰ ਸਿੰਘ ਮੱਲ੍ਹੀ ਮੁੱਖ ਅਫਸਰ ਥਾਣਾ ਮਾਹਿਲਪੁਰ ਦੇਖ-ਰੇਖ ਹੇਠ ਹੇਠ ਚਲਾਏ ਗਏ ਸਰਚ ਅਪਰੇਸ਼ਨ ਦੌਰਾਨ ਦੋ ਵੱਖ-ਵੱਖ ਥਾਵਾਂ ਤੋਂ ਨਸ਼ੇ ਦੀ ਬਰਾਮਦਗੀ ਹੋਈ ਹੈ। ਏ ਐਸ ਆਈ ਗੁਰਨੇਕ ਸਿੰਘ ਥਾਣਾ ਮਾਹਿਲਪੁਰ ਸਮੇਤ ਏ ਐਸ ਆਈ ਬਲਬੀਰ ਸਿੰਘ, ਏ ਐਸ ਆਈ ਅਮਰਜੀਤ ਸਿੰਘ , ਐਸ ਆਰ/ਸੀ ਟੀ ਬਲਵਿੰਦਰ ਸਿੰਘ, ਸੀ ਟੀ ਰੋਹਿਤ ਮਹਿਮੀ ਨੇ ਮੰਡੀਆਂ, ਵਹੀਕਲਾਂ, ਠੇਕੇ ਸ਼ਰਾਬ, ਦੁਕਾਨਾਂ, ਬੱਸ ਅੱਡਾ ਅਤੇ ਏ ਟੀ ਐਮ ਦੀ ਸਪੈਸਲ ਚੈਕਿੰਗ ਕੀਤੀ । ਜਿਸ ਦੌਰਾਨ ਟੀ ਪੁਆਇੰਟ ਬੀ ਡੀ ਓ ਕਲੋਨੀ ਮਾਹਿਲਪੁਰ ਤੋਂ ਰਾਜਵਿੰਦਰ ਉਰਫ ਮੁੰਨਾ ਪੁੱਤਰ ਛੋਟੂ ਰਾਮ ਵਾਸੀ ਵਾਰਡ ਨੰਬਰ 10 ਬਾਲਮੀਕ ਮੁਹੱਲਾ ਮਾਹਿਲਪੁਰ ਨੂੰ ਕਾਬੂ ਕਰਕੇ ਉਸ ਪਾਸੋਂ 21 ਨਸ਼ੀਲੇ ਟੀਕੇ ਅਤੇ 80 ਗ੍ਰਾਮ ਹੈਰੋਇਨ ਬਰਾਮਦ ਕਰਕੇ ਉਸ ਖਿਲਾਫ ਮੁਕੱਦਮਾ ਨੰਬਰ 43 ਮਿਤੀ 02-07-2023 ਅ/ਧ ਐਨ ਡੀ ਪੀ ਐੱਸ ਐਕਟ ਤਹਿਤ ਮੁਕੱਦਮਾ ਦਰਜ ਕਰ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਮੰਗਾਂ ਦੇ ਪੂਰਾ ਨਾ ਹੋਣ ਕਾਰਨ ਸਮੂਹ ਨਾਨ-ਟੀਚਿੰਗ ਸਟਾਫ਼ 'ਚ ਰੋਸ

ਜਲੰਧਰ (ਸ਼ੈਲੀ ਐਲਬਰਟ)- ਪੰਜਾਬ ਸਰਕਾਰ ਦਾ ਸਲੋਗਨ ਸਰਕਾਰ ਤੁਹਾਡੇ ਦਵਾਰ ਖੋਖਲਾ ਹੁੰਦਾ ਨਜ਼ਰ ਆ ਰਿਹਾ ਹੈ ਕਿਉਂਕਿ ਪੰਜਾਬ ਦੇ ਏਡਿਡ ਕਾਲਜਾਂ ਵੱਲੋਂ ਗਠਿਤ ਪ੍ਰਾਈਵੇਟ ਕਾਲਜ ਨਾਨ-ਟੀਚਿੰਗ ਇੰਪਲਾਈਜ਼ ਯੂਨੀਅਨ ਪੰਜਾਬ (ਏਡਿਡ ਅਤੇ ਅਨਏਡਿਡ) ਦਾ ਇੱਕ ਵਫ਼ਦ ਪੰਜਾਬ ਸਰਕਾਰ ਦੇ ਉਚੇਰੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੂੰ 6 ਜੂਨ ਨੂੰ ਮਿਲਿਆ।

ਜਿਸ ਦੀ ਪ੍ਰਧਾਨਗੀ ਰਾਜੀਵ ਸ਼ਰਮਾ, ਪ੍ਰਧਾਨ ਪ੍ਰਾਈਵੇਟ ਕਾਲਜ ਨਾਨ-ਟੀਚਿੰਗ ਇੰਪਲਾਈਜ਼ ਯੂਨੀਅਨ ਪੰਜਾਬ (ਏਡਿਡ ਅਤੇ ਅਣਏਡਿਡ) ਨੇ ਕੀਤੀ।। ਯੂਨੀਅਨ ਦੇ ਜਨਰਲ ਸਕੱਤਰ ਜਗਦੀਪ ਸਿੰਘ ਸਮੇਤ ਆਪਣੇ ਸਾਥੀਆਂ ਨਾਲ ਉਹਨਾਂ ਨੇ ਸਿੱਖਿਆ ਮੰਤਰੀ ਨੂੰ ਆਪਣੀਆਂ ਮੰਗਾਂ ਪੇਸ਼ ਕੀਤੀਆਂ ਸਨ।। ਉਨ੍ਹਾਂ ਦੱਸਿਆ ਕਿ ਇਨ੍ਹਾਂ ਮੰਗਾਂ ਦੇ ਪੂਰਾ ਨਾ ਹੋਣ ਕਾਰਨ ਸਮੂਹ ਨਾਨ-ਟੀਚਿੰਗ ਸਟਾਫ਼ ਵਿੱਚ ਰੋਸ ਪਾਇਆ ਜਾ ਰਿਹਾ ਹੈ।। ਯੂਨੀਅਨ ਦੀਆਂ ਮੁੱਖ ਮੰਗਾਂ ਵਿੱਚ ਛੇਵੇਂ ਤਨਖਾਹ ਕਮਿਸ਼ਨ ਨੂੰ ਲਾਗੂ ਕਰਨਾ, ਦਸੰਬਰ 2011 ਤੋਂ ਸੋਧੇ ਹੋਏ ਗ੍ਰੇਡ ਪੇ ਦਾ ਨੋਟੀਫਿਕੇਸ਼ਨ, ਵਧਿਆ ਮਕਾਨ ਕਿਰਾਇਆ ਅਤੇ ਸੋਧਿਆ ਮੈਡੀਕਲ ਭੱਤਾ ਸ਼ਾਮਲ ਹਨ।। ਸਿੱਖਿਆ ਮੰਤਰੀ ਬੈਂਸ ਨੇ ਸਮੂਹ ਨਾਨ-ਟੀਚਿੰਗ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਜਲਦੀ ਪੂਰਾ ਕਰਨ ਦਾ ਭਰੋਸਾ ਦਿੰਦਿਆਂ ਕਿਹਾ ਸੀ ਕਿ ਉਹਨਾਂ ਨੂੰ 15 ਦਿਨਾਂ ਦਾ ਸਮਾਂ ਦਿੱਤਾ ਜਾਵੇ ਜਿਸਦੇ ਤਹਿਤ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਨਾਨ ਟੀਚਿੰਗ ਕਰਮਚਾਰੀਆਂ ਵੱਲੋਂ ਲਗਾਇਆ ਜਾਣ ਵਾਲਾ ਧਰਨਾ ਮੁਲਤਵੀ ਕੀਤਾ ਗਿਆ ਸੀ ਪਰ ਕਿਸੇ ਵੀ ਅਧਿਕਾਰੀ ਵੱਲੋਂ ਕੋਈ ਨੋਟੀਫਿਕੇਸ਼ਨ ਅੱਜ ਤੱਕ ਜਾਰੀ ਨਹੀਂ ਹੋਇਆ। ਜਿਸਦਾ ਨਾਨ ਟੀਚਿੰਗ ਕਰਮਚਾਰੀਆਂ ਵਿੱਚ ਰੋਸ ਪਾਇਆ ਜਾ ਰਿਹਾ ਹੈ।। ਯੂਨੀਅਨ ਦੇ ਜਨਰਲ ਸਕੱਤਰ ਜਗਦੀਪ ਸਿੰਘ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਸਮਾਂ ਰਹਿੰਦੇ ਛੇਵੇਂ ਤਨਖਾਹ ਕਮਿਸ਼ਨ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇ ਨਹੀਂ ਤਾਂ ਸਮੂਹ ਕਾਲਜਾਂ ਦਾ ਨਾਨ ਟੀਚਿੰਗ ਕਰਮਚਾਰੀ ਸੰਘਰਸ਼ ਕਰਨ ਨੂੰ ਮਜ਼ਬੂਰ ਹੋਵੇਗਾ ਅਤੇ ਇਸਦੀ ਸਾਰੀ ਜਿੰਮੇਦਾਰੀ ਸਰਕਾਰ ਦੀ ਹੋਵੇਗੀ।

ਸ੍ਰੀ ਕ੍ਰਿਸ਼ਨ ਦੇ ਜਨਮ ਦਿਹਾੜੇ ਨੂੰ ਸਮਰਪਤ ਝਾਕੀ ਕੱਢੀ

ਮੋਹਾਲੀ (ਗੁਰਜੀਤ ਬਿੱਲਾ)- ਮੋਹਾਲੀ ਦੇ ਫੇਜ-10 ਸਥਿਤ ਵਿਸਾਲ ਮੰਦਰ ਸ੍ਰੀ ਦੁਰਗਾ ਮਾਤਾ ਮੰਦਿਰ ਵਿੱਚ ਚੱਲ ਰਹੇ ਸੰਗੀਤਮਈ ਸ੍ਰੀ ਮਦ ਭਾਗਵਤ ਕਥਾ ਗਿਆਨ ਯੱਗ ਵਿੱਚ ਸੰਗਤਾਂ ਅਤੇ ਮੋਹਾਲੀ ਸ਼ਹਿਰ ਦੀਆਂ ਨਾਮਵਰ ਸ਼ਖਸੀਅਤਾਂ ਸ਼ਿਰਕਤ ਕਰ ਰਹੀਆਂ ਹਨ। ਸੀਨੀਅਰ ਕਾਂਗਰਸੀ ਆਗੂ ਰਿਸ਼ਭ ਜੈਨ, ਕਰਨ ਜੌਹਰ, ਪ੍ਰੋਗਰੈਸਿਵ ਵੈਲਫੇਅਰ ਐਸੋਸੀਏਸ਼ਨ ਦੇ ਮੁਖੀ ਐਚ.ਐਸ ਕੰਵਲ ਅਤੇ ਆਮ ਆਦਮੀ ਪਾਰਟੀ ਦੇ ਸਰਕਲ ਹੈੱਡ ਡਾ: ਰਵਿੰਦਰ ਕੁਮਾਰ, ਮੈਡਮ ਡਿੰਪਲ, ਜਤਿੰਦਰ ਵਰਮਾ ਸਮੇਤ ਦਰਜਨਾਂ ਪਤਵੰਤਿਆਂ ਨੇ ਆਪਣੀ ਹਾਜਰੀ ਲਗਵਾਈ। ਭਗਵਾਨ ਸ੍ਰੀ ਕ੍ਰਿਸ਼ਨ ਜੀ ਦੇ ਜਨਮ ਦਿਹਾੜੇ ਮੌਕੇ ਝਾਕੀ ਵੀ ਕੱਢੀ ਗਈ, ਸ੍ਰੀ ਦੁਰਗਾ ਮਾਤਾ ਮੰਦਰ ਕਮੇਟੀ ਦੇ

4-July-PAGE-9-23.qxd 7/3/2023 10:39 PM Page 1

ਕੈਂਟਰ ਤੇ ਮੋਟਰਸਾਈਕਲ ਦੀ ਟੱਕਰ 'ਚ ਮੋਟਰਸਾਈਕਲ ਸਵਾਰ ਜ਼ਖ਼ਮੀ

ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ) ਪਿੰਡ ਰੁੜਕੀ ਹੀਰਾਂ ਵਿਖੇ ਇਕ ਕੈਂਟਰ ਅਤੇ ਬੁਲਟ ਮੋਟਰਸਾਈਕਲ ਦੀ ਆਪਸੀ ਟੱਕਰ ਹੋ ਗਈ ਜਿਸ ਵਿੱਚ ਬੁਲੇਟ ਮੋਟਰਸਾਈਕਲ ਦੇ ਕਾਫੀ ਗੰਭੀਰ ਸੱਟਾਂ ਵੱਜੀਆਂ, ਇਸ ਵਿਅਕਤੀ ਦੀ ਪਹਿਚਾਣ ਸੰਦੀਪ ਸਿੰਘ ਵਾਸੀ ਦਾਊਂ (ਮੁਹਾਲੀ) ਵਜੋਂ ਹੋਈ ਦੱਸੀ ਗਈ। ਦੱਸਿਆ ਜਾ ਰਿਹਾ ਹੈ ਕਿ ਇਸ ਹਾਦਸੇ ਵਿੱਚ ਮੋਟਰਸਾਈਕਲ ਅਤੇ ਚਾਲਕ ਕਾਫੀ ਦੂਰ ਜਾ ਕੇ ਡਿੱਗੇ, ਜਿਸ ਕਾਰਨ ਚਾਲਕ ਦੇ ਕਾਫੀ ਗੰਭੀਰ ਸੱਟਾਂ ਵੱਜੀਆਂ, ਜਖਮੀ ਹਾਲਤ ਵਿਚ ਰੁੜਕੀ ਹੀਰਾਂ ਦੇ ਸਰਪੰਚ ਰਾਜਿੰਦਰ ਸਿੰਘ ਨੇ ਅਮ੍ਰਿਤਪਾਲ ਸਿੰਘ, ਗੁਰਜੰਟ ਸਿੰਘ ਅਤੇ ਸੁਖਦੇਵ ਸਿੰਘ ਦੀ ਸਹਾਇਤਾ ਨਾਲ ਉਸ ਨੂੰ ਸਰਕਾਰੀ ਹਸਪਤਾਲ ਸ੍ਰੀ ਚਮਕੌਰ ਸਾਹਿਬ ਪਹੁੰਚਾਇਆ, ਜਿਥੇ ਡਿਊਟੀ ਤੇ ਤਾਇਨਾਤ ਡਾਕਟਰ ਨੇ ਤੁਰੰਤ ਮੁੱਢਲੇ ਇਲਾਜ ਤੋਂ ਬਾਅਦ ਉਸ ਨੂੰ ਚੰਡੀਗੜ੍ਹ ਰੈਫਰ ਕਰ ਦਿੱਤਾ।

ਡਾ. ਕੁਲਵਿੰਦਰ ਸਿੰਘ ਜੰਡੋਲੀ ਦਾ ਸਨਮਾਨ

ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ) ਕੌਮੀ ਡਾਕਟਰ ਦਿਵਸ ਮੌਕੇ ਗ੍ਰਾਮੀਣ ਬੈਂਕ ਜੰਡੋਲੀ ਵੱਲੋਂ ਡਾਕਟਰ ਕੁਲਵਿੰਦਰ ਸਿੰਘ ਜੰਡੋਲੀ ਅਤੇ ਲੈਬ ਤਕਨੀਸਨ ਸਾਹਿਲ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬੈਂਕ ਦੇ ਮੈਨੇਜਰ ਰਾਜੇਸ ਰਾਏ, ਪ੍ਰਭਜੀਤ ਸਿੰਘ ਅਤੇ ਰਕੇਸ਼ ਕੁਮਾਰ ਨੇ ਸਾਂਝੇ ਤੌਰ 'ਤੇ ਕਿਹਾ ਕਿ ਡਾਕਟਰ ਕੁਲਵਿੰਦਰ ਸਿੰਘ ਜੰਡੋਲੀ ਜਿੱਥੇ ਪਿਛਲੇ ਲੰਬੇ ਸਮੇਂ ਤੋਂ ਸੇਵਾਵਾਂ ਨਿਭਾਉਂਦੇ ਹੋਏ ਆਪਣਾ ਕੰਮ ਬਹੁਤ ਇਮਾਨਦਾਰੀ,ਮਿਹਨਤ ਤੇ ਲਗਨ ਨਾਲ ਕਰ ਰਹੇ ਹਨ ਓਥੇ ਨਾਲ ਹੀ ਉਹ ਧਾਰਮਿਕ ਅਤੇ ਸਮਾਜ ਭਲਾਈ ਦੇ ਕਾਰਜਾਂ ਵਿੱਚ ਹਿੱਸਾ ਲੈ ਕੇ ਸਮਾਜ ਨੂੰ ਇੱਕ ਨਵੀਂ ਦਿਸਾ ਤੇ ਦਸਾ ਵੀ ਪ੍ਰਦਾਨ ਕਰ ਰਹੇ ਹਨ। ਇਸ ਮੌਕੇ ਡਾਕਟਰ ਕੁਲਵਿੰਦਰ ਸਿੰਘ ਜੰਡੋਲੀ ਅਤੇ ਲੈਬ ਤਕਨੀਕਸਨ ਸਾਹਿਲ ਨੇ ਕਿਹਾ ਕਿ ਉਹ ਆਪਣੇ ਇਸ ਕਿੱਤੇ ਨੂੰ ਨੂੰ ਇਸੇ ਤਰ੍ਹਾਂ ਹੀ ਇਮਾਨਦਾਰੀ ਨਾਲ ਕਰਦੇ ਰਹਿਣਗੇ।

ਕਿਸਾਨਾਂ ਤੇ ਅਧਿਆਪਕਾਂ 'ਤੇ ਕੀਤੇ ਲਾਠੀਚਾਰਜ ਦੀ ਬੀ ਕੇ ਯੂ ਉਗਰਾਹਾਂ ਨੇ ਕੀਤੀ ਨਿਖੇਧੀ

ਸਾਹਕੋਟ (ਗਿਆਨ ਸੈਦਪੁਰੀ) ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਨੇ ਭੁੱਚੋ ਮੰਡੀ ਵਿੱਚ ਕਿਸਾਨਾਂ ਉੱਪਰ ਅਤੇ ਸੰਗਰੂਰ ਵਿਚ ਅਧਿਆਪਕਾਂ ਉੱਪਰ ਕੀਤੇ ਅੰਨੇਵਾਹ ਲਾਠੀਚਾਰਜ ਕਰਨ ਦੀ ਨਿਖੇਧੀ ਕਰਦਿਆ ਇਸਨੂੰ ਸਰਕਾਰ ਦੀ ਜਾਲਮਾਨਾ ਕਾਰਵਾਈ ਦੱਸਿਆ। ਯੂਨੀਅਨ ਦੇ ਜਿਲ੍ਹਾ ਪ੍ਰਧਾਨ ਮੋਹਨ ਸਿੰਘ ਬੱਲ, ਸਕੱਤਰ ਗੁਰਚਰਨ ਸਿੰਘ ਚਾਹਲ, ਪ੍ਰੈਸ ਸਕੱਤਰ ਮਨਜੀਤ ਸਿੰਘ ਮਲਸੀਆਂ, ਵਿੱਤ ਸਕੱਤਰ ਹਰਨੇਕ ਸਿੰਘ ਮਾਲੜੀ, ਬਲਾਕ ਸਾਹਕੋਟ ਦੇ ਪ੍ਰਧਾਨ ਬਲਕਾਰ ਸਿੰਘ ਫਾਜਲਵਾਲ ਤੇ ਮਨਜੀਤ ਸਿੰਘ ਸਾਬੀ ਨੇ ਪ੍ਰੈਸ ਬਿਆਨ ਰਾਹੀਂ ਦੱਸਿਆ ਕਿ ਵੱਡੇ ਬਦਲਾਅ ਦਾ ਨਾਅਰਾ ਦੇ ਕੇ ਸੱਤਾ ਵਿੱਚ ਆਈ ਆਪ ਸਰਕਾਰ ਹੁਣ ਹੱਕ ਮੰਗਣ ਵਾਲਿਆਂ ਨੂੰ ਡਾਗਾਂ ਨਾਲ ਕੁੱਟਕੇ ਅਤੇ ਥਾਣਿਆਂ ਵਿੱਚ ਬੰਦ ਕਰਕੇ ਵੱਡਾ ਬਦਲਾਅ ਕਰ ਰਹੀ ਹੈ। ਉਨ੍ਹਾਂ ਮੰਗ ਕੀਤੀ ਕਿ ਲਾਠੀਚਾਰਜ ਨਾਲ ਜਖਮੀ ਹੋਏ ਕਿਸਾਨਾਂ ਤੇ ਅਧਿਆਪਕਾਂ ਦਾ ਸਰਕਾਰ ਇਲਾਜ ਕਰਵਾਏ, ਉਨ੍ਹਾਂ ਦੀਆਂ ਮੰਗਾਂ ਨੂੰ ਅਮਲ ਵਿੱਚ ਲਾਗੂ ਕਰਕੇ ਉਨ੍ਹਾਂ ਵਿੱਚ ਪਾਏ ਜਾ ਰਹੇ ਅਸੰਤੁਸਟ ਨੂੰ ਦੂਰ ਕੀਤਾ ਜਾਵੇ।

ਪੰਜ ਪੇਟੀਆਂ ਸ਼ਰਾਬ ਸਮੇਤ ਇੱਕ ਕਾਬੂ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ) ਸਰਤਾਜ ਸਿੰਘ ਚਾਹਲ ਆਈ ਪੀ ਐਸ ਸੀਨੀਅਰ ਪੁਲਿਸ ਕਪਤਾਨ ਜਿਲ੍ਹਾ ਹੁਸ਼ਿਆਰਪੁਰ ਦੀ ਹਦਾਇਤ ਅਤੇ ਪਲਵਿੰਦਰ ਸਿੰਘ ਪੀ ਪੀ ਐਸ ਉਪ ਪੁਲਸ ਕਪਤਾਨ (ਸਿਟੀ) ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨਸ਼ਿਆ ਅਤੇ ਗੈਰ ਕਨੂੰਨੀ ਸ਼ਰਾਬ ਦੀ ਰੋਕਥਾਮ ਲਈ ਵਿੱਢੀ ਮੁਹਿੰਮ ਤਹਿਤ ਇੰਸਪੈਕਟਰ ਕਰਨੈਲ ਸਿੰਘ ਮੁੱਖ ਅਫਸਰ ਥਾਣਾ ਮਾਡਲ ਟਾਊਨ ਹੁਸਿਆਰਪੁਰ ਦੀ ਨਿਗਰਾਨੀ ਹੇਠ ਐਸ ਆਈ ਰਜਿੰਦਰ ਸਿੰਘ ਇੰਚਾਰਜ ਚੌਕੀ ਪੁਰਹੀਰਾਂ ਨੇ ਗਸ਼ਤ ਦੌਰਾਨ ਸਮੇਤ ਪੁਲਸ ਪਾਰਟੀ ਸਾਈਫਨ ਸੁੰਦਰ ਨਗਰ ਤੇ ਨਾਕਾਬੰਦੀ ਕਰਕੇ ਚੈਕਿੰਗ ਕੀਤੀ ਜਾ ਰਹੀ ਸੀ ਤਾਂ ਫਗਵਾੜਾ ਬਾਈਪਾਸ ਤੋਂ ਸੁੰਦਰ ਨਗਰ ਸਾਈਡ ਨੂੰ ਆ ਰਹੀ ਲਾਲ ਰੰਗ ਦੀ ਮਰੂਤੀ ਕਾਰ ਨੰਬਰ ਫਭ-70-3581 ਨੂੰ ਰੋਕ ਕੇ ਕਾਰ ਸਵਾਰ ਸੰਦੀਪ ਕੁਮਾਰ ਉਰਫ ਬੰਟੀ ਪੁੱਤਰ ਜੋਗਿੰਦਰਪਾਲ ਵਾਸੀ ਨਿਊ ਫਤਿਹਗੜ ਥਾਣਾ ਮਾਡਲ ਟਾਊਨ ਹੁਸ਼ਿਆਰਪੁਰ ਨੂੰ ਕਾਬੂ ਕਰਕੇ ਕਾਰ ਦੀ ਤਲਾਸ਼ੀ ਕੀਤੀ ਤਾਂ ਕਾਰ ਦੀ ਡਿੱਗੀ ਵਿੱਚ ਰੱਖੀਆਂ ਹੋਈਆਂ ਪੰਜ ਪੇਟੀਆ ਸ਼ਰਾਬ ਦੇਸੀ ਠੇਕਾ ਮਾਰਕਾ ਸੰਤਰਾ ਫਾਰ ਸੇਲ ਇੰਨ ਹਿਮਾਚਲ ਪ੍ਰਦੇਸ਼ ਬ੍ਰਾਮਦ ਹੋਣ 'ਤੇ ਉਸ ਖਿਲਾਫ ਥਾਣਾ ਮਾਡਲ ਟਾਊਨ ਹੁਸ਼ਿਆਰਪੁਰ ਵਿਖੇ ਮੁਕੱਦਮਾ ਦਰਜ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਸ ਦੇ ਖਿਲਾਫ ਪਹਿਲਾਂ ਵੀ ਵੱਖ ਵੱਖ ਥਾਣਿਆ ਵਿੱਚ 6 /7 ਮੁਕੱਦਮੇ ਨਜਾਇਜ ਸ਼ਰਾਬ ਅਤੇ ਹੋਰ ਨਸ਼ਿਆਂ ਦੇ ਦਰਜ ਹਨ। ਉਕਤ ਵਿਅਕਤੀ ਪਾਸੋ ਡੂੰਘਾਈ ਨਾਲ ਪੁੱਛਗਿਛ ਕੀਤੀ ਜਾ ਰਹੀ ਹੈ ਕਿ ਇਹ ਸ਼ਰਾਬ ਕਿੱਥੋਂ ਲੈ ਕੇ ਆਉਂਦਾ ਹੈ ਅਤੇ ਅੱਗੇ ਕਿਸ ਕਿਸ ਨੂੰ ਵੇਚਦਾ ਹੈ।

ਕੈਬਨਿਟ ਮੰਤਰੀ ਨੇ ਜਨਤਾ ਦਰਬਾਰ 'ਚ ਸੁਣੀਆਂ ਲੋਕਾਂ ਦੀਆਂ ਸ਼ਿਕਾਇਤਾਂ

ਹੁਸ਼ਿਆਰਪੁਰ (ਓ ਪੀ ਰਾਣਾ,ਬਲਬੀਰ ਸਿੰਘ ਸੈਣੀ) ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਆਪਣੇ ਦਫ਼ਤਰ ਵਿੱਚ ਲੋਕਾਂ ਦੀਆਂ ਸਮੱਸਿਆਵਾਂ ਸੁਣਦੇ ਹੋਏ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਮੌਕੇ 'ਤੇ ਇਨ੍ਹਾਂ ਸਮੱਸਿਆਵਾਂ ਦਾ ਜਲਦ ਤੋਂ ਜਲਦ ਹੱਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ ਅਤੇ ਲੋਕਾਂ ਦੀਆਂ ਜਾਇਜ਼ ਸਮੱਸਿਆਵਾਂ ਨੂੰ ਸਮੇਂ ਸਿਰ ਹੱਲ ਕਰਨ ਨੂੰ ਪਹਿਲ ਦਿੱਤੀ ਜਾ ਰਹੀ ਹੈ। ਇਸ ਮੌਕੇ ਉਨ੍ਹਾਂ ਨਾਲ ਮੇਅਰ ਸੁਰਿੰਦਰ ਕੁਮਾਰ, ਵਰਿੰਦਰ ਸ਼ਰਮਾ ਬਿੰਦੂ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ। ਕੈਬਨਿਟ ਮੰਤਰੀ ਨੇ ਆਪਣੇ ਦਫ਼ਤਰ ਵਿਚ ਲਗਾਏ ਜਨਤਾ ਦਰਬਾਰ ਵਿਚ ਕਰੀਬ 250 ਲੋਕਾਂ ਦੀਆਂ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਸ਼ਿਕਾਇਤਾਂ ਨੂੰ ਗੌਰ ਨਾਲ ਸੁਣਦੇ ਹੋਏ ਅਧਿਕਾਰੀਆਂ ਨੂੰ ਇਨ੍ਹਾਂ ਸ਼ਿਕਾਇਤਾਂ ਦਾ ਨਿਯਮਾਂ ਅਨੁਸਾਰ ਜਲਦ ਹੱਲ ਕਰਨ ਦੇ ਨਿਰਦੇਸ਼ ਦਿੱਤੇ। ਇਸ ਮੌਕੇ ਸਿਹਤ, ਮਾਲ, ਪੁਲਸ, ਸਿੱਖਿਆ, ਜਲ ਸਪਲਾਈ ਤੇ ਸੈਨੀਟੇਸ਼ਨ, ਸਮਾਜਿਕ ਸੁਰੱਖਿਆ, ਸਮਾਜਿਕ ਨਿਆਂ ਅਤੇ ਅਧਿਕਾਰਤਾ, ਖੁਰਾਕ ਤੇ ਸਿਵਲ ਸਪਲਾਈਜ਼, ਡਰੇਨੇਜ਼, ਮਾਈਨਿੰਗ, ਖੇਤੀ, ਟਰਾਂਸਪੋਰਟ, ਸਹਿਕਾਰੀ, ਨਗਰ ਨਿਗਮ, ਡੇਅਰੀ ਵਿਕਾਸ, ਬਿਜਲੀ ਵਿਭਾਗ ਆਦਿ ਨਾਲ ਸਬੰਧਤ ਸ਼ਿਕਾਇਤਾਂ ਦਾ ਮੌਕੇ 'ਤੇ ਹੀ ਹੱਲ ਕੀਤਾ ਗਿਆ। ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਉਹ ਆਪਣੇ ਦਫ਼ਤਰ ਵਿੱਚ ਜਿਥੇ ਲੋਕਾਂ ਦੀਆਂ ਸਮੱਸਿਆਵਾਂ ਸੁਣ ਰਹੇ ਹਨ, ਉਥੇ ਮੁੱਖ ਮੰਤਰੀ ਭਗਵੰਤ ਮਾਨ ਦੇ ਨਿਰਦੇਸ਼ਾਂ 'ਤੇ ਹੀ ਜ਼ਿਲ੍ਹਾ ਪ੍ਰਸ਼ਾਸਨ ਵਲੋਂ 'ਸਰਕਾਰ ਤੁਹਾਡੇ ਦੁਆਰ' ਮੁਹਿੰਮ ਤਹਿਤ ਪਿੰਡਾਂ ਵਿਚ ਪਹੁੰਚ ਕੇ ਲੋਕਾਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀ ਹਰ ਸਮੱਸਿਆ ਨੂੰ ਨਿਸ਼ਚਿਤ ਸਮੇਂ ਵਿਚ ਦੂਰ ਕਰਨਾ ਪੰਜਾਬ ਸਰਕਾਰ ਦੀ ਮੁੱਖ ਤਰਜੀਹ ਹੈ।

ਪਰਾਲੀ ਸਾੜਨ ਦੀ ਸਮੱਸਿਆ ਨਾਲ ਨਜਿੱਠਣ ਲਈ 350 ਕਰੋੜ ਦੀ ਕਾਰਜ ਯੋਜਨਾ ਤਿਆਰ

ਚੰਡੀਗੜ੍ਹ, (ਗੁਰਜੀਤ ਬਿੱਲਾ) ਮੁੱਖ ਮੰਤਰੀ ਭਗਵੰਤ ਮਾਨ ਦੀ ਸੂਬੇ 'ਚ ਪਰਾਲੀ ਸਾੜਨ ਦੀ ਸਮੱਸਿਆ ਨਾਲ ਨਜਿੱਠਣ ਲਈ ਬਦਲਵੇਂ ਕਦਮ ਚੁੱਕਣ ਦੀ ਵਚਨਬੱਧਤਾ ਤਹਿਤ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਸਬਸਿਡੀ 'ਤੇ ਪਰਾਲੀ ਪ੍ਰਬੰਧਨ ਮਸ਼ੀਨਰੀ ਮੁਹੱਈਆ ਕਰਵਾਉਣ ਲਈ 350 ਕਰੋੜ ਰੁਪਏ ਦੀ ਕਾਰਜ ਯੋਜਨਾ ਦਾ ਖਰੜਾ ਤਿਆਰ ਕੀਤਾ ਗਿਆ ਹੈ। ਇਸ ਪਹਿਲ ਤਹਿਤ ਜਿੱਥੇ ਪਰਾਲੀ ਪ੍ਰਬੰਧਨ ਮਸ਼ੀਨਾਂ ਉਤੇ ਸਹਿਕਾਰੀ ਸਭਾਵਾਂ ਤੇ ਹੋਰ ਸਮੂਹ 80 ਫ਼ੀਸਦ ਸਬਸਿਡੀ ਦਾ ਲਾਭ ਲੈ ਸਕਦੇ ਹਨ, ਉਥੇ ਦੂਜੇ ਪਾਸੇ ਵਿਅਕਤੀਗਤ ਕਿਸਾਨਾਂ ਨੂੰ 50 ਫ਼ੀਸਦ ਸਬਸਿਡੀ ਮਿਲ ਸਕੇਗੀ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਵਿਭਾਗ ਵੱਲੋਂ ਮੌਜੂਦਾ ਵਰ੍ਹੇ ਲਈ ਫੰਡ ਮੁਹੱਈਆ ਕਰਵਾਉਣ ਵਾਸਤੇ 350 ਕਰੋੜ ਰੁਪਏ ਦੀ ਕਾਰਜ ਯੋਜਨਾ ਕੇਂਦਰ ਸਰਕਾਰ ਨੂੰ ਭੇਜੀ ਗਈ ਹੈ ਅਤੇ ਫਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਵਿਅਕਤੀਗਤ ਕਿਸਾਨਾਂ ਨੂੰ 20,000 ਤੋਂ ਵੱਧ ਮਸ਼ੀਨਾਂ ਸਬਸਿਡੀ 'ਤੇ ਉਪਲਬਧ ਕਰਵਾਈਆਂ ਜਾਣਗੀਆਂ ਅਤੇ ਇਸ ਦੇ ਨਾਲ ਹੀ 1000 ਕਸਟਮ ਹਾਇਰਿੰਗ ਸੈਂਟਰ ਵੀ ਸਥਾਪਿਤ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਵਿਭਾਗ ਨੇ ਸਾਉਣੀ ਸੀਜ਼ਨ 2023 ਦੌਰਾਨ ਵੱਖ-ਵੱਖ ਫ਼ਸਲੀ ਰਹਿੰਦ-ਖੂੰਹਦ ਪ੍ਰਬੰਧਨ (ਸੀ.ਆਰ.ਐਮ.) ਮਸ਼ੀਨਰੀ 'ਤੇ ਸਬਸਿਡੀ ਲੈਣ ਦੇ ਚਾਹਵਾਨ ਕਿਸਾਨਾਂ, ਸਹਿਕਾਰੀ ਸਭਾਵਾਂ, ਐਫ.ਪੀ.ਓਜ਼ ਅਤੇ ਪੰਚਾਇਤਾਂ ਤੋਂ ਬਿਨੈ ਪੱਤਰਾਂ ਦੀ ਮੰਗ ਕੀਤੀ ਹੈ। ਇਸ ਸਕੀਮ ਤਹਿਤ ਇਨ-ਸੀਟੂ ਪ੍ਰਬੰਧਨ ਲਈ ਸੁਪਰ ਐਸ.ਐਮ.ਐਸ., ਸੁਪਰ ਸੀਡਰ, ਸਮਾਰਟ ਸੀਡਰ, ਹੈਪੀ ਸੀਡਰ, ਪੈਡੀ ਸਟਰਾਅ ਚੌਪਰ/ਸ਼ਰੈਡਰ/ਮਲਚਰ, ਹਾਈਡਰੌਲਿਕ ਰਿਵਰਸੀਬਲ ਮੋਲਡ ਬੋਰਡ ਪਲੌਅ ਤੇ ਜ਼ੀਰੋ ਟਿੱਲ ਡਰਿੱਲ ਅਤੇ ਐਕਸ-ਸੀਟੂ ਪ੍ਰਬੰਧਨ ਵਿੱਚ ਬੇਲਰ ਅਤੇ ਰੇਕ ਸਬਸਿਡੀ 'ਤੇ ਉਪਲਬਧ ਕਰਵਾਏ ਜਾ ਰਹੇ ਹਨ। ਵਿਅਕਤੀਗਤ ਕਿਸਾਨਾਂ ਲਈ ਉਪਰੋਕਤ ਮਸ਼ੀਨਾਂ 'ਤੇ ਸਬਸਿਡੀ ਦੀ ਦਰ ਉਪਕਰਣਾਂ ਦੀ ਕੀਮਤ ਦਾ 50 ਫ਼ੀਸਦ ਅਤੇ ਸਹਿਕਾਰੀ ਸਭਾਵਾਂ, ਐਫ.ਪੀ.ਓਜ਼, ਪੰਚਾਇਤਾਂ ਲਈ ਇਸ ਸਕੀਮ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵੱਧ ਤੋਂ ਵੱਧ 80 ਫ਼ੀਸਦ ਤੱਕ ਰੱਖੀ ਗਈ ਹੈ।

ਸੂਬੇ ਵਿੱਚ ਫ਼ਸਲੀ ਰਹਿੰਦ-ਖੂੰਹਦ ਸਾੜਨ ਦੇ ਰੁਝਾਨ ਨੂੰ ਬਿਲਕੁਲ ਖ਼ਤਮ ਕਰਨ ਲਈ ਕਿਸਾਨਾਂ ਨੂੰ ਇਸ ਸਕੀਮ ਦਾ ਵੱਧ ਤੋਂ ਵੱਧ ਲਾਹਾ ਲੈਣ ਦੀ ਅਪੀਲ ਕਰਦਿਆਂ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਸਬਸਿਡੀ ਪ੍ਰਾਪਤ ਕਰਨ ਲਈ ਵਿਭਾਗ ਦੇ ਪੋਰਟਲ agrimachinerypb.com ਉਤੇ ਮਿਤੀ 20 ਜੁਲਾਈ, 2023 ਤੱਕ ਅਪਲਾਈ ਕੀਤਾ ਜਾ ਸਕਦਾ ਹੈ।

ਇਸ ਤੋਂ ਇਲਾਵਾ ਵਿਭਾਗ ਕਿਸਾਨਾਂ ਨੂੰ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਉਪਲਬਧ ਤਕਨੀਕਾਂ ਬਾਰੇ ਜਾਗਰੂਕ ਕਰਨ ਅਤੇ ਸਿਖਲਾਈ ਦੇਣ ਲਈ ਸੂਚਨਾ, ਸਿੱਖਿਆ ਅਤੇ ਸੰਚਾਰ ਮੁਹਿਮ ਵੀ ਸ਼ੁਰੂ ਕਰੇਗਾ ਕਿਉਂਕਿ ਪੰਜਾਬ ਸਰਕਾਰ ਸੂਬੇ ਵਿੱਚ ਪਰਾਲੀ ਸਾੜਨ ਦੀ ਸਮੱਸਿਆ ਨਾਲ ਨਜਿੱਠਣ ਲਈ ਸਰਗਰਮੀ ਨਾਲ ਕਦਮ ਚੁੱਕ ਰਹੀ ਹੈ।

ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਵਿਖੇ ਲਗਾਇਆ 408ਵਾਂ ਦੰਦਾਂ ਤੇ ਜਬਾੜ੍ਹਿਆਂ ਦਾ ਕੈਂਪ

ਫਗਵਾੜਾ (ਡਾ. ਰਮਨ) ਉਦਯੋਗਪਤੀ ਕੇ ਕੇ ਸਰਦਾਨਾ ਦੀ ਸਰਪ੍ਰਸਤੀ ਹੇਠ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ ਚਲਾਏ ਜਾ ਰਹੇ ਬਲੱਡ ਬੈਂਕ 'ਚ ਮਾਤਾ ਠਾਕੁਰ ਦੇਵੀ ਅਤੇ ਨਾਨਕ ਚੰਦ ਸੇਠੀ ਦੀ ਯਾਦ ਵਿੱਚ 408ਵਾਂ ਦੰਦਾਂ ਦੀਆਂ ਬਿਮਾਰੀਆਂ ਅਤੇ ਜਬਾੜ੍ਹਿਆਂ ਦਾ ਫਰੀ ਕੈਂਪ ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਦੇਖ ਰੇਖ ਹੇਠ ਲਗਾਇਆ ਗਿਆ। ਕੈਂਪ ਦਾ ਉਦਘਾਟਨ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ ਸੰਜੀਵ ਕੁਮਾਰ ਮੈਂਬਰ ਲੋਕਪਾਲ ਇਲੈਕਟ੍ਰੀਸਿਟੀ ਪੰਜਾਬ ਨੇ ਸ਼ਮਾ ਰੌਸ਼ਨ ਕਰਕੇ ਕੀਤਾ। ਉਹਨਾਂ 2 ਨਵੇਂ ਤਿਆਰ ਹੋਏ ਜਬਾੜ੍ਹੇ ਲੋੜਵੰਦਾਂ ਨੂੰ ਤਕਸੀਮ ਕੀਤੇ ਅਤੇ ਬਲੱਡ ਬੈਂਕ ਨਾਲ ਆਪਣੀ ਪੁਰਾਣੀ ਸਾਂਝ ਦਾ ਜਿਕਰ ਕਰਦਿਆਂ ਕਿਹਾ ਕਿ ਮਲਕੀਅਤ ਸਿੰਘ ਰਘਬੋਤਰਾ ਦੇ ਉਪਰਾਲੇ ਸਦਕਾ ਬਲੱਡ ਬੈਂਕ ਵਲੋਂ ਸਮਾਜ ਸੇਵਾ ਦੇ ਜੋ ਕੰਮ ਕੀਤੇ ਜਾ ਰਹੇ ਹਨ ਉਹ ਆਪਣੇ ਆਪ ਵਿੱਚ ਇਕ ਮਿਸਾਲ ਹੈ। ਕੈਂਪ ਦੌਰਾਨ ਸੀ ਐਮ ਸੀ ਲੁਧਿਆਣਾ ਦੀ 25 ਮੈਂਬਰੀ ਮੋਬਾਇਲ ਟੀਮ ਨੇ ਡਾ. ਰਿਚਰਡ ਗਿੱਲ ਅਤੇ ਡਾ. ਸਮੀਕਸ਼ਾ ਦੀ ਅਗਵਾਈ ਹੇਠ 145 ਲੋੜਵੰਦ ਮਰੀਜਾਂ ਦੇ ਦੰਦਾਂ ਅਤੇ ਜਬਾੜ੍ਹਿਆਂ ਦਾ ਮੁਆਇਨਾ ਕੀਤਾ। ਡਾਕਟਰਾਂ ਵਲੋਂ ਲੋੜਵੰਦਾਂ ਦੇ ਦੰਦਾਂ ਦੀ ਸਫਾਈ ਤੇ ਭਰਾਈ ਤੋਂ ਇਲਾਵਾ ਮਰੀਜਾਂ ਦੇ ਖਰਾਬ ਦੰਦਾਂ ਨੂੰ ਬਾਹਰ ਕੱਢਿਆ ਗਿਆ ਅਤੇ ਲੋੜਵੰਦਾਂ ਨੂੰ ਫਰੀ ਦਵਾਈਆਂ ਦਿੱਤੀਆਂ ਗਈਆਂ। 25 ਨਵੇਂ ਜਬਾੜ੍ਹੇ ਤਿਆਰ ਕਰਨ ਦੀ ਤੀਸਰੀ ਪ੍ਰਕ੍ਰਿਆ ਪੂਰੀ ਕੀਤੀ ਗਈ। ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਅਗਲਾ ਕੈਂਪ 15 ਜੁਲਾਈ ਨੂੰ ਲਗਾਇਆ ਜਾਵੇਗਾ। ਇਸ ਮੌਕੇ ਮੋਹਨ ਲਾਲ ਤਨੇਜਾ, ਗੁਲਾਬ ਸਿੰਘ ਠਾਕੁਰ, ਗੁਲਸ਼ਨ ਕਪੂਰ, ਸੁਧਾ ਬੇਦੀ, ਐਸ.ਸੀ. ਚਾਵਲਾ, ਆਰ ਪੀ ਨਹਿਰਾ, ਰਮਨ ਨਹਿਰਾ, ਅਮਰਜੀਤ ਰਾਮ, ਅਮਰਜੀਤ ਡਾਂਗ, ਵਿਸ਼ਵਾਮਿੱਤਰ ਸ਼ਰਮਾ, ਸੁਦੇਸ਼ ਕੁਮਾਰ, ਮ

4-JULY-PAGE-10.qxd 7/3/2023 10:33 PM Page 1

ਦਾਅਵਿਆਂ ਦੇ ਬਾਵਜੂਦ ਨਹੀਂ ਪਹੁੰਚਿਆ ਨਹਿਰੀ ਪਾਣੀ

■ ਅੱਧੀ ਦਰਜਨ ਪਿੰਡਾਂ ਨੂੰ ਪਾਣੀ ਦੇਣ ਵਾਲਾ ਰਜਬਾਹਾ ਸੁੱਕਾ

ਸੁੱਕਾ ਪਿਆ ਰਜਬਾਹਾ ਦਿਖਾਉਂਦੇ ਹੋਏ ਕਿਸਾਨ।

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)

ਪੰਜਾਬ ਸਰਕਾਰ ਵੱਲੋਂ ਸੂਬੇ ਦੇ ਕਿਸਾਨਾਂ ਨੂੰ ਨਹਿਰੀ ਪਾਣੀ ਮੁਹੱਈਆ ਕਰਵਾਉਣ ਦੇ ਵੱਡੇ-ਵੱਡੇ ਦਾਅਵੇ ਕੀਤੇ ਜਾ ਰਹੇ ਹਨ, ਪਰ ਵਿਧਾਨ ਸਭਾ ਹਲਕਾ ਸ਼ੁਤਰਾਣਾ ਵਿੱਚ ਬਹੁਤ ਸਾਰੇ ਅਜਿਹੇ ਰਜਬਾਹੇ ਹਨ, ਜੋ ਸਾਉਣੀ ਦੇ ਸੀਜ਼ਨ ਦੇ ਬਾਵਜੂਦ ਹਾਲੇ ਤੱਕ ਸੁੱਕੇ ਪਏ ਹਨ। ਨਹਿਰੀ ਰਜਬਾਹਿਆਂ ਵਿੱਚ ਪਾਣੀ ਨਾ ਆਉਣ ਕਰਕੇ ਕਿਸਾਨਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਆਲਮ ਇਹ ਹੈ ਕਿ ਅੱਧੀ ਦਰਜਨ ਦੇ ਕਰੀਬ ਪਿੰਡਾਂ ਦੇ ਕਿਸਾਨਾਂ ਨੂੰ ਨਹਿਰੀ ਪਾਣੀ ਮੁਹੱਈਆ ਕਰਵਾਉਣ ਵਾਲੇ ਰਜਬਾਹੇ ਵਿੱਚ ਇਕ ਬੂੰਦ ਵੀ ਪਾਣੀ ਨਹੀਂ ਆਇਆ। ਸਬ ਡਵੀਜ਼ਨ ਪਾਤੜਾਂ ਅਧੀਨ ਆਉਂਦੇ ਪਿੰਡ ਭੂੰਡਥੇਹ ਕਿਸਾਨ ਦਲਜੀਤ ਸਿੰਘ ਫੌਜੀ, ਅਮਰੀਕ ਸਿੰਘ, ਕੁਲਦੀਪ ਸਿੰਘ, ਗੁਰਪ੍ਰੀਤ ਸਿੰਘ, ਤਰਸੇਮ ਸਿੰਘ, ਸੁਖਦੇਵ ਸਿੰਘ, ਲਖਵਿੰਦਰ ਸਿੰਘ, ਹਰਜਿੰਦਰ ਸਿੰਘ ਤੇ ਭੋਲਾ ਸਿੰਘ ਨੇ ਦੱਸਿਆ ਕਿ ਪਿੰਡ ਬੂਟਾ ਸਿੰਘ ਵਾਲਾ ਤੋਂ ਨਿਕਲਣ ਵਾਲਾ ਰਜਬਾਹਾ ਇਲਾਕੇ ਦੇ ਪਿੰਡ ਬਕਰਾਹਾ, ਸਧਾਰਨਪੁਰ, ਮੋਮੀਆਂ, ਭੂੰਡਥੇਹ, ਕਰਤਾਰਪੁਰ, ਰਸੋਲੀ ਤੇ ਸ਼ੁਤਰਾਣਾ ਦੇ ਖੇਤਾਂ ਨੂੰ ਪਾਣੀ ਮੁਹੱਈਆ ਕਰਵਾਉਂਦਾ ਹੈ, ਪਰ ਬਦਕਿਸਮਤੀ ਦੀ ਗੱਲ ਹੈ ਕਿ ਵੱਡੇ-ਵੱਡੇ ਦਾਅਵਿਆਂ ਦੇ ਬਾਵਜੂਦ ਇਸ ਰਜਬਾਹੇ ਵਿੱਚ ਪਾਣੀ ਦੀ ਬੂੰਦ ਵੀ ਨਹੀਂ ਆਈ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਦਾਅਵੇ ਅਨੁਸਾਰ ਖੇਤਾਂ ਵਿੱਚ ਪਾਣੀ ਪੁੱਜਦਾ ਕੀਤਾ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੁਲਦੀਪ ਸਿੰਘ ਗਲੋਲੀ ਤੇ ਗੁਰਬਚਨ ਸਿੰਘ ਆਦਿ ਹਾਜ਼ਰ ਸਨ। ਇਸ ਦੌਰਾਨ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਮੀਤ ਪ੍ਰਧਾਨ ਕੁਲਵੰਤ ਸਿੰਘ ਮੌਲਵੀਵਾਲਾ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਸੂਬੇ ਵਿੱਚ ਧਰਤੀ ਹੇਠਲੇ ਪਾਣੀ ਦੇ ਡਿਗਦੇ ਪੱਧਰ ਨੂੰ ਬਚਾਉਣ ਲਈ ਕੋਈ ਉਪਰਾਲਾ ਨਹੀਂ ਕੀਤਾ ਗਿਆ। ਭਗਵੰਤ ਮਾਨ ਨੂੰ ਸਰਕਾਰ ਵੱਲੋਂ ਨਹਿਰੀ ਪਾਣੀ ਖੇਤਾਂ ਤੱਕ ਪੁਚਾਉਣ ਦੇ ਉਪਰਾਲੇ ਜ਼ਰੂਰ ਕੀਤੇ ਗਏ ਹਨ, ਪਰ ਇਹ ਨਾ ਕਾਫੀ ਹਨ। ਉਨ੍ਹਾ ਕਿਹਾ ਕਿ ਹਲਕਾ ਸ਼ੁਤਰਾਣਾ ਵਿੱਚ ਨਹਿਰੀ ਪਾਣੀ ਦੀ ਬਹੁਤ ਵੱਡੀ ਘਾਟ ਹੈ, ਇਸ ਲਈ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜਜ਼ਗਰ ਇਸ ਪਾਸੇ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ।

ਕਿਸਾਨਾਂ ਵੱਲੋਂ ਬਠਿੰਡਾ-ਚੰਡੀਗੜ੍ਹ ਸੜਕ 'ਤੇ ਭੁੱਚੋ ਖੁਰਦ ਵਿਖੇ ਲਾਇਆ ਜਾਮ

ਬਠਿੰਡਾ (ਪਰਵਿੰਦਰ ਜੀਤ ਸਿੰਘ)-ਕਣਕ ਦੀ ਫਸਲ ਤੇ ਗੜੇਮਾਰੀ ਕਾਰਨ ਹੋਏ ਨੁਕਸਾਨ ਦੇ ਮੁਆਵਜ਼ੇ ਲਈ ਪਿੰਡ ਗਿੱਦੜ ਦੇ ਕਿਸਾਨਾਂ ਵੱਲੋਂ ਤਿੰਨ ਕਿਸਾਨ ਜਥੇਬੰਦੀਆਂ (ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ,ਡਕੌਂਦਾ ਅਤੇ ਸਿੱਧੂਪੁਰ) ਦੀ ਅਗਵਾਈ 'ਚ ਮਹੀਨੇ ਤੋਂ ਚੱਲ ਰਹੇ ਧਰਨੇ ਦੌਰਾਨ ਸੁਣਵਾਈ ਨਾ ਹੋਣ ਕਾਰਨ ਮਜਬੂਰੀਬਸ ਕਿਸਾਨਾਂ ਵੱਲੋਂ ਬਠਿੰਡਾ-ਚੰਡੀਗੜ੍ਹ ਸੜਕ ਤੇ ਪਿੰਡ ਭੁੱਚੋ ਖੁਰਦ ਵਿਖੇ ਜਾਮ ਲਾ ਦਿੱਤਾ ਅਤੇ ਐਮਰਜੈਂਸੀ ਸੇਵਾਵਾਂ ਦਾ ਲਾਂਘਾ ਜਾਰੀ ਰਿਹਾ ਤਾਂ ਪੁਲਸ ਨੇ ਕਿਸਾਨਾਂ 'ਤੇ ਜ਼ਬਰਦਸਤ ਲਾਠੀਚਾਰਜ ਕਰ ਦਿੱਤਾ। ਜਿਸ ਦੌਰਾਨ ਕਾਫੀ ਕਿਸਾਨਾਂ ਦੇ ਸੱਟਾਂ ਲੱਗੀਆਂ ਅਤੇ ਇੱਕ ਔਰਤ ਸਮੇਤ ਛੇ ਕਿਸਾਨਾਂ ਨੂੰ ਗ੍ਰਿਫ਼ਤਾਰ ਕਰਕੇ ਥਾਣੇ ਵਿੱਚ ਬੰਦ ਕਰ ਦਿੱਤਾ। ਡੀ ਐਸ ਪੀ ਗੁਰਪ੍ਰੀਤ ਸਿੰਘ ਨੇ ਖੁਦ ਡਾਂਗਾਂ ਮਾਰ ਕੇ ਕਿਸਾਨਾਂ ਦੇ ਵਹੀਕਲਾਂ ਦੇ ਸ਼ੀਸ਼ੇ ਤੋੜ ਦਿੱਤੇ। ਬਠਿੰਡਾ ਪੁਲਸ ਨੇ ਹਰਿਦਰ ਬਿੰਦੂ ਦਾ ਮੋਬਾਇਲ ਖੋਹ ਲਿਆ। ਇਸ ਤੋਂ ਬਾਅਦ ਕਿਸਾਨ ਜਥੇਬੰਦੀਆਂ ਦੀ ਸੂਬਾ ਕਮੇਟੀ ਵੱਲੋਂ ਅੱਜ ਸੜਕ 'ਤੇ ਜਾਮ ਲਾਉਣ ਦਾ ਐਲਾਨ ਕਰ ਦਿੱਤਾ। ਜਿਸ ਤੋਂ ਬਾਅਦ ਡਿਪਟੀ ਕਮਿਸ਼ਨਰ ਬਠਿੰਡਾ ਵੱਲੋਂ ਕਿਸਾਨ ਆਗੂਆਂ ਨੂੰ ਮੀਟਿੰਗ ਦਾ ਸੱਦਾ ਦਿੱਤਾ ਗਿਆ। ਅੱਜ ਸਵੇਰੇ ਹੋਈ ਮੀਟਿੰਗ ਵਿੱਚ ਡਿਪਟੀ ਕਮਿਸ਼ਨਰ ਬਠਿੰਡਾ, ਐਸ ਐਸ ਪੀ ਬਠਿੰਡਾ, ਕਿਸਾਨ ਆਗੂਆਂ ਦੀ ਤਰਫੋਂ ਝੰਡਾ ਸਿੰਘ ਜੇਠੂਕੇ, ਸ਼ਿੰਗਾਰਾ ਸਿੰਘ ਮਾਨ, ਬਲਦੇਵ ਸਿੰਘ ਸੰਦੋਹਾ, ਬਲਦੇਵ ਸਿੰਘ ਭਾਈ ਰੂਪਾ, ਬੂਟਾ ਸਿੰਘ ਤੁੰਗਵਾਲੀ ਅਤੇ ਪਿੰਡ ਗਿੱਦੜ ਦੀ ਚੁਣੀ ਕਮੇਟੀ ਦੇ ਕਿਸਾਨ ਸ਼ਾਮਲ ਹੋਏ। ਮੀਟਿੰਗ ਵਿਚ ਫੈਸਲਾ ਹੋਇਆ ਕਿ ਕਿਸਾਨਾਂ ਨੂੰ 33 ਤੋਂ 75 ਪਰਸੈਂਟ ਖਰਾਬੇ ਦੇ ਹਿਸਾਬ ਨਾਲ 6850 ਰੁਪਏ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇਗਾ। ਜਿਨ੍ਹਾਂ ਕਿਸਾਨਾਂ ਦਾ 100% ਨੁਕਸਾਨ ਹੋਇਆ ਉਨ੍ਹਾਂ ਨੂੰ ਪੜਤਾਲ ਕਰਕੇ 15 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇਗਾ ਅਤੇ ਮਜ਼ਦੂਰਾਂ ਨੂੰ ਵੀ ਬਣਦਾ 10% ਦੇ ਹਿਸਾਬ ਨਾਲ ਮੁਆਵਜ਼ਾ ਦਿੱਤਾ ਜਾਵੇਗਾ। ਵਹੀਕਲਾਂ ਦੇ ਭੰਨ-ਤੋੜ ਦੀ ਭਰਪਾਈ ਕੀਤੀ ਜਾਵੇਗੀ ਅਤੇ ਭੰਨਤੋੜ ਕਰਨ ਵਾਲੇ ਅਤੇ ਮੋਬਾਈਲ ਖੋਹਣ ਵਾਲੇ ਪੁਲਸ ਅਧਿਕਾਰੀਆਂ ਖਿਲਾਫ ਕਾਰਵਾਈ ਕੀਤੀ ਜਾਵੇਗੀ, ਮੋਬਾਇਲ ਵਾਪਸ ਦਿੱਤਾ ਜਾਵੇਗਾ। ਪੂਰੇ ਜ਼ਿਲ੍ਹੇ ਵਿੱਚ ਪੜਤਾਲ ਕਰਵਾ ਕੇ ਕਣਕ ਦੇ ਨੁਕਸਾਨ ਦਾ ਮੁਆਵਜ਼ਾ ਦਿੱਤਾ ਜਾਵੇਗਾ ਅਤੇ ਮਜ਼ਦੂਰਾਂ ਨੂੰ ਵੀ ਬਣਦਾ ਮੁਆਵਜ਼ਾ ਦਿੱਤਾ ਜਾਵੇਗਾ। ਅੱਜ ਦੇ ਹੋਏ ਇਕੱਠ ਨੂੰ ਸੰਬੋਧਨ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ, ਸੀਨੀਅਰ ਮੀਤ ਪ੍ਰਧਾਨ ਝੰਡਾ ਸਿੰਘ ਜੇਠੂਕੇ, ਸੂਬਾ ਸਕੱਤਰ ਸ਼ਿੰਗਾਰਾ ਸਿੰਘ ਮਾਨ, ਔਰਤ ਜਥੇਬੰਦੀ ਦੇ ਆਗੂ ਹਰਿੰਦਰ ਕੌਰ ਬਿੰਦੂ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਬਲਦੇਵ ਸਿੰਘ ਭਾਈ ਰੂਪਾ ਅਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਜ਼ਿਲ੍ਹਾ ਪ੍ਰਧਾਨ ਬਲਦੇਵ ਸਿੰਘ ਸੰਦੋਹਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਭਗਵੰਤ ਮਾਨ ਦੀ ਸਰਕਾਰ ਦਾ ਅਸਲੀ ਚਿਹਰਾ ਸਾਹਮਣੇ ਆਉਣ ਲੱਗ ਪਿਆ ਹੈ। ਲੋਕਾਂ ਦੇ ਮੰਗਾਂ ਮਸਲਿਆਂ ਦਾ ਤੁਰੰਤ ਹੱਲ ਕਰਨ ਅਤੇ ਭਗਤ ਸਿੰਘ ਦੇ ਸੁਪਨਿਆਂ ਦਾ ਰਾਜ ਲਿਆਉਣ ਭਗਵੰਤ ਮਾਨ ਦੀ ਸਰਕਾਰ ਵੱਲੋਂ ਕਿਸਾਨਾਂ, ਮੁਲਾਜ਼ਮਾਂ ਨੂੰ ਉਨ੍ਹਾਂ ਦੇ ਮਸਲੇ ਹੱਲ ਕਰਨ ਦੀ ਬਜਾਏ ਛੱਲੀਆਂ ਵਾਂਗੂੰ ਕੁੱਟਿਆ ਜਾ ਰਿਹਾ ਹੈ। ਧਰਨਿਆਂ ਤੋਂ ਬਿਨਾਂ ਲੋਕਾਂ ਦੇ ਮਸਲੇ ਹੱਲ ਕਰਨ ਦਾ ਨਾਹਰਾ ਦੇ ਕੇ ਆਈ ਸਰਕਾਰ ਵੱਲੋਂ ਮਹੀਨੇ ਬੱਧੀ ਮੋਰਚਾ ਲਾਈ ਬੈਠੇ ਲੋਕਾਂ ਦੀ ਗੱਲ ਨਹੀਂ ਸੁਣੀ ਜਾ ਰਹੀ।

ਆਗੂਆਂ ਨੇ ਐਲਾਨ ਕੀਤਾ ਕਿ ਜੇਕਰ ਪ੍ਰਸ਼ਾਸਨ ਨੇ ਸਮਝੌਤਾ ਪੂਰੀ ਤਰ੍ਹਾਂ ਲਾਗੂ ਨਹੀਂ ਕੀਤਾ ਸੰਘਰਸ਼ ਦੁਬਾਰਾ ਸ਼ੁਰੂ ਕੀਤਾ ਜਾਵੇਗਾ। ਅੱਜ ਦੇ ਧਰਨੇ ਨੂੰ ਬੂਟਾ ਸਿੰਘ ਤੁੰਗਵਾਲੀ, ਜੋਧਾ ਸਿੰਘ ਨਗਲਾ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਆਗੂ ਤੀਰਥ ਸਿੰਘ ਕੋਠਾ ਗੁਰੂ, ਡੀ ਟੀ ਐਫ ਦੇ ਆਗੂ ਰੇਸ਼ਮ ਸਿੰਘ, ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਦੇ ਆਗੂ ਗੁਰਵਿੰਦਰ ਸਿੰਘ ਪੰਨੂ ਪੀ ਐਸ ਯੂ ਸ਼ਹੀਦ ਰੰਧਾਵਾ ਦੇ ਆਗੂ ਬਿਕਰਮਜੀਤ ਸਿੰਘ ਪੂਹਲਾ ਨੇ ਵੀ ਸੰਬੋਧਨ ਕੀਤਾ।

ਪੰਜਾਬ ਸਰਕਾਰ ਕੇਂਦਰ ਦੀਆਂ ਨੀਤੀਆਂ ਨੂੰ ਆਮ ਲੋਕਾਂ ਤੋਂ ਵਾਂਝਾ ਰੱਖ ਰਹੀ : ਰਾਠੀ, ਸ਼ੇਰਗੜ੍ਹ

ਮੂਨਕ (ਰਾਜਪਾਲ ਸਿੰਗਲਾ)

ਪੰਜਾਬ ਸਰਕਾਰ, ਕੇਂਦਰ ਦੀ ਮੋਦੀ ਸਰਕਾਰ ਦੀਆਂ ਨੀਤੀਆਂ ਤੇ ਪ੍ਰੋਗਰਾਮ ਨੂੰ ਆਮ ਲੋਕਾਂ ਤੋਂ ਵਾਂਝਾ ਰੱਖ ਰਹੀ ਹੈ।

ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹਾ ਸੰਗਰੂਰ ਓਬੀਸੀ ਮੋਰਚਾ ਦੇ ਪ੍ਰਧਾਨ ਸੁਰੇਸ਼ ਰਾਠੀ ਤੇ ਜਰਨਲ ਸੈਕਟਰੀ ਪ੍ਰੋ. ਗਗਨ ਸ਼ੇਰਗੜ੍ਹ ਨੇ ਕੀਤਾ।

ਉਨ੍ਹਾ ਕਿਹਾ ਕਿ ਭਾਰਤ ਸਰਕਾਰ ਦੁਆਰਾ ਗਰੀਬ ਕਲਿਆਣ, ਸਿਹਤ ਸੰਭਾਲ ਤੇ ਵਿਕਾਸ ਲਈ ਬਹੁਤ ਸਾਰੀਆਂ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ, ਪਰ ਇਨ੍ਹਾਂ ਯੋਜਨਾਵਾਂ ਦੇ ਫਾਰਮ ਪੰਜਾਬ ਸਰਕਾਰ ਦੇ ਦਫਤਰਾਂ ਵਿੱਚ ਰੁਲਦੇ ਰਹਿੰਦੇ ਹਨ। ਸਰਕਾਰ ਉਨ੍ਹਾਂ 'ਤੇ ਕੋਈ ਕਾਰਵਾਈ ਨਹੀਂ ਕਰਦੀ।

ਇੱਥੋਂ ਤੱਕ ਕਿ ਭਗਵੰਤ ਮਾਨ ਆਪਣੇ ਆਪ ਨੂੰ ਵੱਡਾ ਦੇਸ਼ ਭਗਤ ਮੰਨਦੇ ਹਨ, ਪਰ ਉਨ੍ਹਾਂ ਦੀ ਸਰਕਾਰ ਪ੍ਰਦੇਸ ਦੇ ਲੋਕਾਂ ਦੀਆਂ ਭਾਵਨਾਵਾਂ ਦਾ ਬਿਲਕੁਲ ਵੀ ਖਿਆਲ ਨਹੀਂ ਰੱਖਦੀ। ਜ਼ਿਲ੍ਹਾ ਪ੍ਰਧਾਨ ਸੁਰੇਸ਼ ਰਾਠੀ ਨੇ ਕਿਹਾ ਕਿ ਜੇਕਰ ਸਰਕਾਰ ਸੁਨਾਮ ਉਧਮ ਸਿੰਘ ਵਾਲਾ 'ਚ ਤਿਰੰਗਾ ਲਗਾਉਣ ਨੂੰ ਮਨਜ਼ੂਰੀ ਨਹੀਂ ਦਿੰਦੀ ਤਾਂ ਓਬੀਸੀ ਮੋਰਚਾ ਸੰਘਰਸ਼ ਲਈ ਤਿਆਰ ਹੈ।

ਕਾਤਰਾਂ

ਮਾਂ ਭਗਵਤੀ ਝੰਡਿਆਂ ਦਾ ਪੂਜਨ ਅੱਜ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਸਥਾਨਕ ਸ਼ਹਿਰ ਵਿੱਚ ਸਥਿਤ ਗਿਆਨ ਸਾਗਰ ਪੀਰ ਮੰਦਰ ਚੈਰੀਟੇਬਲ ਟਰੱਸਟ (ਭੋਲਾ ਬਾਂਬਾ ਜੀ ਵਾਲਾ ਪੀਰਖਾਨਾ) ਵਿਖੇ ਮਾਂ ਭਗਵਤੀ ਸ਼ੋਭਾ ਯਾਤਰਾ ਮੰਡਲ ਦੀ ਮੀਟਿੰਗ ਮੰਡਲ ਦੇ ਪ੍ਰਧਾਨ ਪਵਨ ਮਿਤਲ ਦੀ ਅਗਵਾਈ ਹੇਠ ਹੋਈ। ਜਾਣਕਾਰੀ ਦਿੰਦੇ ਹੋਏ ਮੰਡਲ ਦੇ ਪ੍ਰੈੱਸ ਸਕੱਤਰ ਸੰਦੀਪ ਵਰਮਾ ਨੇ ਦੱਸਿਆ ਕਿ ਮੀਟਿੰਗ ਵਿੱਚ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਗਿਆ ਕਿ 4 ਜੁਲਾਈ ਨੂੰ ਗਿਆਨ ਸਾਗਰ ਪੀਰ ਮੰਦਰ ਚੈਰੀਟੇਬਲ ਟਰੱਸਟ (ਭੋਲਾ ਬਾਬਾ ਜੀ ਵਾਲਾ ਪੀਰਖਾਨਾ) ਵਿਖੇ ਦੁਪਹਿਰ 2 ਵਜੇ ਮਾਂ ਭਗਵਤੀ ਜੀ ਦੇ ਝੰਡਿਆਂ ਦਾ ਪੂਜਨ ਹੋਵੇਗਾ, ਉਸ ਤੋਂ ਬਾਅਦ ਮਹਾਂ ਮਾਈ ਜੀ ਦੀਆਂ ਕੰਜਕਾਂ ਵੱਲੋਂ ਜੋਤ ਪ੍ਰਚੰਡ ਕੀਤੀ ਜਾਵੇਗੀ, ਫਿਰ ਸਾਰੀਆਂ ਪਾਰਟੀਆਂ ਦੇ ਸੇਵਾਦਾਰਾਂ ਵੱਲੋਂ ਮਹਾਂਮਾਈ ਦਾ ਗੁਣਗਾਨ ਕੀਤਾ ਜਾਵੇਗਾ। ਸ਼ਾਮ 4 ਵਜੇ ਪੀਰ ਖਾਨੇ ਵਿੱਚੋਂ ਝੰਡਿਆਂ ਦੀ ਰਵਾਨਗੀ ਹੋਵੇਗੀ।

ਟੀਚਰਾਂ 'ਤੇ ਲਾਠੀਚਾਰਜ ਸਰਕਾਰ ਦੀ ਬੇਹੱਦ ਘਟੀਆ ਕਾਰਵਾਈ : ਗੁਰਸੇਵਕ ਮੱਲ੍ਹਾ

ਠਠੂਰ/ਜਗਰਾਓਂ (ਨਛੱਤਰ ਸੰਧੂ)-ਜਦੋਂ ਆਮ ਆਦਮੀ ਪਾਰਟੀ ਸੱਤਾ ਵਿੱਚ ਨਹੀਂ ਤਾਂ ਓਦੋਂ ਏਹੋ ਮਾਨ ਦੂਸਰੀਆਂ ਸਰਕਾਰਾਂ ਖਿਲਾਫ ਬੜੇ ਤੰਜ ਕਸਦੇ ਸਨ। ਇਨ੍ਹਾਂ ਬੇਰੁਜ਼ਗਾਰਾਂ ਨੂੰ ਬੜੇ ਭਰੋਸੇ ਦਿੰਦੇ ਤੇ ਵੱਡੇ ਵੱਡੇ ਵਾਅਦੇ ਕਰਦੇ ਸੀ ਕਿ ਪੰਜਾਬ ਵਿੱਚ ਇੱਕ ਵਾਰ ਸਾਡੀ ਸਰਕਾਰ ਬਣਾ ਦੋ, ਫਿਰ ਦੇਖਿਓ ਬੇਰੁਜ਼ਗਾਰੀ ਕਿਵੇਂ ਖਤਮ ਹੁੰਦੀ, ਪਰ ਹੋ ਸਭ ਕੁਝ ਇਸ ਦੇ ਉਲਟ ਰਿਹਾ। ਅੱਜ ਮਾਨ ਸਰਕਾਰ ਨੇ ਆਪਣੇ ਹੱਕ ਮੰਗਦੇ ਅਧਿਆਪਕਾਂ ਨਾਲ ਜੋ ਵਰਤਾਓ ਕੀਤਾ ਬੇਹੱਦ ਨਿੰਦਣਯੋਗ ਹੈ। ਸਰਵਜਨ ਸੇਵਾ ਪਾਰਟੀ ਮਾਨ ਸਰਕਾਰ ਦੀ ਇਸ ਘਟੀਆ ਕਾਰਵਾਈ ਦੀ ਸਖਤ ਨਿੰਦਾ ਕਰਦੀ ਹੈ ਅਤੇ ਮੈਂ ਮਾਨ ਸਰਕਾਰ ਨੂੰ ਪੁੱਛਣਾ ਚਾਹੁੰਦਾ ਹਾਂ ਕਿ ਕੀ ਤੁਸੀਂ ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੇ ਵਾਅਦੇ ਕਰਕੇ ਸੱਤਾ ਵਿੱਚ ਨਹੀਂ ? ਅੱਜ ਕਿਉਂ ਉਨ੍ਹਾਂ ਦੀਆਂ ਉਮੀਦਾਂ ਦਾ ਕਤਲ ਕਰ ਰਹੇਹੋ ? ਦਿਨੋਂ-ਦਿਨ ਪੰਜਾਬ ਦੇ ਹਾਲਾਤ ਵਿਗੜਦੇ ਜਾਂਦੇ ਹਨ, ਪਰ ਬਾਹਰੀ ਸੂਬਿਆਂ 'ਚ ਕੂੜ ਪ੍ਰਚਾਰ ਕੀਤਾ ਜਾ ਰਿਹਾ, ਜੋ ਪੰਜਾਬ ਨੂੰ ਲੈ ਕੇ ਨਿਰਾ ਝੂਠ ਹੈ, ਸੱਚ ਤਾਂ ਇਹ ਹੈ ਕਿ ਪੰਜਾਬ ਸਰਕਾਰ ਨਾ ਤਾਂ ਬੇਰੁਜ਼ਗਾਰੀ ਦਰ ਘੱਟ ਕਰਨ ਲਈ ਕੁਝ ਕਰ ਸਕੀ, ਨਾ ਹੀ ਅਮਨ ਕਾਨੂੰਨ ਕਾਇਮ ਰੱਖਣ ਵਿੱਚ ਸਫਲ ਹੋਈ। ਨਸ਼ੇ ਨਾਲ ਪੰਜਾਬ ਵਿੱਚ ਹਰ ਰੋਜ਼ ਨੌਜਵਾਨਾਂ ਦੀਆਂ ਜਾਨਾਂ ਜਾ ਰਹੀਆਂ ਨੇ ਤੇ ਸੂਬੇ ਅੰਦਰ ਹਾਹਾਕਾਰ ਮੱਚੀ ਹੋਈ ਆ।

ਤੇਜਿੰਦਰ ਸਿੰਘ ਦਿਉਲ ਅਕਾਲੀ ਦਲ ਅੰਮ੍ਰਿਤਸਰ ਯੂਥ ਵਿੰਗ ਦੇ ਕਾਰਜਕਾਰੀ ਇੰਚਾਰਜ ਨਿਯੁਕਤ

ਮਮਦੋਟ (ਜਸਬੀਰ ਸਿੰਘ ਕੰਬੋਜ)-ਸ਼੍ਰੋਮਣੀ ਅਕਾਲੀ ਦਲ (ਅ) ਦੇ ਪ੍ਰਧਾਨ ਤੇ ਮੈਂਬਰ ਪਾਰਲੀਮੈਂਟ ਸ: ਸਿਮਰਨਜੀਤ ਸਿੰਘ ਮਾਨ ਨੇ ਅਹਿਮ ਫੈਸਲਾ ਲੈਂਦਿਆਂ ਜ਼ਿਲ੍ਹਾ ਫਿਰੋਜ਼ਪੁਰ ਦੇ ਕਸਬਾ ਮਮਦੋਟ ਦੇ ਵਸਨੀਕ ਤੇਜਿੰਦਰ ਸਿੰਘ ਦਿਉਲ ਨੂੰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਯੂਥ ਵਿੰਗ ਦੇ ਕਾਰਜਕਾਰੀ ਇੰਚਾਰਜ ਦੇ ਤੌਰ 'ਤੇ ਨਿਯੁਕਤ ਕੀਤਾ ਹੈ। ਪੰਜਾਬ ਦੇ ਨੌਜਵਾਨ ਵਰਗ ਵਿੱਚ ਪੰਥਕ ਜਜ਼ਬਾ ਤੇ ਕੌਮਪ੍ਰਸਤੀ ਪੈਦਾ ਕਰਨ ਲਈ ਅਜਿਹਾ ਕਰਨਾ ਪਾਰਟੀ ਲਈ ਲਾਹੇਵੰਦ ਹੋਵੇਗਾ। ਪਾਰਟੀ ਦੇ ਸਪੈਸ਼ਲ ਸਕੱਤਰ ਗੁਰਜੰਟ ਸਿੰਘ ਕੱਟੂ ਨੇ ਪ੍ਰੈੱਸ ਨੋਟ ਰਾਹੀਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ: ਤੇਜਿੰਦਰ ਸਿੰਘ ਦਿਉਲ ਪੰਥਕ ਸੋਚ ਰੱਖਣ ਵਾਲੇ ਉਤਸ਼ਾਹੀ ਨੌਜਵਾਨ ਹਨ, ਪਿਛਲੇ ਦੋ ਦਹਾਕਿਆਂ ਤੋਂ ਯੂਥ ਵਿੰਗ ਫਿਰੋਜ਼ਪੁਰ ਦੇ ਜ਼ਿਲ੍ਹਾ ਪ੍ਰਧਾਨ ਦੇ ਤੌਰ 'ਤੇ ਸੇਵਾਵਾਂ ਨਿਭਾਅ ਚੁੱਕੇ ਹਨ। ਇੱਕ ਬਿਆਨ ਰਾਹੀਂ ਸ: ਦਿਓਲ ਨੇ ਵਿਸ਼ਵਾਸ ਦੁਆਇਆ ਕਿ ਉਹ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਉਣ 'ਤੇ ਮਿਲੀ ਜ਼ੁੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣ ਦਾ ਪੂਰਾ ਪੂਰਾ ਯਤਨ ਕਰਨਗੇ। ਸ: ਦਿਓਲ ਦੇ ਯੂਥ ਵਿੰਗ ਦੇ ਕਾਰਜਕਾਰੀ ਇੰਚਾਰਜ ਨਿਯੁਕਤ ਕੀਤੇ ਜਾਣ 'ਤੇ ਕਸਬਾ ਮਮਦੋਟ ਤੇ ਜ਼ਿਲ੍ਹਾ ਫਿਰੋਜ਼ਪੁਰ ਦੇ ਪੰਥਕ ਜਜ਼ਬਾ ਰੱਖਣ ਵਾਲੇ ਨੌਜਵਾਨਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।

ਦੱੜੇ-ਸੱਟੇ

4-July-PAGE-11-Majha.qxd 7/3/2023 10:43 PM Page 1

ਟਾਹਲੀ ਸਾਹਿਬ ਤੇ ਸਿੱਧਵਾਂ ਦੀਆਂ ਪੰਚਾਇਤਾਂ ਆਮ ਆਦਮੀ ਪਾਰਟੀ 'ਚ ਸ਼ਾਮਲ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਆਮ ਆਦਮੀ ਪਾਰਟੀ ਮਜੀਠਾ ਦੇ ਹਲਕਾ ਇੰਚਾਰਜ ਸੁਖਜਿੰਦਰਰਾਜ ਸਿੰਘ ਲਾਲੀ ਮਜੀਠੀਆ ਵੱਲੋਂ ਹਲਕੇ ਦੀਆਂ ਦੋ ਵੱਖ-ਵੱਖ ਪੰਚਾਇਤਾਂ ਸਮੇਤ ਦਰਜਨਾਂ ਪਰਿਵਾਰਾਂ ਨੂੰ ਪਾਰਟੀ ਵਿਚ ਰਸਮੀ ਤੌਰ 'ਤੇ ਸ਼ਾਮਿਲ ਕੀਤਾ ਗਿਆ। ਡਾਕਟਰ ਸਤਿੰਦਰ ਕੌਰ ਗਿੱਲ ਨੇ ਸਵਾਗਤ ਕਰਦਿਆਂ ਕਿਹਾ ਕਿ ਪਾਰਟੀ ਦੇ ਸ਼ਲਾਘਾਯੋਗ ਕੰਮਾਂ ਅਤੇ ਹਰਮਨ ਪਿਆਰਤਾ ਸਦਕਾ ਜਿਥੇ ਲੋਕ ਆਪ ਮੁਹਾਰੇ ਪਾਰਟੀ ਵੱਲ ਕਦਮ ਵਧਾ ਰਹੇ ਹਨ, ਉਥੇ ਅੱਜ ਟਾਹਲੀ ਸਾਹਿਬ ਅਤੇ ਸਿੱਧਵਾਂ ਦੀਆਂ ਪੰਚਾਇਤਾਂ ਨੂੰ ਆਪ ਵਿੱਚ ਸ਼ਾਮਿਲ ਕਰਵਾਉਣ ਲਈ ਟਾਹਲੀ ਸਾਹਿਬ ਤੋਂ ਪਾਰਟੀ ਦੇ ਸਰਗਰਮ ਵਲੰਟੀਅਰ ਬਲਿਹਾਰ ਸਿੰਘ ਤੇ ਰਸ਼ਪਾਲ ਸਿੰਘ ਦਾ ਅਹਿਮ ਯੋਗਦਾਨ ਹੈ। ਸੁਖਜਿੰਦਰ ਰਾਜ ਸਿੰਘ ਲਾਲੀ ਮਜੀਠੀਆ ਨੇ ਟਾਹਲੀ ਸਾਹਿਬ ਦੇ ਮੌਜੂਦਾ ਸਰਪੰਚ ਕੰਵਲਜੀਤ ਸਿੰਘ ਦੇ ਗ੍ਰਹਿ ਵਿਖੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਦਿਨ-ਰਾਤ ਕੀਤੀ ਜਾ ਰਹੀ ਅਣਥੱਕ ਮਿਹਨਤ, ਵਿਕਾਸਸ਼ੀਲ ਤੇ ਸ਼ਲਾਘਾਯੋਗ ਕਦਮਾਂ ਸਦਕਾ ਲੀਹੋਂ ਲੱਥਾ ਪੰਜਾਬ ਮੁੜ ਲੀਹਾਂ 'ਤੇ ਆ ਰਿਹਾ ਹੈ। ਇਸ ਮੌਕੇ ਸਰਪੰਚ ਕੰਵਲਜੀਤ ਸਿੰਘ ਟਾਹਲੀ ਸਾਹਿਬ, ਪੰਚ ਗੁਰਦੀਪ ਸਿੰਘ, ਪੰਚ ਸਰਦੂਲ ਸਿੰਘ, ਪੰਚ ਸੁਖਦੇਵ ਸਿੰਘ, ਪੰਚ ਦਲਜੀਤ ਕੌਰ, ਸਤਨਾਮ ਸਿੰਘ, ਬਲਦੇਵ ਸਿੰਘ, ਗੁਰਜੀਤ ਸਿੰਘ, ਰਸ਼ਪਾਲ ਸਿੰਘ, ਸੁਬੇਗ ਸਿੰਘ, ਅਜੀਤ ਸਿੰਘ, ਲਖਵਿੰਦਰ ਸਿੰਘ, ਡਾ. ਅਜੀਤ ਸਿੰਘ, ਲਖਵਿੰਦਰ ਸਿੰਘ ਬੱਲ, ਗੁਰਲਾਲਜੀਤ ਸਿੰਘ, ਹਰਮਨਜੋਤ ਸਿੰਘ, ਨਰਿੰਦਰ ਸਿੰਘ, ਜਗਨਦੀਪ ਸਿੰਘ, ਸੋਨੂੰ, ਵਰਿੰਦਰ ਸਿੰਘ, ਨਵਨੀਤ ਸਿੰਘ ਅਤੇ ਸਿੱਧਵਾਂ ਤੋਂ ਸਰਪੰਚ ਕੁਲਵਿੰਦਰ ਸਿੰਘ ਰੀਟਾ ਦੀ ਸਮੁੱਚੀ ਪੰਚਾਇਤ ਵੀ ਸ਼ਾਮਿਲ ਹੋਈ ਹੈ।

ਹਰਦੀਪ ਸਿੰਘ ਤਰਫਾਨ ਨੂੰ ਸਦਮਾ, ਮਾਤਾ ਦਾ ਦਿਹਾਂਤ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)—ਪਿੰਡ ਤਰਫਾਨ ਦੇ ਸਾਬਕਾ ਮੈਂਬਰ ਪੰਚਾਇਤ ਹਰਦੀਪ ਸਿੰਘ ਸ਼ਾਹ ਨੂੰ ਉਸ ਵੇਲੇ ਭਾਰੀ ਸਦਮਾ ਲੱਗਾ ਜਦੋਂ ਉਨ੍ਹਾਂ ਦੀ ਮਾਤਾ ਅਮਰੀਕ ਕੌਰ ਦਾ ਦਿਹਾਂਤ ਹੋ ਗਿਆ। ਅੰਤਿਮ ਸੰਸਕਾਰ ਪਿੰਡ ਤਰਫਾਨ ਵਿਖੇ ਕਰ ਦਿੱਤਾ ਗਿਆ। ਇਸ ਦੁੱਖ ਦੀ ਘੜੀ ਵਿਚ ਸੰਤ ਬਾਬਾ ਸੱਜਣ ਸਿੰਘ, ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ, ਇੰਚਾਰਜ ਤਲਬੀਰ ਸਿੰਘ ਗਿੱਲ, ਸਾਬਕਾ ਚੇਅਰਮੈਨ ਸੁਖਵਿੰਦਰ ਸਿੰਘ ਗੋਲਡੀ, ਸੀਨੀਅਰ ਭਾਜਪਾ ਆਗੂ ਅਤੇ ਹਲਕਾ ਜੰਡਿਆਲਾ ਦੇ ਇੰਚਾਰਜ ਡਾਕਟਰ ਦਲਬੀਰ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਬਿਕਰਮਜੀਤ ਸਿੰਘ ਕੋਟਲਾ, ਜੋਧ ਸਿੰਘ ਸਮਰਾ, ਯੂਥ ਅਕਾਲੀ ਆਗੂ ਪ੍ਰੇਮ ਸਿੰਘ ਬਾਠ, ਹਰਦੀਪ ਸਿੰਘ ਜੰਡ, ਬਾਬਾ ਗੁਰਭੇਜ ਸਿੰਘ ਖਾਲਸਾ, ਸਾਬਕਾ ਸਰਪੰਚ ਧਰਮ ਸਿੰਘ ਸਾਧਪੁਰ, ਤਜਿੰਦਰ ਸਿੰਘ ਤਰਫਾਨ, ਸਤਨਾਮ ਸਿੰਘ ਬਾਠ, ਬਾਬਾ ਗੁਰਦੀਪ ਸਿੰਘ ਖਜਾਲੇਵਾਲੇ, ਝਿਲਮਿਲ ਸਿੰਘ ਬਾਠ ਸਾਧਪੁਰ ਆਦਿ ਆਗੂਆਂ ਨੇ ਮਾਤਾ ਅਮਰੀਕ ਕੌਰ ਦੇ ਦਿਹਾਂਤ 'ਤੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਹਰਦੀਪ ਸਿੰਘ ਨਾਲ ਹਮਦਰਦੀ ਦਾ ਇਜ਼ਹਾਰ ਕੀਤਾ। ਮਾਤਾ ਅਮਰੀਕ ਕੌਰ ਨਮਿਤ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਇਨ੍ਹਾਂ ਦੇ ਗ੍ਰਹਿ ਤਰਫਾਨ ਵਿਖੇ 9 ਜੁਲਾਈ ਨੂੰ ਪੈਣਗੇ।

ਪਿੰਡ-ਪਿੰਡ ਗਲੀ-ਗਲੀ ਜਾ ਕੇ ਲੋਕਾਂ ਦੀਆਂ ਮੁਸ਼ਕਲਾਂ ਸੁਣਨਾ ਸ਼ਲਾਘਾਯੋਗ : ਕੰਵਲਜੀਤ

ਤਰਨ ਤਾਰਨ (ਸਾਗਰਦੀਪ ਸਿੰਘ ਅਰੋੜਾ)-ਵਿਧਾਨ ਸਭਾ ਹਲਕਾ ਤਰਨਤਾਰਨ ਦੇ ਅਧੀਨ ਪੈਂਦੇ ਪਿੰਡ ਠੱਠਾ ਦੇ ਸਰਪੰਚ ਕੰਵਲਜੀਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਵੱਲੋਂ ਹਲਕਾ ਵਿਧਾਇਕ ਪਿੰਡ-ਪਿੰਡ ਗਲੀ-ਗਲੀ ਮੁਹਿੰਮ ਨੂੰ ਸ਼ੁਰੂ ਕਰਨਾ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਪਾਰਟੀ ਦੇ ਵਿਧਾਇਕ ਨੇ ਪਿੰਡਾਂ ਵਿੱਚ ਜਾਂ ਗਲੀਆਂ ਵਿਚ ਜਾ ਕੇ ਆਮ ਲੋਕਾਂ ਦੀਆਂ ਮੁਸ਼ਕਲਾਂ ਨਹੀਂ ਸੀ ਸੁਣੀਆਂ ਪਰ ਵਿਧਾਇਕ ਕਸ਼ਮੀਰ ਸਿੰਘ ਵੱਲੋਂ ਪਿੰਡ ਪਿੰਡ ਅਤੇ ਗਲੀ-ਗਲੀ ਜਾ ਕੇ ਹਲਕੇ ਦੀ ਲੋਕਾਂ ਦੀਆਂ ਮੁਸਕਿਲਾਂ ਨੂੰ ਸੁਣਨ ਜਾ ਰਹੇ ਹਨ ਅਤੇ ਉਨ੍ਹਾਂ ਨੂੰ ਹੱਲ ਕਰਨ ਦੇ ਯਤਨ ਵੀ ਕਰ ਰਹੇ ਹਨ ਜਿਸ ਕਾਰਨ ਇਲਾਕੇ ਦੇ ਲੋਕ ਉਹਨਾਂ ਦੀ ਪ੍ਰਸੰਸਾ ਕਰ ਰਹੇ ਹਨ। ਸਰਪੰਚ ਕੰਵਲਜੀਤ ਨੇ ਕਿਹਾ ਕਿ ਵਿਧਾਇਕ ਵੱਲੋਂ ਪਿੰਡਾਂ ਦਾ ਵਿਕਾਸ ਵੀ ਜੰਗੀ ਪੱਧਰ 'ਤੇ ਕਰਵਾਇਆ ਜਾ ਰਿਹਾ ਹੈ ਅਤੇ ਉਨ੍ਹਾਂ ਵੱਲੋਂ ਯਤਨ ਕੀਤੇ ਜਾ ਰਹੇ ਹਨ ਕਿ ਪਿੰਡਾਂ ਨੂੰ ਵੀ ਸ਼ਹਿਰਾਂ ਵਰਗੀਆਂ ਸਹੂਲਤਾਂ ਦਿੱਤੀਆਂ ਜਾਣ ਤੇ ਉਨ੍ਹਾਂ ਨੂੰ ਆਸ ਹੈ ਕਿ ਵਿਧਾਇਕ ਵੱਲੋਂ ਹਲਕੇ ਦੇ ਵਿਕਾਸ ਵਿਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਔਡੀ ਇੰਡੀਆ ਵੱਲੋਂ 2023 ਦੀ ਪਹਿਲੀ ਛਿਮਾਹੀ ਦੌਰਾਨ ਵਿਕਰੀ 'ਚ 97% ਵਾਧਾ ਦਰਜ

ਲੁਧਿਆਣਾ : ਆਡੀ, ਜਰਮਨ ਲਗਜ਼ਰੀ ਕਾਰ ਨਿਰਮਾਤਾ ਕੰਪਨੀ ਨੇ ਉੱਚ ਮੰਗ, ਲਗਜ਼ਰੀ ਕਾਰ ਬਾਜ਼ਾਰ ਵਿੱਚ ਵਾਧੇ, ਅਨੁਕੂਲ ਆਰਥਿਕ ਸਥਿਤੀਆਂ ਅਤੇ ਬਦਲਦੇ ਜਨਸੰਖਿਆ ਦੇ ਕਾਰਨ ਆਪਣੀ ਮਜ਼ਬੂਤ ਵਿਕਰੀ ਪ੍ਰਦਰਸ਼ਨ ਨੂੰ ਬਰਕਰਾਰ ਰੱਖਿਆ ਹੈ। ਜਨਵਰੀ ਤੋਂ ਜੂਨ 2023 ਦੀ ਮਿਆਦ ਵਿੱਚ ਕੰਪਨੀ ਨੇ ਕੁੱਲ 3,474 ਯੂਨਿਟਾਂ ਵੇਚੀਆਂ ਜੋ ਪਿਛਲੇ ਸਾਲ ਦੀ ਇਸੇ ਮਿਆਦ ਦੇ ਮੁਕਾਬਲੇ 97% ਦੀ ਸ਼ਾਨਦਾਰ ਵਾਧਾ ਹੈ। ਆਡੀ ਇੰਡੀਆ ਦੇ ਮੁਖੀ ਬਲਬੀਰ ਸਿੰਘ ਢਿੱਲੋਂ ਨੇ ਕਿਹਾ ਕਿ ਪਲਾਈ ਚੇਨ ਵਿੱਚ ਚੁਣੌਤੀਆਂ ਅਤੇ ਵਧਦੀਆਂ ਲਾਗਤਾਂ ਦੇ ਬਾਵਜੂਦ ਸਾਲ ਦੇ ਪਹਿਲੇ ਅੱਧ ਵਿੱਚ ਸਾਡੀ ਵਿਕਰੀ ਨੇ ਇੱਕ ਸਫਲ ਦੂਜੇ ਅੱਧ ਲਈ ਮਜ਼ਬੂਤ ਨੀਂਹ ਰੱਖੀ ਹੈ। ਸਾਡੇ ਪ੍ਰਸਿੱਧ ਮਾਡਲ ਜਿਵੇਂ ਕਿ ਔਡੀ ਕਿਊ3, ਔਡੀ ਕਿਊ3 ਸਪੋਰਟਬੈਕ, ਔਡੀ ਕਿਊ5, ਔਡੀ ੲੇ4 ਅਤੇ ਔਡੀ ੲੇ6 ਦੀ ਮੰਗ ਬੜੀ ਜ਼ੋਰਾਂ 'ਤੇ ਹੈ।

ਲੇਪਰਡ ਐਕਸਪੀਡੀਸ਼ਨਜ਼ ਦੀ ਜਾਂਸਕਰ ਲੇਹ ਮੁਹਿੰਮ ਸੰਪੰਨ

ਚੰਡੀਗੜ੍ਹ : ਲੇਪਰਡ ਐਕਸਪੀਡੀਸ਼ਨਜ਼ ਦੀ 10 ਰੋਜ਼ਾ ਜਾਂਸਕਾਰ ਲੇਹ ਮੁਹਿੰਮ ਦੀ ਸਮਾਪਤੀ ਤੋਂ ਬਾਅਦ ਸ਼ਹਿਰ ਵਿੱਚ ਪਹੁੰਚ ਗਈ। ਬਰਫੀਲੇ ਚੀਤਿਆਂ ਦੀ ਜਾਨ ਬਚਾਉਣ ਦੇ ਸੰਦੇਸ਼ ਦੇ ਨਾਲ ਪਹਾੜੀ ਖੇਤਰਾਂ ਵਿੱਚ ਸਾਹਸੀ ਡਰਾਈਵਿੰਗ ਦੇ ਸ਼ੌਕੀਨਾਂ ਲਈ ਇੱਕ ਰੋਮਾਂਚਕ ਸਵੇ-ਡਰਾਈਵ ਮੁਹਿੰਮ ਦੀ ਅਗਵਾਈ ਇੰਚਾਰਜ ਨਿਖਿਲ ਵਰਮਾ, ਈਸ਼ਾਨ ਭਾਗਰਾ ਅਤੇ ਸੁਧੀਰ ਕੁਮਾਰ ਅਤੇ ਸਿਧਾਰਥ ਜਿਲਥਾ ਵਲੋਂ ਕੀਤੀ ਗਈ, ਜਿਸ ਵਿੱਚ ਰਾਜਸਥਾਨ, ਪੰਜਾਬ, ਗੁਜਰਾਤ ਦੇ ਕਾਰ ਸਵਾਰ ਸ਼ਾਮਲ ਹਰਿਆਣਾ ਅਤੇ ਚੰਡੀਗੜ੍ਹ ਸ਼ਾਮਲ ਸਨ। ਟੀਮ ਇੰਚਾਰਜ ਈਸ਼ਾਨ ਭਾਗੜਾ ਨੇ ਦੱਸਿਆ ਕਿ ਇੰਡੀਅਨ ਆਇਲ ਅਤੇ ਮੈਕਰੋਸ ਐਕਸਪੀਡੀਸ਼ਨਜ਼ ਦੇ ਸਹਿਯੋਗ ਨਾਲ ਪੂਰੀ ਕੀਤੀ ਗਈ ਜਾਂਸਕਰ-ਲੇਹ ਡਰਾਈਵ ਪੂਰੀ ਤਰ੍ਹਾਂ ਪਹਾੜੀ ਖੇਤਰਾਂ ਵਿੱਚ ਐਡਵੈਂਚਰ ਡਰਾਈਵਿੰਗ ਦੇ ਸ਼ੌਕੀਨਾਂ ਲਈ ਇੱਕ ਰੋਮਾਂਚਕ ਸੈਲਫ-ਡ੍ਰਾਈਵ ਸਾਬਤ ਹੋਈ ਅਤੇ ਸਾਰਿਆਂ ਨੇ ਪਹਾੜਾਂ ਵਿੱਚ ਡਰਾਈਵਿੰਗ ਦਾ ਜੋਸ਼ ਨਾਲ ਆਨੰਦ ਲਿਆ। ਸਾਹਸ ਦੀ ਭਾਵਨਾ ਦਿਖਾਈ। ਈਸ਼ਾਨ ਨੇ ਦੱਸਿਆ ਕਿ ਉਨ੍ਹਾਂ ਵਲੋਂ ਜਾਂਸਕਾਰ-ਲੇਹ ਸਰਕਟ 2.0 ਐਡੀਸ਼ਨ ਨੂੰ ਸਫਲਤਾਪੂਰਵਕ ਪੂਰਾ ਕਰ ਲਿਆ ਹੈ। ਉਨ੍ਹਾਂ ਦੱਸਿਆ ਕਿ ਇਹ ਡਰਾਈਵ 23 ਮਈ ਨੂੰ ਚੰਡੀਗੜ੍ਹ ਤੋਂ ਮਨਾਲੀ, ਰੋਂਬੋ, ਪਦੁਮ, ਲੇਹ, ਨੁਬਰਾ, ਤੁਰਤੁਕ, ਪੇਂਗੋਂਗ ਤੋਂ ਸ਼ੁਰੂ ਹੋ ਕੇ ਕੁੱਲੂ ਤੋਂ ਵਾਪਸ ਚੰਡੀਗੜ੍ਹ ਪਹੁੰਚੀ।

ਗੁਰਭੇਜ ਸਿੰਘ ਰੱਬ ਨੇ 37 ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ

ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਪੱਟੀ ਹਲਕੇ ਦੇ ਪਿੰਡ ਧਾਰੀਵਾਲ ਤੋਂ ਉੱਘੇ ਸਮਾਜਸੇਵੀ ਗੁਰਭੇਜ ਸਿੰਘ ਰੱਬ ਵੱਲੋਂ 37 ਲੋੜਵੰਦ ਪਰਿਵਾਰ ਨੂੰ ਰਾਸ਼ਨ ਵੰਡਿਆ ਗਿਆ। ਜ਼ਿਕਰਯੋਗ ਹੈ ਕਿ ਭਾਈ ਗੁਰਭੇਜ ਸਿੰਘ ਲੰਬੇ ਸਮੇਂ ਤੋਂ ਨਿਸ਼ਕਾਮ ਸੇਵਾਵਾਂ ਨਿਭਾਉਂਦੇ ਆ ਰਹੇ ਹਨ। ਹਰ ਮਹੀਨੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਦੀ ਸੇਵਾ, ਲੋੜਵੰਦ ਪਰਿਵਾਰਾਂ ਦੀਆਂ ਬੱਚੀਆਂ ਦੇ ਵਿਆਹ ਕਰਵਾਏ ਜਾਂਦੇ ਹਨ। ਵਾਤਾਵਰਨ ਦੀ ਸੰਭਾਲ ਲਈ 400 ਰੁੱਖ ਲਗਾਏ। ਭਾਈ ਸਾਹਿਬ ਮੈਡੀਕਲ ਸਹਾਇਤਾ ਕਰਨਾ, ਗੁਰਮਤਿ ਕਲਾਸਾਂ ਰਾਹੀਂ ਬੱਚਿਆਂ ਨੂੰ ਗੁਰਬਾਣੀ ਨਾਲ ਜੋੜਨਾ, ਨਸ਼ਿਆਂ ਤੋਂ ਬਚਾਉਣ ਲਈ ਵੱਡਾ ਉਪਰਾਲਾ ਕਰਨਾ, ਸਕੂਲ ਵਿੱਚ ਬੱਚਿਆਂ ਨੂੰ ਬੂਟ, ਕਾਪੀਆਂ ਲੈ ਕੇ ਦੇਣਾ, ਖੇਡ ਕਿੱਟਾਂ ਵੰਡਣੀਆਂ ਅਤੇ ਗਰਮੀ-ਸਰਦੀ ਵਾਲੇ ਸੂਟ ਤੇ ਕੰਬਲ ਆਦਿ ਦੇਣ ਦੀਆਂ ਸੇਵਾਵਾਂ ਨਿਭਾਉਂਦੇ ਹਨ। ਇਹ ਸੇਵਾਵਾਂ ਜ਼ਿਆਦਾਤਰ ਭਾਈ ਗੁਰਭੇਜ ਸਿੰਘ ਰੱਬ ਵੱਲੋਂ ਆਪਣੇ ਕੋਲੋਂ ਹੀ ਪਰਿਵਾਰਕ ਮੈਂਬਰਾਂ ਦੇ ਸਹਿਯੋਗ ਨਾਲ ਨਿਭਾਈਆਂ ਜਾਂਦੀਆਂ ਹਨ। ਬਾਹਰੋਂ ਕੋਈ ਉਗਰਾਹੀ ਨਹੀਂ ਕੀਤੀ ਜਾਂਦੀ ਨਾ ਕਿਤਿਓਂ ਬਾਹਰੋਂ ਪੈਸਾ ਮੰਗਵਾਇਆ ਜਾਂਦਾ। ਸਾਰਾ ਪੈਸਾ ਕੋਲੋਂ ਲਗਾ ਕੇ ਲੋੜਵੰਦਾਂ ਦੀ ਮਦਦ ਕੀਤੀ ਜਾਂਦੀ ਹੈ। ਸਮਾਜ ਸੇਵੀ ਗੁਰਭੇਜ ਸਿੰਘ ਰੱਬ, ਗੁਰਜੀਤ ਸਿੰਘ ਕਾਲੇ, ਗੁਰਦੇਵ ਸਿੰਘ ਮਾੜੀ ਕੰਬੋਕੇ, ਸਤਨਾਮ ਸਿੰਘ ਜੰਡ, ਗੁਰਸਾਬ ਸਿੰਘ ਪਹੂਵਿੰਡ, ਸੁਖਬੀਰ ਸਿੰਘ ਪਹੂਵਿੰਡ, ਚਰਨਜੀਤ ਸਿੰਘ ਫੌਜੀ ਧਾਰੀਵਾਲ, ਗੁਰਲਾਲ ਸਿੰਘ ਗੁਰੀ ਧਾਰੀਵਾਲ ਆਦਿ ਹਾਜ਼ਰ ਸਨ।

ਪੰਜਾਬ ਕਿਸਾਨ ਯੂਨੀਅਨ ਨੇ ਡੇਰਾ ਬਾਬਾ ਨਾਨਕ ਦੇ ਥਾਣੇ ਅੱਗੇ ਲਾਇਆ ਧਰਨਾ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪੰਜਾਬ ਕਿਸਾਨ ਯੂਨੀਅਨ ਵਲੋਂ ਡੇਰਾ ਬਾਬਾ ਨਾਨਕ ਦੇ ਥਾਣੇ ਮੋਹਰੇ ਧਰਨਾ ਦਿੱਤਾ ਗਿਆ। ਧਰਨੇ ਵਿੱਚ ਬੋਲਦਿਆ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਅਸ਼ਵਨੀ ਕੁਮਾਰ ਲੱਖਣਕਲਾਂ, ਸੂਬਾਈ ਆਗੂ ਸੁਖਦੇਵ ਸਿੰਘ ਭਾਗੋਕਾਵਾਂ, ਕਰਮਜੀਤ ਸਿੰਘ ਸੰਧੂ ਅਤੇ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬੱਖਤਪੁਰਾ ਨੇ ਡੇਰਾ ਬਾਬਾ ਨਾਨਕ ਦੀ ਪੁਲਸ ਅਤੇ ਇਕ ਧਨਾਢ ਕਿਸਾਨ ਵੱਲੋਂ ਮਿਲੀਭੁਗਤ ਕਰਕੇ ਘਣੀਏ ਕੇ ਬੇਟ ਦੇ ਇਕ ਦਲਿਤ ਅਤੇ ਗਰੀਬ ਮੁਜਾਰੇ ਕਿਸਾਨ ਦੀ ਜ਼ਮੀਨ ਉਪਰ ਕਬਜ਼ਾ ਕਰਨ ਦੀਆਂ ਕੋਸ਼ਿਸ਼ਾਂ ਕਰਨ ਦੇ ਦੋਸ਼ ਲਾਉਂਦਿਆਂ ਕਿਹਾ ਕਿ ਜਗੀਰ ਸਿੰਘ ਦਾ ਪਰਿਵਾਰ ਦਹਾਕਿਆਂ ਤੋਂ ਕਸਟੋਡੀਅਮ ਦੀ 6 ਏਕੜ ਜ਼ਮੀਨ ਉਪਰ ਖੇਤੀ ਕਰ ਰਿਹਾ ਹੈ, ਜਿਸ ਪਰਿਵਾਰ ਦੀ ਰਿਹਾਇਸ਼ ਵੀ ਇਸ ਜ਼ਮੀਨ ਵਿਚ ਹੀ ਸਥਿਤ ਹੈ। ਹੁਣ ਜਦੋਂ ਇਹ ਪਰਿਵਾਰ ਝੋਨੇ ਦੀ ਫਸਲ ਬੀਜਣ ਦੀ ਤਿਆਰੀ ਕਰਨ ਲੱਗਾ ਤਾਂ ਸੱਤਾਧਾਰੀ ਪਾਰਟੀ ਨਾਲ ਸਬੰਧਤ ਧਰਮ ਕੋਟ ਦੇ ਇੱਕ ਧਨਾਢ ਕਿਸਾਨ ਨੇ ਪੁਲਸ ਦੀ ਮਦਦ ਨਾਲ ਜਗੀਰ ਸਿੰਘ ਮੁਜਾਰੇ ਨੂੰ ਜ਼ਮੀਨ ਵਾਹੁਣ ਤੋਂ ਰੋਕ ਦਿੱਤਾ। ਇਸ ਪੀੜਤ ਮੁਜਾਰੇ ਵਲੋਂ ਐਸਐਸਪੀ ਬਟਾਲਾ, ਐਸਐਚਓ ਡੇਰਾ ਬਾਬਾ ਨਾਨਕ ਅਤੇ ਧਰਮ ਕੋਟ ਦੇ ਚੌਕੀ ਇੰਚਾਰਜ ਨੂੰ ਵਾਰ ਵਾਰ ਮਿਲ ਕੇ ਜ਼ਮੀਨ ਵਹਾਉਣ ਦੀ ਗੁਹਾਰ ਲਗਾਈ ਹੈ ਪਰ ਪੁਲਸ ਵੱਲੋਂ ਮੁਜਾਰੇ ਕਿਸਾਨ ਦੀ ਕੋਈ ਮਦਦ ਨਹੀਂ ਕੀਤੀ ਜਾ ਰਹੀ, ਪੁਲਸ ਉਸ ਨੂੰ ਨਿਸ਼ਾਨਦੇਹੀ ਕਰਾਉਣ ਦੀਆਂ ਹਦਾਇਤਾਂ ਕਰ ਰਹੀ ਹੈ ਜਦੋਂਕਿ ਮੁਜਾਰੇ ਕਿਸਾਨ ਦਾ ਕਹਿਣਾ ਹੈ ਕਿ ਉਸਦਾ ਰਕਬਾ ਬਿਲਕੁਲ ਸਹੀ ਥਾਂ ਉੱਪਰ ਹੈ, ਉਸ ਵਿਚ ਕਿਸੇ ਦੀ ਜ਼ਮੀਨ ਦਾ ਕੋਈ ਵਾਧਾ ਘਾਟਾ ਨਹੀਂ ਹੈ। ਇਸ ਰਕਬੇ ਦਾ ਮੁਜਾਰੇ ਕਿਸਾਨ ਵਲੋਂ ਬਕਾਇਦਾ ਲਗਾਨ ਵੀ ਭਰਿਆ ਜਾ ਰਿਹਾ ਹੈ। ਆਗੂਆਂ ਕਿਹਾ ਕਿ ਭੂ ਮਾਫੀਆ ਅਤੇ ਪੁਲਸ ਦੇ ਗਠਜੋੜ ਨੂੰ ਦਲਿਤ ਮੁਜਾਰੇ ਦੀ ਜ਼ਮੀਨ ਉਪਰ ਕਿਸੇ ਵੀ ਹਾਲਤ ਵਿੱਚ ਕਬਜ਼ਾ ਨਹੀਂ ਕਰਨ ਦਿੱਤਾ ਜਾਵੇਗਾ। ਇਸ ਸਮੇਂ ਲਖਵਿੰਦਰ ਸਿੰਘ ਰੋਸਾ, ਗੁਰਦੀਪ ਸਿੰਘ ਕਾਮਲਪੁਰਾ, ਕੁਲਵੰਤ ਸਿੰਘ ਰਾਮਦੀਵਾਲੀ, ਰਣਜੀਤ ਸਿੰਘ ਲਾਲੀ, ਸੁਰਜੀਤ ਸਿੰਘ ਬਾਜਵਾ, ਸਤਨਾਮ ਸਿੰਘ, ਬਲਵਿੰਦਰ ਸਿੰਘ, ਹਰਜਿੰਦਰ ਸਿੰਘ ਸਪਰਾਕੋਠੀ ਅਤੇ ਧੀਰ ਸਿੰਘ ਸ਼ਾਮਲ ਸਨ।

ਸਰਕਾਰੀ ਹਸਪਤਾਲਾਂ ਦੀ ਥਾਂ ਮੁਹੱਲਾ ਕਲੀਨਿਕ ਖੋਲ੍ਹਣ ਖ਼ਿਲਾਫ਼ ਰੋਸ ਧਰਨਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸੰਯੁਕਤ ਕਿਸਾਨ ਮੋਰਚੇ ਵਿੱਚ ਕੰਮ ਕਰਦੀਆਂ ਕਿਸਾਨ ਜਥੇਬੰਦੀਆਂ ਜਮਹੂਰੀ ਕਿਸਾਨ ਸਭਾ ਪੰਜਾਬ ਅਤੇ ਬਾਰਡਰ ਏਰੀਆ ਸੰਘਰਸ਼ ਕਮੇਟੀ ਇਤਿਹਾਸਕ ਪਿੰਡ ਭਕਨਾ ਅਤੇ ਅਟਾਰੀ ਸਥਿਤ ਚੱਲ ਰਹੇ ਬਾਬਾ ਸੋਹਣ ਸਿੰਘ ਭਕਨਾ ਰੂਰਲ ਹੈਲਥ ਸੈਂਟਰ ਅਤੇ ਅਟਾਰੀ ਸਥਿਤ ਮੁੱਢਲਾ ਸਿਹਤ ਕੇਂਦਰ ਨੂੰ ਆਮ ਆਦਮੀ ਪਾਰਟੀ ਸਰਕਾਰ ਬਿਨਾਂ ਕਿਸੇ ਕਾਰਨ ਮੁਹੱਲਾ ਕਲੀਨਿਕ ਵਿੱਚ ਬਦਲਣ ਦੇ ਖਿਲਾਫ਼ ਅਟਾਰੀ ਹਸਪਤਾਲ ਵਿੱਚ ਸੈਂਕੜੇ ਕਾਰਕੁਨਾਂ ਨੇ ਇਸਦਾ ਸਖਤ ਵਿਰੋਧ ਕੀਤਾ। ਇਸ ਮੌਕੇ ਜਥੇਬੰਦੀਆਂ ਦੇ ਕਰਕੁੰਨਾਂ ਨੇ 'ਸਰਕਾਰੀ ਹਸਪਤਾਲ ਵੇਚਣੇ ਬੰਦ ਕਰੋ', 'ਮੁਹੱਲਾ ਕਲੀਨਿਕਾਂ ਦੀ ਥਾਂ ਅਟਾਰ

4-July-PAGE-12.qxd 7/3/2023 10:42 PM Page 1

ਐੱਲ ਪੀ ਯੂ ਦੇ 15 ਵਿਦਿਆਰਥੀ ਚੀਨ ਦੀਆਂ ਵਰਲਡ 'ਵਰਸਿਟੀ ਖੇਡਾਂ 'ਚ ਭਾਰਤ ਦੀ ਨੁਮਾਇੰਦਗੀ ਕਰਨਗੇ

ਜਲੰਧਰ (ਸ਼ੈਲੀ ਐਲਬਰਟ) ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਦੇ ਵੱਖ-ਵੱਖ ਪ੍ਰੋਫੈਸ਼ਨਲ ਪ੍ਰੋਗਰਾਮਾਂ ਦੇ 15 ਵਿਦਿਆਰਥੀਆਂ ਨੂੰ ਚੀਨ ਦੇ ਚੇਂਗਦੂ ਵਿੱਚ ਹੋਣ ਵਾਲੀਆਂ ਵਿਸ਼ਵ ਯੂਨੀਵਰਸਿਟੀ ਖੇਡਾਂ-2023 ਵਿੱਚ ਭਾਗ ਲੈਣ ਲਈ ਚੁਣਿਆ ਗਿਆ ਹੈ। ਭਾਰਤ ਦੀ ਨੁਮਾਇੰਦਗੀ ਕਰਦੇ ਹੋਏ, ਉਹ 28 ਜੁਲਾਈ ਤੋਂ 8 ਅਗਸਤ 2023 ਤੱਕ ਅੱਠ ਐਥਲੈਟਿਕ ਗਤੀਵਿਧੀਆਂ ਵਿੱਚ ਹਿੱਸਾ ਲੈਣਗੇ। ਵਰਤਮਾਨ ਵਿੱਚ, ਐਲਪੀਯੂ ਦੇ ਵਿਦਿਆਰਥੀ ਆਪਣੇ ਆਪ ਨੂੰ ਯੂਨੀਵਰਸਿਟੀ ਦੇ ਹੀ ਉਨ੍ਹਾਂ ਵਿਜੇਤਾ ਖਿਡਾਰੀਆਂ ਵਾਂਗ ਤਿਆਰ ਕਰ ਰਹੇ ਹਨ ਜਿਨ੍ਹਾਂ ਨੇ ਪਿਛਲੀਆਂ ਓਲੰਪਿਕ ਖੇਡਾਂ ਵਿੱਚ ਚੋਟੀ ਦੇ ਮੈਡਲ ਜਿੱਤੇ ਸਨ। ਚੀਨ ਦੇ ਰਾਸ਼ਟਰਪਤੀ ਸ਼ੀ ਜਿਨਪਿੰਗ ਤੋਂ 268 ਮੁਕਾਬਲਿਆਂ ਦੇ ਨਾਲ 18 ਖੇਡਾਂ ਦੀ ਡੋਂਗਹਾਨ ਲੇਕ ਸਪੋਰਟਸ ਸੈਂਟਰ ਤੇ ਆਕਰਸ਼ਕ ਸ਼ੁਰੂਆਤ ਦੀ ਉਮੀਦ ਹੈ। ਚੁਣੇ ਗਏ ਵਿਦਿਆਰਥੀ ਮਨਜੀਤ ਸਿੰਘ, ਹਿਮਾਂਸ਼ੀ ਅੰਤਿਲ (ਤਾਈਕਵਾਂਡੋ); ਨਿਰਭੈ ਸਿੰਘ (ਡਿਸਕਸ ਥ੍ਰੋ); ਮਾਨਸੀ ਨੇਗੀ (20 ਕਿਲੋਮੀਟਰ ਰੇਸ ਵਾਕ); ਅੰਕਿਤ ਸ਼ਰਮਾ, ਜੁਬਰਾਜ ਸਿੰਘ ਅਤੇ ਈਸ਼ਾ (ਫੈਂਸਿਨਗ), ਅੰਤਿਮ ਯਾਦਵ, ਉਨਤੀ ਸ਼ਰਮਾ, ਸ਼ਿਵਾ ਕੁਮਾਰ ਅਤੇ ਵਿਕਾਸ ਦਲਾਲ (ਜੂਡੋ); ਜਸਕਰਨ ਸਿੰਘ (ਵਾਲੀਬਾਲ); ਮ੍ਰਿਣਾਲ ਚੌਹਾਨ (ਤੀਰਅੰਦਾਜੀ); ਅਤੇ ਹਰਸ਼ਿਤਾ ਸੇਰਾਵਤ (ਹੈਮਰ ਥ੍ਰੋ) ਲਈ ਹਨ। ਵਰਤਮਾਨ ਵਿੱਚ ਇਹ ਸਾਰੇ ਦੇਸ਼ ਦੀ ਰਾਸ਼ਟਰੀ ਖੇਡ ਏਜੰਸੀ ਦੁਆਰਾ ਬਣਾਏ ਗਏ ਵੱਖ-ਵੱਖ ਸਿਖਲਾਈ ਕੇਂਦਰਾਂ ਵਿੱਚ ਹੁਨਰ ਜਿੱਤਣ ਲਈ ਅਭਿਆਸ ਕਰ ਰਹੇ ਹਨ, ਜਿਵੇਂ ਕਿ ਐਸੋਸੀਏਸਨ ਆਫ ਇੰਡੀਅਨ ਯੂਨੀਵਰਸਿਟੀਜ, ਨਵੀਂ ਦਿੱਲੀ ਦੁਆਰਾ ਨਿਸ਼ਚਿਤ ਕੀਤਾ ਗਿਆ ਹੈ। ਚੁਣੇ ਗਏ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ, ਐਲਪੀਯੂ ਦੇ ਚਾਂਸਲਰ ਡਾ: ਅਸ਼ੋਕ ਕੁਮਾਰ ਮਿੱਤਲ ਨੇ ਉਨ੍ਹਾਂ ਨੂੰ ਆਪਣੀ ਬੇਮਿਸਾਲ ਪ੍ਰਤਿਭਾ ਦਾ ਪ੍ਰਗਟਾਵਾ ਕਰਕੇ ਦੇਸ਼, ਉਨ੍ਹਾਂ ਦੇ ਸਬੰਧਤ ਰਾਜਾਂ ਅਤੇ ਯੂਨੀਵਰਸਿਟੀ ਦਾ ਨਾਂਅ ਰੋਸ਼ਨ ਕਰਨ ਲਈ ਸੱਦਾ ਦਿੱਤਾ।

ਬਾਬਾ ਰੋਸ਼ਨੀ ਪੀਰ ਦਰਬਾਰ ਦਾ ਦੋ ਰੋਜ਼ਾ ਸੂਫੀਆਨਾ ਸਾਲਾਨਾ ਜੋੜ ਮੇਲਾ ਸਮਾਪਤ

ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ)- ਬਾਬਾ ਰੋਸ਼ਨੀ ਪੀਰ ਦਰਬਾਰ ਟਾਂਡਾ ਵਿਖੇ ਸਾਲਾਨਾ ਦੋ ਰੋਜਾ ਸੂਫੀਆਨਾ ਜੋੜ ਮੇਲਾ ਵਿਸ਼ਵ ਭਲਾਈ ਦੀਆਂ ਅਸੀਸਾਂ ਨਾਲ ਸਮਾਪਤ ਹੋਇਆ। ਮੁੱਖ ਸੇਵਾਦਾਰ ਬਾਬਾ ਭਜਨ ਸ਼ਾਹ, ਵਿਨੋਦ ਕੁਮਾਰ, ਰਣਜੀਤ ਸਿੰਘ ਸਿੱਧੂ, ਬਲਦੇਵ ਸਿੰਘ, ਸੋਨੂੰ ਖੁੱਲਰ ਅਤੇ ਸਤਨਾਮ ਸਿੰਘ ਅਤੇ ਹੋਰ ਸੇਵਾਦਾਰਾਂ ਦੀ ਹਾਜਰੀ ਵਿੱਚ ਚਾਦਰ ਚੜ੍ਹਾਉਣ ਦੀ ਰਸਮ ਅਦਾ ਕੀਤੀ ਗਈ। ਸੂਫੀ ਗਾਇਕ ਰਾਜੂ ਸ਼ਾਹ ਮਸਤਾਨਾ ਤੇ ਹੋਰ ਕਲਾਕਾਰਾਂ ਨੇ ਦੁਪਹਿਰ ਤੋਂ ਸ਼ਾਮ ਤੱਕ ਸੂਫੀਆਨਾ ਕਲਾਮਾਂ ਨਾਲ ਪੀਰਾਂ ਦਾ ਗੁਣਗਾਨ ਕੀਤਾ ਅਤੇ ਮੁੱਖ ਮਹਿਮਾਨ ਵਿਧਾਇਕ ਜਸਵੀਰ ਸਿੰਘ ਰਾਜਾ, ਡਾ: ਕੇਵਲ ਸਿੰਘ ਕਾਜਲ, ਜਤਿੰਦਰਪਾਲ ਸਿੰਘ ਨੇ ਸੰਗਤਾਂ ਨੂੰ ਮੇਲੇ ਲਈ ਸ਼ੁੱਭਕਾਮਨਾਵਾਂ ਦਿੱਤੀਆਂ ਅਤੇ ਗੁਰੂਆਂ, ਪੀਰਾਂ ਦੇ ਦਿਖਾਏ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਪ੍ਰਬੰਧਕਾਂ ਨੇ ਮੁੱਖ ਮਹਿਮਾਨਾਂ ਅਤੇ ਕਲਾਕਾਰਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਸੁਖਜੀਤ ਝਾਂਸ , ਜਸਵਿੰਦਰ ਕਾਕਾ ਦਸ਼ਮੇਸ਼ ਨਗਰ, ਕੇਸ਼ਵ ਸੈਣੀ, ਗੋਲਡੀ ਵਰਮਾ, ਬਬਲਾ ਸੈਣੀ, ਅਨੁਰਾਗ ਪੰਡਿਤ ,ਦੇਸ ਰਾਜ, ਰਾਜੇਸ਼, ਹਰਪ੍ਰੀਤ ਸਿੰਘ, ਰਾਜ ਕੁਮਾਰ, ਸਤਨਾਮ ਸਿੰਘ, ਨਰਿੰਦਰ, ਯੁਵੀ, ਹਰਪ੍ਰੀਤ ਸੈਣੀ, ਹਿਮਾਂਸ਼ੂ, ਚਰਨਜੀਤ ਸਿੰਘ, ਡਾ. ਰਿਸ਼ਭ ,ਵਿੱਕੀ, ਸੌਢੀ ਸਾਈਂ, ਬਿਮਲ ਰਾਮਗੜ੍ਹੀਆ, ਹਰਜੋਤ ਸਿੰਘ, ਅਰਜੁਨ ਜੈਨ ਅਤੇ ਸਮੂਹ ਸੰਗਤ ਆਦਿ ਮੌਜੂਦ ਸਨ।

ਲਾਇਲਪੁਰ ਖ਼ਾਲਸਾ ਕਾਲਜ ਵਿਖੇ ਭੰਗੜਾ ਕੈਂਪ ਦੀ ਸ਼ੁਰੂਆਤ 6 ਤੋਂ

ਜਲੰਧਰ (ਸ਼ੈਲੀ ਐਲਬਰਟ)- ਲਾਇਲਪੁਰ ਖ਼ਾਲਸਾ ਕਾਲਜ ਭੰਗੜੇ ਦੀ ਵਿਰਾਸਤ ਨੂੰ ਅੱਗੇ ਵਧਾਉਣ ਅਤੇ ਫੈਲਾਉਣ ਲਈ ਜਾਣਿਆ ਜਾਂਦਾ ਹੈ। ਭੰਗੜੇ ਦਾ ਇਹ ਮੱਕਾ 6 ਜੁਲਾਈ ਤੋਂ 15 ਜੁਲਾਈ 2023 ਤੱਕ ਪੰਜਾਬੀ ਲੋਕ ਨਾਚ ਭੰਗੜਾ ਕੈਂਪ 2023 ਦਾ ਆਯੋਜਨ ਕਰ ਰਿਹਾ ਹੈ।। ਪ੍ਰਿੰਸੀਪਲ ਪ੍ਰੋ. ਜਸਗੀਨ ਕੌਰ ਅਤੇ ਰਜਿਸਟਰਾਰ ਪ੍ਰੋ. ਨਵਦੀਪ ਕੌਰ ਦੀ ਅਗਵਾਈ ਹੇਠ ਕੈਂਪ ਦੀ ਵਿਉਂਤਬੰਦੀ ਅਤੇ ਅਮਲ ਸਬੰਧੀ ਮੀਟਿੰਗ ਕੀਤੀ ਗਈ।। ਜਿਸ ਵਿਚ ਕਿਹਾ ਕਿ ਭੰਗੜਾ ਨਾ ਸਿਰਫ ਮਨੋਰੰਜਨ ਕਰਦਾ ਹੈ ਸਗੋਂ ਸਰੀਰ ਨੂੰ ਫਿੱਟ ਵੀ ਰੱਖਦਾ ਹੈ। ਇਸ ਨਾਚ ਰੂਪ ਨੂੰ ਅੰਤਰਰਾਸ਼ਟਰੀ ਮਾਨਤਾ ਵੀ ਪ੍ਰਾਪਤ ਹੈ।। ਇਸ ਮੌਕੇ ਪ੍ਰਿੰਸੀਪਲ ਪ੍ਰੋ. ਜਸਗੀਨ ਕੌਰ ਅਤੇ ਪ੍ਰੋ. ਨਵਦੀਪ ਕੌਰ ਨੇ ਦੱਸਿਆ ਕਿ ਇਹ ਕੈਂਪ ਹਰ ਉਮਰ ਵਰਗ ਲਈ ਹੈ ਅਤੇ ਇਸ ਦੀ ਕੋਈ ਵੀ ਰਜਿਸਟ੍ਰੇਸ਼ਨ ਫੀਸ ਨਹੀਂ ਹੈ॥ ਡੀਨ ਸੱਭਿਆਚਾਰਕ ਮਾਮਲੇ ਡਾ. ਪਲਵਿੰਦਰ ਸਿੰਘ ਬੋਲੀਨਾ ਨੇ ਦੱਸਿਆ ਕਿ ਇਹ ਕੈਂਪ ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਦੀ ਟੀਮ ਵੱਲੋਂ ਕਾਲਜ ਕੈਂਪਸ ਵਿੱਚ ਹਰ ਸਾਲ ਲਗਾਇਆ ਜਾਂਦਾ ਹੈ। ਇਸ ਕੈਂਪ ਦਾ ਮੁੱਖ ਉਦੇਸ਼ ਪੰਜਾਬੀਆਂ ਨੂੰ ਪੰਜਾਬ ਦੀ ਵਿਰਾਸਤ ਨਾਲ ਜੋੜਦੇ ਹੋਏ ਭੰਗੜਾ ਸਿਖਾਉਣਾ ਹੈ। ਹਰ ਸਾਲ ਹਰ ਉਮਰ ਦੇ ਔਰਤ ਮਰਦ ਭਾਗੀਦਾਰ ਪੂਰੇ ਉਤਸ਼ਾਹ ਨਾਲ ਇਸ ਕੈਂਪ ਵਿੱਚ ਸ਼ਾਮਿਲ ਹੁੰਦੇ ਹਨ। ਡਾ. ਬੋਲੀਨਾ ਨੇ ਦੱਸਿਆ ਕਿ ਆਨਲਾਇਲ ਰਜਿਸਟ੍ਰੇਸ਼ਨ ਚੱਲ ਰਹੀ ਹੈ ਅਤੇ 300 ਦੇ ਕਰੀਬ ਪ੍ਰਤੀਭਾਗੀ ਆਪਣਾ ਨਾਂਅ ਦਰਜ ਕਰਵਾ ਚੁੱਕੇ ਹਨ ਜਦਕਿ ਆਫਲਾਇਨ ਰਜਿਸਟ੍ਰੇਸ਼ਨ 04 ਅਤੇ 05 ਜੁਲਾਈ 2023 ਨੂੰ ਸ਼ਾਮ 5.00 ਵਜੇ ਕਾਲਜ ਦੇ ਓਪਨ ਏਅਰ ਥੀਏਟਰ ਵਿਖੇ ਕੀਤੀ ਜਾਵੇਗੀ। ਪ੍ਰਿੰਸੀਪਲ ਪ੍ਰੋ. ਜਸਗੀਨ ਕੌਰ, ਰਜਿਸਟਰਾਰ ਪ੍ਰੋ. ਨਵਦੀਪ ਕੌਰ, ਮੁਖੀ ਗਣਿਤ ਵਿਭਾਗ ਡਾ. ਹਰਜੀਤ ਸਿੰਘ ਅਤੇ ਪ੍ਰਬੰਧਕੀ ਕਮੇਟੀ ਵਲੋਂ ਭੰਗੜਾ ਕੈਂਪ ਦਾ ਪੋਸਟਰ ਵੀ ਰਿਲੀਜ਼ ਕੀਤਾ ਗਿਆ।। ਇਸ ਸਮਾਗਮ ਦੌਰਾਨ ਪ੍ਰਬਧਕੀ ਟੀਮ ਦੇ ਮੈਂਬਰ ਪ੍ਰੋ. ਸੱਤਪਾਲ ਸਿੰਘ, ਪ੍ਰੋ. ਮਨਦੀਪ ਸਿੰਘ, ਪ੍ਰੋ. ਉਂਕਾਰ, ਪ੍ਰੋ. ਕੁਲਦੀਪ ਸੋਢੀ, ਪ੍ਰੋ. ਪ੍ਰਿਯਾਂਕ ਸ਼ਾਰਦਾ, ਪ੍ਰੋ. ਰਵਨੀਤ ਕੌਰ, ਪ੍ਰੋ. ਸੋਨੂੰ ਗੁਪਤਾ, ਪ੍ਰੋ. ਪੂਜਾ ਸੋਨਿਕ, ਪ੍ਰੋ. ਪ੍ਰਿਯਕਾ ਸ਼ਰਮਾ, ਪ੍ਰੋ. ਕੀਰਤਪ੍ਰੀਤ ਕੌਰ, ਪ੍ਰੋ. ਨੀਤਿਕਾ, ਪ੍ਰੋ. ਮਨਪ੍ਰੀਤ ਕੌਰ, ਜਤਿੰਦਰ ਲੰਬੜ, ਚਰਨਜੀਤ ਚੰਨੀ, ਜੈਸਨਪ੍ਰੀਤ, ਸੁਖਜੀਤ ਆਦਿ ਹਾਜ਼ਰ ਸਨ।

'ਭੋਗਪੁਰ ਹੈੱਡਲਾਈਨ ਨਿਊਜ਼ ਪੇਪਰ' ਤੇ ਵੈੱਬ ਚੈਨਲ ਦੇ ਦਫਤਰ ਦਾ ਉਦਘਾਟਨ

ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)- ਭੋਗਪੁਰ ਵਿਖੇ ਜੀਤ ਲਾਲ ਭੱਟੀ ਹਲਕਾ ਇੰਚਾਰਜ ਆਦਮਪੁਰ ਵੱਲੋਂ 'ਭੋਗਪੁਰ ਹੈਡਲਾਈਨ ਨਿਊਜ਼ ਪੇਪਰ' ਅਤੇ ਵੈੱਬ ਚੈਨਲ ਦੇ ਦਫਤਰ ਦਾ ਉਦਘਾਟਨ ਮਿੱਲ ਰੋਡ ਭੋਗਪੁਰ ਵਿਖੇ ਕੀਤਾ ਗਿਆ। ਇਸ ਮੌਕੇ ਜੀਤ ਲਾਲ ਭੱਟੀ ਨੇ ਸੰਜੀਵ ਅਗਰਵਾਲ ਮੁੱਖ ਸੰਪਾਦਕ ਭੋਗਪੁਰ ਹੈਡਲਾਈਨ ਅਤੇ ਪੱਤਰਕਾਰ ਗੁਰਪ੍ਰੀਤ ਸਿੰਘ ਭੋਗਲ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਪਹਿਲਾਂ ਵਾਂਗ ਭੋਗਪੁਰ ਹੈੱਡ ਲਾਈਨ ਅਖਬਾਰ ਤੇ ਵੈੱਬ ਚੈਨਲ ਦੇ ਜਰੀਏ ਭੋਗਪੁਰ ਦੇ ਲੋਕਾਂ ਦੀਆਂ ਸਮੱਸਿਆਵਾਂ ਸਰਕਾਰ ਤੱਕ ਪਹੁੰਚਾਉਣ ਦੀ ਕੋਸ਼ਿਸ਼ ਕਰਨਗੇ। ਇਸ ਮੌਕੇ ਅਮਰੀਕ ਸਿੰਘ ਸੈਣੀ ਵਕੀਲ ਬਹਿਰਾਮ ਨੇ ਵੀ ਸੰਜੀਵ ਅਗਰਵਾਲ ਤੇ ਗੁਰਪ੍ਰੀਤ ਸਿੰਘ ਭੋਗਲ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਭੋਗਪੁਰ ਹੈੱਡ ਲਾਈਨ ਅਖਬਾਰ ਕਾਫੀ ਸਮੇਂ ਤੋਂ ਚਲਦੀ ਆ ਰਹੀ ਹੈ ਮਿੱਲ ਰੋਡ ਭੋਗਪੁਰ ਤੇ ਆਫਿਸ ਖੋਲ ਕੇ ਬਹੁਤ ਵਧੀਆ ਉਪਰਾਲਾ ਕੀਤਾ ਹੈ। ਲੋਕ ਜਲਦੀ ਤੇ ਸੁਖਾਲੇ ਦਫਤਰ ਪਹੁੰਚ ਸਕਣਗੇ ਅਤੇ ਆਪਣੀਆਂ ਸਮੱਸਿਆਵਾਂ ਸਰਕਾਰ ਤੱਕ ਪਹੁਚਾਉਣ ਦਾ ਯਤਨ ਕਰਨਗੇ। ਇਸ ਮੌਕੇ ਰਮੇਸ਼ ਚੰਦਰ ਜ਼ਿਲ੍ਹਾ ਜੁਆਈਟ ਸਕੱਤਰ ਟ੍ਰੇਡ ਵਿੰਗ, ਪਵਨ ਅਰੋੜਾ ਸਹਿਰੀ ਪ੍ਰਧਾਨ ਵਪਾਰ ਮੰਡਲ, ਐਡਵੋਕੇਟ ਅਮਰੀਕ ਸਿੰਘ ਸੈਣੀ, ਸੂਬੇਦਾਰ ਹੰਸ ਰਾਜ, ਸੁਖਦੇਵ ਲਾਲ ,ਗੁਰਦੀਪ ਦੀਪੂ, ਡਾਕਟਰ ਕਮਲ, ਬਲਕਾਰ ਸਿੰਘ ਡੱਲੀ,ਸਤਨਾਮ ਸਿੰਘ ਮੌਜੂਦ ਸਨ। ਪੱਤਰਕਾਰਾਂ ਵਿੱਚ ਰਾਜੇਸ਼ ਖੋਸਲਾ, ਮਨਜਿੰਦਰ ਸਿੰਘ, ਸੰਤੋਸ਼ ਕੁਮਾਰ, ਮਨਜੀਤ ਕੁਮਾਰ, ਸੁਖਵਿੰਦਰ ਜੰਡੀਰ, ਪਰਮਵੀਰ ਸੈਣੀ, ਸੁਖਵੀਰ ਸਿੰਘ, ਸੰਦੀਪ ਸਿੰਘ ਵਾਲੀਆ (ਮੁੱਖ ਸੰਪਾਦਕ ਯੂਨੀਵਰਸਲ ਫੋਕਸ), ਨਵਜੀਤ ਸਿੰਘ ,(ਪ੍ਰਾਈਮ ਏਸ਼ੀਆ), ਹਰਜੋਤ ਸਿੰਘ, ਹਰਦੀਪ ਸਿੰਘ ਭੋਗਲ, ਸਿਮਰਨਜੋਤ ਸਿੰਘ ਭੋਗਲ, ਜਸਕਰਨ ਸਿੰਘ ਭੋਗਲ, ਰਵਨੀਤ ਸਿੰਘ ਭੋਗਲ, ਇੰਦਰਜੀਤ ਸਿੰਘ ਭੋਗਲ, ਕੁਲਵਿੰਦਰ ਸਿੰਘ ਭੋਗਲ ਆਦਿ ਹਾਜਰ ਸਨ।

ਹਰ ਵਿਅਕਤੀ ਦੀ ਸਮੱਸਿਆ ਹੱਲ ਕਰਨੀ ਸਾਡੀ ਜ਼ੁੰਮੇਵਾਰੀ : ਰਾਜਾ

ਟਾਂਡਾ ਉੜਮੁੜ (ਉਂਕਾਰ ਸਿੰਘ ਜਸਵਿੰਦਰ) ਪੰਜਾਬ ਦੇ ਲੋਕਾਂ ਨੇ ਆਮ ਆਦਮੀ ਪਾਰਟੀ ਵਿੱਚ ਪੂਰਨ ਭਰੋਸਾ ਪ੍ਰਗਟ ਕਰਕੇ ਭਗਵੰਤ ਮਾਨ ਦੀ ਸਰਕਾਰ ਨੂੰ ਹੋਂਦ ਵਿੱਚ ਲਿਆਂਦਾ ਹੈ ਅਤੇ ਉਨ੍ਹਾਂ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਦੇ ਹਰ ਵਿਅਕਤੀ ਦੀ ਸਮੱਸਿਆ ਸੁਣਨਾ ਸਾਡੀ ਜ਼ਿੰਮੇਵਾਰੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਇੱਥੇ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਸਥਾਨਕ ਪੱਤਰਕਾਰਾਂ ਨਾਲ ਕੀਤਾ। ਇੱਥੇ ਵੱਖ ਵੱਖ ਪਿੰਡਾਂ ਦੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਕਈਆਂ ਦਾ ਅਧਿਕਾਰੀਆਂ ਨਾਲ ਗੱਲ ਕਰਕੇ ਮੌਕੇ 'ਤੇ ਹੀ ਨਿਪਟਾਰਾ ਕੀਤਾ। ਵਿਧਾਇਕ ਰਾਜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਆਦੇਸ਼ਾਂ 'ਤੇ ਸੂਬੇ ਦੇ ਵੱਖ ਵੱਖ ਪਿੰਡਾਂ ਵਿੱਚ ਲੋਕਾਂ ਦੀਆਂ ਮੁਸ਼ਕਲਾਂ ਦਾ ਹੱਲ ਕਰਨ ਲਈ ਸ਼ਿਕਾਇਤ ਨਿਵਾਰਨ ਕੈਂਪ ਲਗਾਏ ਜਾ ਰਹੇ ਹਨ ਜਿਥੇ ਆਲੇ-ਦੁਆਲੇ ਦੇ ਪਿੰਡਾਂ ਦੇ ਲੋਕਾਂ ਦੀਆਂ ਮੁਸਕਲਾਂ ਸੁਣ ਕੇ ਉਨ੍ਹਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਜਾਂਦਾ ਹੈ ਉਨ੍ਹਾਂ ਹੋਰ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਚੋਣਾਂ ਦੌਰਾਨ ਜੋ ਵਾਅਦੇ ਪੰਜਾਬ ਦੇ ਲੋਕਾਂ ਨਾਲ ਕੀਤੇ ਸੀ ਉਹ ਇੱਕ-ਇੱਕ ਕਰਕੇ ਪੂਰਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਉਹ ਹਮੇਸ਼ਾ ਹੀ ਹਲਕੇ ਦੇ ਵਿਕਾਸ ਕਾਰਜਾਂ ਲਈ ਵਚਨਬੱਧ ਹਨ ਅਗਰ ਕਿਸੇ ਵੀ ਪਿੰਡ ਨੂੰ ਕੋਈ ਮੁਸ਼ਕਲ ਪੇਸ਼ ਆਉਂਦੀ ਹੈ ਤਾਂ ਉਹ ਉਨ੍ਹਾਂ ਨਾਲ ਸਿੱਧਾ ਸੰਪਰਕ ਕਰ ਸਕਦੇ ਹਨ ਇਸ ਮੌਕੇ ਉਨ੍ਹਾਂ ਨਾਲ ਆਪ ਆਗੂ ਕੇਸਵ ਸਿੰਘ ਸੈਣੀ, ਸੁਖਵਿੰਦਰ ਸਿੰਘ ਅਰੋੜਾ, ਅਤਵਾਰ ਸਿੰਘ ਪਲਾਚੱਕ,ਸੁਰਿੰਦਰ ਸਿੰਘ ਬਿੱਲੂ,ਮਨੀਪਾਲ ਸਿੰਘ ,ਬਲਜੀਤ ਸਿੰਘ ਸੈਣੀ ,ਸੇਵਾ ਸਿੰਘ , ਸੁਰਿੰਦਰ ਸਿੰਘ ਭਾਟੀਆ, ਪ੍ਰੇਮ ਬਡਵਾਲ, ਵਿੱਕੀ ਮਹਿੰਦਰੂ, ਮੁਨੀਸ਼ ਕੁਮਾਰ ਆਦ ਮੌਜੂਦ ਸਨ।

50 ਗ੍ਰਾਮ ਹੈਰੋਇਨ ਸਮੇਤ ਕਾਬੂ

ਮਾਹਿਲਪੁਰ (ਸਫਰੀ) - ਐਸ ਆਈ ਬਲਜਿੰਦਰ ਸਿੰਘ ਮੱਲ੍ਹੀ ਮੁੱਖ ਅਫਸਰ ਥਾਣਾ ਮਾਹਿਲਪੁਰ ਦੇਖ-ਰੇਖ ਹੇਠ ਪੁਲਸ ਚੌਂਕੀ ਕੋਟ ਫਤੂਹੀ ਦੇ ਇੰਚਾਰਜ ਦੇ ਇੰਚਾਰਜ ਅਨਿਲ ਕੁਮਾਰ ਸਮੇਤ ਸਾਥੀ ਕਰਮਚਾਰੀਆਂ ਨੇ ਸੁਰਜੀਤ ਸਿੰਘ ਉਰਫ ਜੀਤਾ ਪੁਤਰ ਮਹਿੰਦਰ ਸਿੰਘ ਵਾਸੀ ਬਹਿਬਲ ਪੁਰ ਥਾਣਾ ਮਾਹਿਲਪੁਰ ਜ਼ਿਲ੍ਹਾ ਹੁਸ਼ਿਆਰਪੁਰ ਦੇ ਘਰ ਰੇਡ ਕਰਕੇ ਉਸ ਪਾਸੋਂ 50 ਗ੍ਰਾਮ ਹੈਰੋਇਨ ਬਰਾਮਦ ਕਰਕੇ ਉਸ ਖਿਲਾਫ ਮੁਕੱਦਮਾ ਨੰਬਰ 143 ਮਿਤੀ 02-07-2023 ਅ/ਧ ਐਨ ਡੀ ਪੀ ਐੱਸ ਐਕਟ ਤਹਿਤ ਮੁਕੱਦਮਾ ਦਰਜ ਕਰ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਬਾਬਾ ਢੇਰੀ ਸ਼ਾਹ ਦੀ ਯਾਦ 'ਚ ਸਾਲਾਨਾ ਮੇਲਾ 6 ਨੂੰ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ) ਪਿੰਡ ਫੁਗਲਾਣਾ ਵਿਖੇ ਦਰਬਾਰ ਬਾਬਾ ਭੂਰੀ ਸ਼ਾਹ ਜੀ ਦੀ ਮਜਾਰ 'ਤੇ ਉਨ੍ਹਾਂ ਦੀ ਯਾਦ ਵਿੱਚ ਸਾਲਾਨਾ ਜੋੜ ਮੇਲਾ 05-06 ਜੁਲਾਈ ਨੂੰ ਡੇਰੇ ਦੇ ਮੁੱਖ ਸੇਵਾਦਾਰ ਬਾਬਾ ਗੋਨੀ ਸ਼ਾਹ ਜੀ ਦੀ ਅਗਵਾਈ ਹੇਠ ਕਰਵਾਇਆ ਜਾ ਰਿਹਾ ਹੈ। ਸੇਵਾਦਾਰ ਅਵਤਾਰ ਸਿੰਘ ਮਿੱਠੂ, ਅਸਵਨੀ ਬਾਂਸਲ ਨੇ ਦੱਸਿਆ ਕਿ 05 ਜੁਲਾਈ ਨੂੰ ਚਿਰਾਗ, ਚਾਦਰ ਅਤੇ ਝੰਡੇ ਦੀ ਰਸਮ ਸੰਗਤਾਂ ਵੱਲੋਂ ਅਦਾ ਕੀਤੀ ਜਾਵੇਗੀ। 06 ਜੁਲਾਈ ਨੂੰ ਪੰਜਾਬ ਦੇ ਨਾਮਵਰ ਕਲਾਕਾਰ, ਨਕਾਲ ਅਤੇ ਕਵਾਲ ਪੀਰਾਂ ਦੀ ਮਹਿਫਲ ਸਜਾਉਣੇ। ਇਸ ਮੌਕੇ ਅਵਤਾਰ ਸਿੰਘ ਮਿੱਠੂ, ਅਸ਼ਵਨੀ ਬਾਂਸਲ, ਬੱਧੂ ਰਾਮ, ਨਿਕਲ ਕੁਮਾਰ, ਹਰਮਨ ਸਿੰਘ, ਨਿਹਾਲ ਬਾਂਸਲ, ਅਜੈ ਕੁਮਾਰ, ਹਰਪ੍ਰੀਤ ਸਿੰਘ, ਲਖਵਿੰਦਰ ਸਿੰਘ, ਬਲਰਾਜ, ਕੁਲਵੰਤ ਸਿੰਘ, ਲਖਵਿੰਦਰ ਸਿੰਘ ਫੁਗਲਾਣਾ, ਸਾਹਿਲ ਧੀਰ, ਅਸ਼ਵਨੀ ਕੁਮਾਰ ਆਦਿ ਹਾਜਰ ਸਨ।

ਖ਼ੂਨਦਾਨ ਕੈਂਪ 15 ਨੂੰ

ਆਦਮਪੁਰ (ਪਰਮਜੀਤ ਸਿੰਘ)-ਸੇਵਾਦਾਰ ਭਾਈ ਸੁਖਜੀਤ ਸਿੰਘ ਮਿਨਹਾਸ ਨੇ ਦੱਸਿਆ ਕਿ 15 ਜੁਲਾਈ ਨੂੰ ਧੰਨ ਧੰਨ ਸ਼ਹੀਦ ਬਾਬਾ ਮੱਤੀਂ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਮੁੱਖ ਰੱਖਦਿਆਂ ਸੇਵਾ ਸੁਸਾਇਟੀ ਡਰੋਲੀ ਕਲਾਂ ਵੱਲੋਂ 25ਵਾਂ ਸਵੈਇੱਛੁਕ ਖ਼ੂਨਦਾਨ ਕੈਂਪ ਸਤਨਾਮ ਬਲੱਡ ਸੈਂਟਰ ਹ